ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 27 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੬ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ 14 ਮਾਰਚ ਨੂੰ ਕਰਨਗੇ ਪੰਜਾਬ ਦਾ ਦੌਰਾ



**ਨਵੀਂ ਦਿੱਲੀ, 26 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਭਾਰਤੀ ਜਨਤਾ ਪਾਰਟੀ (ਭਾਜਪਾ) ਪੰਜਾਬ 14 ਮਾਰਚ ਨੂੰ ਮੋਗਾ ਵਿੱਚ "ਬਦਲਾਵ ਰੈਲੀ" ਦਾ ਆਯੋਜਨ ਕਰੇਗੀ, ਜਿਸ ਨੂੰ ਸੀਨੀਅਰ ਭਾਜਪਾ ਨੇਤਾ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਸੰਬੋਧਨ ਕਰਨਗੇ। ਇਹ ਐਲਾਨ ਪੰਜਾਬ ਭਾਜਪਾ ਦੇ ਕਾਰਜਕਾਰੀ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕੀਤਾ। ਸ਼ਰਮਾ ਨੇ ਕਿਹਾ ਕਿ ਪੰਜਾਬ ਦਾ ਹਰ ਵਰਗ ਮੌਜੂਦਾ ਸਰਕਾਰ ਤੋਂ ਦੁਖੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ 16 ਮਾਰਚ, 2026 ਨੂੰ ਚਾਰ ਸਾਲ ਪੂਰੇ ਕਰੇਗੀ। ਇਨ੍ਹਾਂ ਚਾਰ ਸਾਲਾਂ ਵਿੱਚ, 'ਆਪ' ਸਰਕਾਰ ਆਪਣੇ ਚੋਣ ਵਾਅਦਿਆਂ ਨੂੰ ਪੂਰਾ ਕਰਨ ਅਤੇ ਪੰਜਾਬ ਵਿੱਚ ਕਾਨੂੰਨ ਦਾ ਰਾਜ ਵੀ ਯਕੀਨੀ ਬਣਾਉਣ ਵਿੱਚ ਅਸਫਲ ਰਹੀ ਹੈ। ਸਰਕਾਰ ਨੇ ਯੂ-ਟਰਨ ਲੈ ਲਿਆ ਹੈ, ਸੱਤਾ ਵਿੱਚ ਆਉਣ ਤੋਂ ਪਹਿਲਾਂ ਕੀਤੇ ਆਪਣੇ ਵਾਅਦੇ ਤੋਂ ਮੁੱਕਰ ਗਈ ਹੈ।" ਸ਼ਰਮਾ ਨੇ ਇਲਜ਼ਾਮ ਲਗਾਇਆ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਢਹਿ-ਢੇਰੀ ਹੈ, ਅਤੇ ਭ੍ਰਿਸ਼ਟਾਚਾਰ ਫੈਲਿਆ ਹੋਇਆ ਹੈ, ਨਾਲ ਹੀ ਨਸ਼ਾ ਅਤੇ ਮਾਈਨਿੰਗ ਮਾਫੀਆ ਵੀ ਹੈ। ਸਿਹਤ ਅਤੇ ਸਿੱਖਿਆ ਪ੍ਰਣਾਲੀ ਢਹਿ-ਢੇਰੀ ਹੈ, ਅਤੇ ਕਰਮਚਾਰੀਆਂ ਨੂੰ ਸਮੇਂ ਸਿਰ ਤਨਖਾਹਾਂ ਅਤੇ ਪੈਨਸ਼ਨਾਂ ਨਹੀਂ ਮਿਲ ਰਹੀਆਂ।

## ਸ਼੍ਰੋਮਣੀ ਕਮੇਟੀ ਦਾ ਵੱਡਾ ਫੈਸਲਾ

# ਗਿਆਨੀ ਰਘਬੀਰ ਸਿੰਘ ਦੀਆਂ ਸੇਵਾਵਾਂ ਰੱਦ

**ਅੰਮ੍ਰਿਤਸਰ, 26 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅੱਜ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵੱਡਾ ਫ਼ੈਸਲਾ ਲੈਂਦਿਆਂ ਗਿਆਨੀ ਰਘਬੀਰ ਸਿੰਘ ਖ਼ਿਲਾਫ਼ ਕਾਰਵਾਈ ਕੀਤੀ ਹੈ।



ਅੰਤ੍ਰਿੰਗ ਕਮੇਟੀ ਨੇ ਫ਼ੈਸਲਾ ਕੀਤਾ ਕਿ ਗਿਆਨੀ ਰਘਬੀਰ ਸਿੰਘ ਦੀਆਂ ਸੇਵਾਵਾਂ ਖ਼ਤਮ ਕੀਤੀਆਂ ਜਾਣ। ਨਾਲ ਹੀ ਉਨ੍ਹਾਂ ਨੂੰ ਹੈਡ ਗ੍ਰੰਥੀ ਦੇ ਅਹੁਦੇ ਤੋਂ ਵੀ ਹਟਾ ਦਿੱਤਾ ਗਿਆ ਹੈ। ਇਹ ਫ਼ੈਸਲਾ ਕਮੇਟੀ ਦੀ ਮੀਟਿੰਗ ਦੌਰਾਨ ਲਿਆ ਗਿਆ, ਜਿਸ ਦੀ ਅਗਵਾਈ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕੀਤੀ। ਕਮੇਟੀ ਦੇ ਫ਼ੈਸਲੇ ਮੁਤਾਬਕ ਇਹ ਵੱਡੀ ਕਾਰਵਾਈ ਗਿਆਨੀ ਰਘਬੀਰ ਸਿੰਘ ਵੱਲੋਂ ਨਿਯਮਾਂ ਦੀ ਅਣਦੇਖੀ ਕਰਨ ਅਤੇ ਸੰਸਥਾ ਦੀ ਬਦਨਾਮੀ ਕਰਨ ਦੇ ਚੱਲਦਿਆਂ ਕੀਤੀ ਗਈ ਹੈ। ਇਸ ਸਬੰਧੀ ਉਨ੍ਹਾਂ ਨੂੰ 72 ਘੰਟਿਆਂ ਦੇ ਅੰਦਰ ਆਪਣਾ ਸਪਸ਼ਟੀਕਰਨ ਅਤੇ ਸਬੂਤ ਪੇਸ਼ ਕਰਨ ਲਈ ਕਿਹਾ ਗਿਆ ਸੀ, ਪਰ ਨਿਰਧਾਰਤ ਸਮੇਂ ਵਿੱਚ ਕੋਈ ਢੁੱਕਵਾਂ ਸਬੂਤ ਪੇਸ਼ ਨਹੀਂ ਕੀਤਾ ਗਿਆ। ਪ੍ਰਧਾਨ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਮਰਯਾਦਾ ਅਤੇ ਅਨੁਸ਼ਾਸਨ ਨਾਲ ਕੋਈ ਸਮਝੌਤਾ ਨਹੀਂ ਕਰ ਸਕਦੀ ਅਤੇ ਭਵਿੱਖ ਵਿੱਚ ਵੀ ਸੰਸਥਾ ਦੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕੜੀ ਕਾਰਵਾਈ ਜਾਰੀ ਰਹੇਗੀ। ਐਸਜੀਪੀਸੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਗਿਆਨੀ ਰਘਬੀਰ ਸਿੰਘ ਨੇ ਪਿਛਲੇ ਦਿਨਾਂ ਦੌਰਾਨ ਸ਼੍ਰੋਮਣੀ ਕਮੇਟੀ 'ਤੇ ਕਈ ਇਲਜ਼ਾਮ ਲਾਉਂਦਿਆਂ ਅਤੇ ਬਿਆਨਬਾਜ਼ੀ ਕਰਦਿਆਂ ਅਕਸ ਨੂੰ ਢਾਹ ਲਾਉਣ ਦੀ ਕਾਰਵਾਈ ਕੀਤੀ ਸੀ, ਜੋ ਕਿ ਬਿਲਕੁਲ ਨਿਰਾਧਾਰ ਸਨ। ਉਨ੍ਹਾਂ ਕਿਹਾ ਕਿ ਗਿਆਨੀ ਰਘਬੀਰ ਸਿੰਘ ਨੂੰ ਉਨ੍ਹਾਂ ਦੇ ਇਲਜ਼ਾਮਾਂ ਲਈ ਸਬੂਤ ਪੇਸ਼ ਕਰਨ ਲਈ ਵੀ 72 ਘੰਟਿਆਂ ਦਾ ਸਮਾਂ ਦਿੱਤਾ ਗਿਆ ਸੀ, ਪਰ ਉਨ੍ਹਾਂ ਵੱਲੋਂ ਕੋਈ ਵੀ ਸਬੂਤ ਪੇਸ਼ ਨਹੀਂ ਕੀਤਾ ਗਿਆ, ਜਿਸ ਤੋਂ ਬਾਅਦ ਐਸਜੀਪੀਸੀ ਦੀ ਇੱਕ ਨੁਕਾਤੀ ਏਜੰਡੇ ਤਹਿਤ ਹੋਈ ਮੀਟਿੰਗ ਵਿੱਚ ਮਾਮਲੇ 'ਤੇ ਸਾਰੇ ਪੱਖ ਵਿਚਾਰੇ ਗਏ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਕਾਰਵਾਈ ਪਿੱਛੇ ਦੋ ਗੰਭੀਰ ਮੁੱਦਿਆਂ ਨੂੰ ਦੱਸਿਆ, ਜਿਨ੍ਹਾਂ ਵਿੱਚ ਭੱਠਾ ਸਾਹਿਬ ਅਤੇ ਗੁਰੂਦੁਆਰਾ ਅੰਬ ਸਾਹਿਬ ਦੇ ਮਾਮਲੇ ਹਨ। ਉਨ੍ਹਾਂ ਕਿਹਾ ਕਿ ਗਿਆਨੀ ਰਘਬੀਰ ਸਿੰਘ ਵੱਲੋਂ ਜੋ ਵੀ ਇਸ ਸਬੰਧੀ ਲਗਾਏ ਗਏ ਦੋਸ਼ ਨਿਰਾਧਾਰ ਹਨ। ਉਨ੍ਹਾਂ ਕਿਹਾ ਕਿ ਭੱਠਾ ਸਾਹਿਬ ਦਾ ਸਾਰਾ ਰਿਕਾਰਡ ਦਰੁਸਤ ਹੈ। ਦੱਸ ਦਈਏ ਕਿ ਇਨ੍ਹਾਂ ਦੋਵਾਂ ਮਾਮਲਿਆਂ 'ਚ ਉਨ੍ਹਾਂ ਨੇ ਪਿਛਲੀ ਮੀਟਿੰਗ ਦੌਰਾਨ ਗਿਆਨੀ ਰਘਬੀਰ ਸਿੰਘ ਨੂੰ ਤਾਕੀਦ ਕੀਤੀ ਸੀ ਕਿ ਉਹ ਜਾਂ ਤਾਂ ਇਲਜ਼ਾਮਾਂ 'ਤੇ ਮੁਆਫੀ ਮੰਗਣ ਨਹੀਂ ਤਾਂ ਮੈਨੇਜਰ ਅੰਬ ਸਾਹਿਬ ਨੂੰ ਅਧਿਕਾਰ ਦਿੱਤੇ ਗਏ ਸਨ ਕਿ ਸੰਗਤ ਨੂੰ ਗੁਮਰਾਹ ਕਰਨ ਲਈ ਉਨ੍ਹਾਂ ਖਿਲਾਫ਼ ਮਾਣਹਾਨੀ ਦਾ ਦਾਅਵਾ ਕਰਨ।

## ਪੰਜਾਬ ਸਰਕਾਰ ਨੇ 'ਸਿਟ' ਦੇ ਅਧਿਕਾਰੀ ਬਦਲੇ, ਅਕਾਲੀ ਦਲ ਨੇ ਨਵੀਂ ਵਿਸ਼ੇਸ਼ ਜਾਂਚ ਟੀਮ ਨੂੰ ਕੀਤਾ ਰੱਦ

**ਚੰਡੀਗੜ੍ਹ, 26 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਨੇ ਅੱਜ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਸਰੂਪਾਂ ਦੇ ਮਾਮਲੇ ਵਿਚ ਵਿਸ਼ੇਸ਼ ਜਾਂਚ ਟੀਮ ਦਾ ਮੁੜ ਗਠਨ ਕੀਤੇ ਜਾਣ ਨੂੰ ਰੱਦ ਕਰ ਦਿੱਤਾ ਹੈ ਅਤੇ ਜ਼ੋਰ ਦੇ ਕੇ ਕਿਹਾ ਕਿ ਨਵੀਂ ਟੀਮ ਇਸ ਕਰ ਕੇ ਗਠਿਤ ਕੀਤੀ ਗਈ, ਕਿਉਂਕਿ ਪੁਰਾਣੀ ਟੀਮ ਨੇ ਕੇਸ ਵਿਚ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਫਸਾਉਣ ਦੇ ਗੈਰ ਕਾਨੂੰਨੀ ਹੁਕਮ ਮੰਨਣ ਤੋਂ ਨਾਂਹ ਕਰ ਦਿੱਤੀ ਸੀ। ਘਟਨਾਕ੍ਰਮ 'ਤੇ ਪ੍ਰਤੀਕਰਮ ਦਿੰਦਿਆਂ ਸੀਨੀਅਰ ਅਕਾਲੀ ਆਗੂਆਂ ਮਹੇਸ਼ਿੰਦਰ ਸਿੰਘ ਗਰੇਵਾਲ ਅਤੇ ਪਰਮਬੰਸ ਸਿੰਘ ਰੋਮਾਣਾ ਨੇ ਜ਼ੋਰ ਦੇ ਕੇ ਕਿਹਾ ਕਿ ਆਪ ਸਰਕਾਰ ਘਟੀਆ ਰਾਜਨੀਤੀ ਕਰ ਰਹੀ ਹੈ ਤੇ ਇਸ ਐਸਆਈਟੀ ਦਾ ਟੀਚਾ ਵੀ ਉਹੀ ਹੈ, ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦ ਸਰੂਪਾਂ ਦੀ ਆੜ ਵਿਚ ਅਕਾਲੀ ਦਲ ਦੇ ਪ੍ਰਧਾਨ ਨੂੰ ਨਿਸ਼ਾਨਾ ਬਣਾਉਣਾ। ਇਹਨਾਂ ਆਗੂਆਂ ਨੇ ਸਵਾਲ ਕੀਤਾ ਕਿ ਜਿਹੜੇ ਅਫਸਰ ਪਹਿਲਾਂ ਹੀ ਸ਼ੱਕ ਦੇ ਘੇਰੇ ਵਿਚ ਹਨ ਜਿਵੇਂ ਕਿ ਐਸ ਆਈ ਟੀ ਦੇ ਚੇਅਰਮੈਨ ਨਾਨਕ ਸਿੰਘ, ਜਿਨ੍ਹਾਂ ਖਿਲਾਫ ਫੌਜੀ ਅਫਸਰ 'ਤੇ ਪੁਲਿਸ ਵੱਲੋਂ ਕੀਤੇ ਹਮਲੇ ਵਿਚ ਉਹਨਾਂ ਦੀ ਭੂਮਿਕਾ ਦੀ ਜਾਂਚ ਹੋ ਰਹੀ ਹੈ ਅਤੇ ਗੁਰਬੰਸ ਸਿੰਘ ਬੈਂਸ ਜੋ ਅਕਾਲੀ ਦਲ ਦੀ ਸਰਕਾਰ ਦੇ ਖਿਲਾਫ ਸਨ, ਨੂੰ ਐਸਆਈਟੀ ਵਿਚ ਸ਼ਾਮਲ ਕੀਤਾ ਗਿਆ ਹੈ। ਆਗੂਆਂ ਨੇ ਕਿਹਾ ਆਪ ਸਰਕਾਰ ਨੇ ਐਸਆਈਟੀ ਵਿਚ ਸਿਰਫ 'ਅੰਮ੍ਰਿਤਧਾਰੀ' ਅਫਸਰ ਸ਼ਾਮਲ ਕਰਨ ਲਈ ਕੀਤੀ ਹਦਾਇਤ ਦੀ ਵੀ ਪਰਵਾਹ ਨਹੀਂ ਕੀਤੀ ਕਿਉਂਕਿ ਇਹਨਾਂ ਨੇ ਫਿਰ ਕੇਸ ਦੀ ਜਾਂਚ ਵਿਚ 'ਮਰਿਆਦਾ' ਦੀ ਪਾਲਣਾ ਕਰਨੀ ਸੀ। ਅਕਾਲੀ ਦਲ ਦੇ ਸੀਨੀਅਰ ਆਗੂਆਂ ਨੇ ਐਸਆਈਟੀ ਅਫਸਰਾਂ ਨੂੰ ਚੇਤਾਵਨੀ ਦਿੱਤੀ ਕਿ ਉਹ ਆਪ ਲੀਡਰਸ਼ਿਪ ਦੇ ਕਹਿਣ 'ਤੇ ਕੁਝ ਵੀ ਗਲਤ ਕਰਨ ਦੀ ਗਲਤੀ ਨਾ ਕਰਨ। ਉਹਨਾਂ ਕਿਹਾ ਕਿ ਸਮੁੱਚੀ ਸਿੱਖ ਕੌਮ ਵੇਖ ਰਹੀ ਹੈ ਕਿ ਆਪ ਸਰਕਾਰ ਲਾਪਤਾ ਸਰੂਪਾਂ ਦੇ ਮਾਮਲੇ ਦੀ ਜਾਂਚ ਕਿਸ ਤਰੀਕੇ ਕਰ ਰਹੀ ਹੈ।

## ਗੈਂਗਸਟਰਾਂ ਕੋਲੋਂ ਮਿਲੀ ਧਮਕੀ ਵਿਚਾਲੇ ਗਾਇਕ ਜੋਰਡਨ ਸੰਧੂ ਦੀ ਪੰਜਾਬ ਸਰਕਾਰ ਨੇ ਸੁਰੱਖਿਆ ਲਈ ਵਾਪਸ

**ਚੰਡੀਗੜ੍ਹ, 26 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮਸ਼ਹੂਰ ਗਾਇਕ ਅਤੇ ਅਦਾਕਾਰ ਜੋਰਡਨ ਸੰਧੂ ਦੀ ਪੰਜਾਬ ਸਰਕਾਰ ਵੱਲੋਂ ਸੁਰੱਖਿਆ ਵਾਪਸ ਲੈਣ ਦਾ ਮਾਮਲਾ ਸਾਹਮਣੇ ਆਇਆ ਹੈ।





ਮਿਲੀ ਜਾਣਕਾਰੀ ਮੁਤਾਬਿਕ ਕੁਝ ਦਿਨ ਪਹਿਲਾਂ ਹੀ ਗਾਇਕ ਜੋਰਡਨ ਸੰਧੂ ਨੂੰ ਗੈਂਗਸਟਰਾਂ ਕੋਲੋਂ ਧਮਕੀ ਵੀ ਹਾਸਿਲ ਹੋਈ ਹੈ, ਇਸ ਦੇ ਬਾਵਜੂਦ ਪੰਜਾਬ ਸਰਕਾਰ ਵੱਲੋਂ ਇਹ ਕਾਰਵਾਈ ਕੀਤੀ ਗਈ ਹੈ। ਦੱਸ ਦਈਏ ਕਿ ਗੈਂਗਸਟਰਾਂ ਨੇ ਫੋਨ ਕਾਲ ਰਾਹੀਂ ਗਾਇਕ ਨੂੰ ਮਾਰਨ ਦੀ ਧਮਕੀ ਦਿੱਤੀ ਹੈ। ਗੈਂਗਸਟਰਾਂ ਨੇ ਗਾਇਕ ਨੂੰ ਕਿਹਾ ਹੈ ਕਿ ਜਦੋਂ ਉਹ ਘਰੋਂ ਨਿਕਲੇਗਾ ਤਾਂ ਉਹ ਗੋਲੀ ਮਾਰ ਦੇਣਗੇ। ਇਸ ਧਮਕੀ ਦੇ ਬਾਵਜੂਦ ਵੀ ਪੰਜਾਬ ਸਰਕਾਰ ਵੱਲੋਂ ਗਾਇਕ ਦੀ ਸੁਰੱਖਿਆ ਨੂੰ ਵਾਪਸ ਲੈ ਲਿਆ ਹੈ। ਦੂਜੇ ਪਾਸੇ ਪੰਜਾਬ ਸਰਕਾਰ ਵੱਲੋਂ ਜੋਰਡਨ ਸੰਧੂ ਦੀ ਸੁਰੱਖਿਆ ਵਾਪਸ ਲੈਣ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਸਵਾਲ ਚੁੱਕਦੇ ਹੋਏ ਕਿਹਾ ਕਿ ਅਕਾਲੀ ਲੀਡਰਾਂ ਨੂੰ ਮਿਲਣ ਤੋਂ ਬਾਅਦ ਸੁਰੱਖਿਆ ਵਾਪਸ ਲਈ ਜਾਂਦੀ ਹੈ। ਦੱਸ ਦਈਏ ਕਿ ਇਕ ਵਿਆਹ ਸਮਾਗਮ 'ਚ ਬਿਕਰਮ ਸਿੰਘ ਮਜੀਠੀਆ ਦੇ ਨਾਲ ਗਾਇਕ ਜੋਰਡਨ ਸੰਧੂ ਨਜ਼ਰ ਆਏ ਸੀ। ਕਿਹਾ ਜਾ ਰਿਹਾ ਹੈ ਕਿ ਬਿਕਰਮ ਸਿੰਘ ਮਜੀਠੀਆ ਲਈ ਗਾਉਣ ਤੇ ਬੋਲੀਆਂ ਪਾਉਣ ਮਗਰੋਂ ਇਹ ਐਕਸ਼ਨ ਲਿਆ ਗਿਆ ਹੈ। ਇਸ ਤੋਂ ਪਹਿਲਾਂ ਪੰਜਾਬ ਸਰਕਾਰ ਵੱਲੋਂ ਬਾਬਾ ਘਾਲਾ ਤੇ ਕਈਆਂ ਦੀ ਸੁਰੱਖਿਆ ਵੀ ਵਾਪਸ ਲਈ ਜਾ ਚੁੱਕੀ ਹੈ। ਸਿੱਧੂ ਮੂਸੇਵਾਲਾ ਦੀ ਸੁਰੱਖਿਆ ਵਾਪਸ ਲਏ ਜਾਣ ਤੋਂ ਬਾਅਦ ਗਾਇਕ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ। ਪੰਜਾਬ ਸਰਕਾਰ ਵੱਲੋਂ ਸੁਰੱਖਿਆ ਘੇਰੇ ਵਿੱਚ ਕਟੌਤੀ ਕਰਨ ਤੋਂ ਇੱਕ ਦਿਨ ਬਾਅਦ 29 ਮਈ ਨੂੰ ਪੰਜਾਬ ਦੇ ਮਾਨਸਾ ਜ਼ਿਲ੍ਹੇ ਦੇ ਪਿੰਡ ਜਵਾਹਰਕੇ ਵਿੱਚ ਅਣਪਛਾਤੇ ਹਮਲਾਵਰਾਂ ਵੱਲੋਂ ਮੂਸੇਵਾਲਾ ਦਾ ਗੋਲੀਆਂ ਮਾਰ ਕਤਲ ਕਰ ਦਿੱਤਾ ਗਿਆ। ਕੈਨੇਡਾ ਸਥਿਤ ਗੈਂਗਸਟਰ ਗੋਲਡੀ ਬਰਾੜ ਨੇ ਇੱਕ ਫੇਸਬੁੱਕ ਪੋਸਟ ਵਿੱਚ ਪੰਜਾਬੀ ਗਾਇਕ ਦੇ ਕਤਲ ਦੀ ਜ਼ਿੰਮੇਵਾਰੀ ਲਈ ਸੀ।

## ਦੇਸ਼ ਵਿਦੇਸ਼ ਦੀਆਂ ਪੰਥਕ ਜਥੇਬੰਦੀਆਂ ਅਤੇ ਸਿੱਖ ਸੰਪਰਦਾਵਾਂ ਦੀ ਚੁੱਪ ਨੇ

# ਬਾਦਲਕਿਆਂ ਨੂੰ ਤਾਕਤ ਵਰਤਣ ਲਈ ਇੱਕ ਵਾਰ ਫਿਰ ਦਿੱਤਾ ਮੌਕਾ



ਭਾਈ ਰਘਬੀਰ ਸਿੰਘ
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ



ਭਾਈ ਪਰਮਜੀਤ ਸਿੰਘ ਢਾਡੀ
ਅੰਤਰਰਾਸ਼ਟਰੀ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



ਭਾਈ ਕਪਤਾਨ ਸਿੰਘ
ਜਨਰਲ ਸਕੱਤਰ ਅਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ



ਬਾਬਾ ਨਛੱਤਰ ਸਿੰਘ ਜੀ
ਭੈਣੀ ਮੱਸਾ ਸਿੰਘ
ਪ੍ਰਧਾਨ, ਆਸਟਰੀਆ (ਯੂਰਪ)



ਭਾਈ ਪ੍ਰਗਟ ਸਿੰਘ
ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ (ਇਟਲੀ)

**ਬ੍ਰਮਿੰਘਮ (ਇੰਗਲੈਂਡ), 26 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਇੰਟਰਨੈਸ਼ਨਲ ਪੰਥਕ ਦਲ ਦੇ ਆਗੂ ਇੰਗਲੈਂਡ ਤੋਂ ਪ੍ਰਧਾਨ ਭਾਈ ਰਘਬੀਰ ਸਿੰਘ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਭਾਈ ਪਰਮਜੀਤ ਸਿੰਘ ਢਾਡੀ, ਜਨਰਲ ਸਕੱਤਰ ਅਤੇ ਮੁੱਖ ਬੁਲਾਰਾ ਭਾਈ ਕਪਤਾਨ ਸਿੰਘ, ਇਟਲੀ ਤੋਂ ਪ੍ਰਧਾਨ ਪ੍ਰਗਟ ਸਿੰਘ ਅਤੇ ਆਸਟਰੀਆ ਤੋਂ ਪ੍ਰਧਾਨ ਨਛੱਤਰ ਸਿੰਘ ਵੱਲੋਂ ਸਾਂਝੇ ਬਿਆਨ ਵਿੱਚ Shiromani Gurdwara Parbandhak Committee ਵੱਲੋਂ ਲਏ ਗਏ ਅੱਜ ਦੇ ਫੈਸਲੇ ਦੀ ਨਿੰਦਾ ਕੀਤੀ ਗਈ ਹੈ। ਆਗੂਆਂ ਨੇ ਕਿਹਾ ਕਿ ਚਾਹੀਦਾ ਤਾਂ ਇਹ ਸੀ ਕਿ ਜੋ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਹੈਡ ਗ੍ਰੰਥੀ ਨੇ ਸਵਾਲ ਕੀਤੇ ਸਨ, ਉਹਨਾਂ ਦਾ ਤਸੱਲੀਬਖ਼ਸ਼ ਜਵਾਬ ਦਿੱਤਾ ਜਾਂਦਾ, ਪਰ ਐਸਾ ਨਹੀਂ ਕੀਤਾ ਗਿਆ। ਉਨ੍ਹਾਂ ਦਾ ਦੋਸ਼ ਹੈ ਕਿ ਸ਼੍ਰੋਮਣੀ ਕਮੇਟੀ ਇੱਕ ਪਰਿਵਾਰ ਦੇ ਅਧੀਨ ਚਲਦੀ ਹੈ ਅਤੇ ਉਹ ਨਹੀਂ ਚਾਹੁੰਦੇ ਕਿ ਕੌਮ ਦੇ ਫੈਸਲੇ ਸਲਾਹ-ਮਸ਼ਵਰੇ ਨਾਲ ਕੀਤੇ ਜਾਣ। ਇਸ ਕਰਕੇ ਹੀ ਜਿਹੜੇ ਜਥੇਦਾਰਾਂ ਨੇ 2 ਦਸੰਬਰ 2024 ਨੂੰ ਆਦੇਸ਼ ਕੀਤੇ ਸਨ, ਉਹਨਾਂ ਸਾਰਿਆਂ ਨੂੰ ਵਾਰੋ-ਵਾਰੀ ਜ਼ਲੀਲ ਕਰਕੇ ਸੇਵਾ ਮੁਕਤ ਕਰ ਦਿੱਤਾ ਗਿਆ। ਬਿਆਨ ਅਨੁਸਾਰ ਹਾਲਾਤ ਇਹੋ ਜਿਹੇ ਵੀ ਬਣੇ ਸਨ ਜਦੋਂ ਪ੍ਰਧਾਨ ਧਾਮੀ ਸਾਹਿਬ ਨੇ ਕੌਮ ਨਾਲ ਵਾਅਦਾ ਕੀਤਾ ਸੀ ਕਿ ਅੱਗੇ ਤੋਂ ਕਿਸੇ ਵੀ ਜਥੇਦਾਰ ਦੀ ਨਿਯੁਕਤੀ ਅਤੇ ਸੇਵਾ ਮੁਕਤੀ ਸਮੁੱਚੀ ਕੌਮ ਨੂੰ ਪੁੱਛ ਕੇ ਬਣਾਈ ਗਈ ਕਮੇਟੀ ਦੇ ਫੈਸਲੇ ਅਨੁਸਾਰ ਕੀਤੀ ਜਾਵੇਗੀ, ਪਰ ਇਹ ਵਾਅਦਾ

ਆਵਾਜ਼ਿ ਕੌਮ
AWAZE QAUM
International Newspaper & WEB TV

ਪੂਰਾ ਨਹੀਂ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਇਸ ਦਾ ਇੱਕ ਕਾਰਨ ਇਹ ਵੀ ਹੈ ਕਿ ਦੇਸ਼ ਅਤੇ ਵਿਦੇਸ਼ ਦੀਆਂ ਪੰਥਕ ਜਥੇਬੰਦੀਆਂ ਅਤੇ ਸਿੱਖ ਸੰਪਰਦਾਵਾਂ ਦੀ ਚੁੱਪ ਨੇ ਬਾਦਲਕਿਆਂ ਨੂੰ ਮੁੜ ਮਨਮਰਜ਼ੀ ਕਰਨ ਦਾ ਮੌਕਾ ਦਿੱਤਾ ਹੈ। ਉਨ੍ਹਾਂ ਨੇ ਦੱਸਿਆ ਕਿ ਇੰਗਲੈਂਡ, ਅਮਰੀਕਾ, ਕਨੇਡਾ ਅਤੇ ਯੂਰਪ ਵਿੱਚ ਜਥੇਬੰਦੀਆਂ ਵੱਲੋਂ ਵੱਡੇ ਫੈਸਲੇ ਕੀਤੇ ਗਏ ਸਨ ਕਿ ਬਾਦਲਕਿਆਂ ਨੂੰ ਮਨਮਰਜ਼ੀ ਨਹੀਂ ਕਰਨ ਦਿੱਤੀ ਜਾਵੇਗੀ, ਪਰ ਮੌਕੇ 'ਤੇ ਬਹੁਤੀਆਂ ਜਥੇਬੰਦੀਆਂ ਅਤੇ ਸੰਪਰਦਾਵਾਂ ਚੁੱਪ ਰਹੀਆਂ। ਆਗੂਆਂ ਨੇ ਕਿਹਾ ਕਿ ਜਿਵੇਂ ਪਹਿਲਾਂ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਬੋਲਣਾ ਚਾਹੀਦਾ ਸੀ, ਉਹਨਾਂ ਨੇ ਵੀ ਮੌਕਾ ਨਹੀਂ ਸੰਭਾਲਿਆ। ਇਸ ਤਰ੍ਹਾਂ ਮੌਕੇ 'ਤੇ ਚੁੱਪ ਰਹਿਣ ਵਾਲੀਆਂ ਜਥੇਬੰਦੀਆਂ ਵੀ ਉਨ੍ਹਾਂ ਦੇ ਮਤਾਬਕ ਉਤਨੀ ਹੀ ਕਸੂਰਵਾਰ ਹਨ।

ਉਨ੍ਹਾਂ ਕਿਹਾ ਕਿ ਭਾਵੇਂ ਇੱਕ-ਦੁੱਕਾ ਜਥੇਬੰਦੀਆਂ ਆਪਣਾ ਫਰਜ ਨਿਭਾਉਂਦੀਆਂ ਰਹੀਆਂ, ਪਰ ਸਮੁੱਚੇ ਰੂਪ ਵਿੱਚ ਕੌਮ ਇਕੱਠੀ ਹੋ ਕੇ ਮੌਕਾ ਨਹੀਂ ਸੰਭਾਲ ਸਕੀ। ਇਸ ਕਰਕੇ ਹੀ ਅੱਜ ਐਗਜ਼ੈਕਟਿਵ ਕਮੇਟੀ ਵੱਲੋਂ ਇਸ ਤਰ੍ਹਾਂ ਦੇ ਫੈਸਲੇ ਕੌਮ ਉੱਤੇ ਥੋਪੇ ਜਾ ਰਹੇ ਹਨ। ਬਿਆਨ ਵਿੱਚ ਕਿਹਾ ਗਿਆ ਕਿ ਹੈਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੂੰ ਸੇਵਾ ਮੁਕਤ ਕਰ ਦਿੱਤਾ ਗਿਆ ਹੈ। ਹੁਣ ਸਮਾਂ ਹੈ ਕਿ ਸਰਬੱਤ ਖਾਲਸਾ ਸੱਦਿਆ ਜਾਵੇ। ਆਗੂਆਂ ਨੇ ਕਿਹਾ ਕਿ ਗਿਆਨੀ ਰਘਬੀਰ ਸਿੰਘ ਕੋਲ ਵੀ ਪਹਿਲਾਂ ਮੌਕਾ ਸੀ ਪਰ ਉਹਨਾਂ ਨੇ ਸਰਬੱਤ ਖਾਲਸਾ ਨਹੀਂ ਸੱਦਿਆ। ਹੁਣ ਸਮੁੱਚੀ ਕੌਮ, ਜਥੇਬੰਦੀਆਂ ਅਤੇ ਸਿੱਖ ਸੰਪਰਦਾਵਾਂ ਨੂੰ ਇਕੱਠੇ ਹੋ ਕੇ ਇਹ ਫੈਸਲਾ ਕਰਨਾ ਚਾਹੀਦਾ ਹੈ ਕਿ Sri Akal Takht Sahib 'ਤੇ ਸਰਬੱਤ ਖਾਲਸਾ ਸੱਦਿਆ ਜਾਵੇ ਅਤੇ ਕੌਮ ਦੇ ਵੱਡੇ ਹਿੱਤਾਂ ਲਈ ਸਾਂਝੇ ਫੈਸਲੇ ਕੀਤੇ ਜਾਣ, ਤਾਂ ਜੋ ਸ਼੍ਰੋਮਣੀ ਕਮੇਟੀ ਬਾਦਲ ਪਰਿਵਾਰ ਦੇ ਚੁੰਗਲ ਤੋਂ ਆਜ਼ਾਦ ਹੋ ਸਕੇ ਅਤੇ ਸਿੱਖ ਕੌਮ ਆਪਣੇ ਪੰਥਕ ਫੈਸਲੇ ਆਪਣੇ ਹਿਸਾਬ ਨਾਲ ਕਰ ਸਕੇ।




**ਸਾਹਿਬ ਸਤਿਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਖਾਰਗਰ ਨਵੀਂ ਮੁੰਬਈ ਵਿਖੇ ਮਿਤੀ 28 ਫਰਵਰੀ ਅਤੇ 1 ਮਾਰਚ 2026 ਨੂੰ ਦੋ ਰੋਜ਼ਾ ਬਹੁਤ ਭਾਰੀ ਮਹਾਨ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾ ਦੀ ਅਗੁਵਾਈ 'ਚ ਮਹਾਰਾਸ਼ਟਰ ਦੀ ਸਰਕਾਰ ਦੀ ਦੇਖ ਰੇਖ ਹੇਠ ਕੀਤਾ ਜਾ ਰਿਹਾ ਹੈ।**

**ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ।**

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako
ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਪੂਜਾ ਅਕਾਲ ਕੀ ਪਰਚਾ ਸ਼ਬਦ ਕਾ ਦੀਦਾਰ ਖਾਲਸੇ ਕਾ

# ਧਾਰਮਿਕ ਦੀਵਾਨ

ਮਿਤੀ 27-28 ਫਰਵਰੀ 1 ਮਾਰਚ 2026
ਦਿਨ ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ
ਸਮਾਂ: ਦੁਪਹਿਰ 12 ਤੋਂ 3 ਵਜੇ ਤੱਕ

ਸਥਾਨ - ਗੁਰਦੁਆਰਾ ਸਾਹਿਬ
ਪਿੰਡ ਗੰਡਾ ਸਿੰਘ ਵਾਲਾ (ਗੁਰਬਖਸ਼ਪੁਰਾ)
ਤਹਿਸੀਲ ਧੂਰੀ ਜ਼ਿਲਾ ਸੰਗਰੂਰ

ਅੰਮ੍ਰਿਤ ਸੰਚਾਰ 1 ਮਾਰਚ ਦਿਨੇ 12 ਵਜੇ ਹੋਵੇਗਾ ਜੀ
ਸਰਬੱਤ ਸੰਗਤਾਂ ਸਮੇਂ ਸਿਰ ਪੁੱਜ ਕੇ ਗੁਰਬਾਣੀ
ਇਤਿਹਾਸ ਦਾ ਲਾਹਾ ਪ੍ਰਾਪਤ ਕਰੋ ਜੀ

ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ

ਬੇਨਤੀ ਕਰਤਾ -
ਸਮੂੰਹ ਗੁਰਦੁਆਰਾ ਪ੍ਰਬੰਧਕ ਕਮੇਟੀ ਸੇਵਾਦਾਰ ਸਾਧ ਸੰਗਤ
ਅਤੇ ਨਗਰ ਪੰਚਾਇਤ
ਪਿੰਡ ਗੰਡਾ ਸਿੰਘ ਵਾਲਾ (ਗੁਰਬਖਸ਼ਪੁਰਾ) ਸੰਗਰੂਰ



ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ

ਸੰਪਰਕ:-
95017-08405, 94171-709154, 98143-41911, 81950-09160


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV




## ਅੱਜ ਤੋਂ ਸੋ ਸਾਲ ਪਹਿਲਾ, 27 ਫਰਵਰੀ ਨੂੰ

# ਜਿਸ ਦਿਨ 6 ਬੱਬਰਾਂ ਨੂੰ ਇਕੱਠਿਆਂ ਫਾਂਸੀ ਦਿੱਤੀ ਗਈ

ਜਦੋਂ ਮਨੁੱਖ ਵਿਚੋਂ ਅਦਬ ਤੇ ਦਲੇਰੀ ਖਤਮ ਹੋ ਜਾਂਦੀ ਹੈ, ਉਦੋਂ ਮਨੁੱਖਤਾ ਖਤਮ ਹੋ ਜਾਂਦੀ ਹੈ। ਲੰਬੀ ਗੁਲਾਮੀ ਤੋਂ ਨਿਜ਼ਾਤ ਪਾਉਣ ਲਈ ਪੰਜਾਬ ਦੀ ਧਰਤੀ ਤੋਂ ਅਨੇਕਾਂ ਲਹਿਰਾਂ ਚੱਲੀਆਂ। ਸਮੁੱਚੇ ਹਿੰਦੁਲਤਾਨ ਦੇ ਲੋਕ ਗੁਲਾਮੀ, ਅਨਪੜ੍ਹਤਾ ਅਤੇ ਗਰੀਬੀ ਕਾਰਨ ਸਾਹ-ਸੱਤਹੀਣ ਹੋ ਚੁੱਕੇ ਸਨ। ਦੇਸ਼ ਨੂੰ ਯੋਗ ਆਗੂਆਂ ਦੀ ਲੋੜ ਸੀ। ਪੰਜਾਬ ਦੀ ਧਰਤੀ ਨੂੰ ਗੁਰੂ ਸਾਹਿਬਾਨ ਨੇ ਕਰਮਯੋਗੀ ਬਣਕੇ ਅਣਖੀ ਜੀਵਨ ਜਿਉਣ ਦੀ ਗੁੜ੍ਹਤੀ ਦਿੱਤੀ ਹੋਈ ਹੈ।

-ਭਗਵਾਨ ਸਿੰਘ ਜੌਹਲ
bhagwansinghjohal@gmail.com



ਜਦੋਂ ਅੰਗਰੇਜ਼ੀ ਹਕੂਮਤ ਦੌਰਾਨ ਪੰਜਾਬ ਦੇ ਗੁਰਧਾਮ ਆਯਾਸ਼ ਮਹੰਤਾਂ, ਗੱਦੀਦਾਰਾਂ ਤੇ ਮਤਮੜੀਆਂ ਦੀਆਂ ਆਪਹੁਦਰੀਆਂ ਕਾਰਨ ਅਪਵਿੱਤਰ ਹੋ ਚੁੱਕੇ ਸਨ ਤਾਂ ਸਿੱਖ ਹਿੱਤਾਂ ਲਈ ਜੂਝਣ ਵਾਲੀ ਨਵੀਂ ਬਣੀ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਦੀ ਅਗਵਾਈ ਵਿਚ ਸਿੱਖ ਜਗਤ ਨੇ ਸ਼ਾਂਤਮਈ ਢੰਗ ਨਾਲ ਗੁਰਦੁਆਰਾ ਸੁਧਾਰ ਲਹਿਰ ਵਿਚ ਸ਼ਾਮਿਲ ਹੋਕੇ ਤਸੀਹੇ ਝੱਲਦਿਆਂ ਸ਼ਹੀਦੀਆਂ ਪ੍ਰਾਪਤ ਕੀਤੀਆਂ। ਇਨ੍ਹਾਂ ਦਿਨਾਂ ਵਿਚ ਹੀ ਸਿੱਖ ਸ਼ਹਾਦਤਾਂ ਅਤੇ ਗ੍ਰਿਫ਼ਤਾਰੀਆਂ ਦੇ ਦੌਰਾਨ ਅਕਾਲੀਆਂ ਵਿਚੋਂ ਹੀ ਇਕ ਗਰਮ ਦਲ

ਆਵਾਜ਼ਿ ਕੌਮ AWAZE QAUM
International Newspaper & WEB TV

ਤਿਆਰ ਹੋ ਗਿਆ। ਇਸ ਲਹਿਰ ਨੂੰ 'ਬੱਬਰ ਅਕਾਲੀ ਦਲ' ਦਾ ਨਾਂਅ ਦਿੱਤਾ ਗਿਆ। ਇਨ੍ਹਾਂ ਬੱਬਰ ਅਕਾਲੀਆਂ ਦਾ ਟੀਚਾ ਹਥਿਆਰਬੰਦ ਸੰਘਰਸ਼ ਵਿਚ ਅੰਗਰੇਜ਼ ਅਫ਼ਸਰਾਂ, ਝੋਲੀ ਚੁੱਕ, ਸੂਹੀਆਂ ਨੂੰ ਸਬਕ ਸਿਖਾਉਣਾ ਸੀ।

19 ਅਤੇ 21 ਮਾਰਚ 1921 ਨੂੰ ਸ੍ਰੀ ਨਨਕਾਣਾ ਸਾਹਿਬ ਦੇ ਖ਼ੂਨੀ ਸਾਕੇ ਤੋਂ ਛੇਤੀ ਪਿੱਛੋਂ ਹੁਸ਼ਿਆਰਪੁਰ ਵਿਖੇ ਸਿੱਖ ਐਜੂਕੇਸ਼ਨ ਕਾਨਫਰੰਸ ਦੌਰਾਨ ਮਾਸਟਰ ਮੋਤਾ ਸਿੰਗ ਪਤਾਰਾ ਅਤੇ ਜਲੰਧਰ ਸ਼ਹਿਰ ਦੀ ਬੁੱਕਲ ਵਿਚ ਵਸੇ ਪਿੰਡ ਬੜਿੰਗ ਦੇ ਜਥੇਦਾਰ ਕਿਸ਼ਨ ਸਿੰਘ ਗੜਗੱਜ ਦੀ ਅਗਵਾਈ ਵਿਚ ਇਨ੍ਹਾਂ ਜਾਨ ਤਲੀ ਤੇ ਰੱਖ ਕੇ ਜੂਝਣ ਵਾਲੇ ਗਰਮਦਲੀਏ ਮਰਜੀਵੜਿਆਂ ਦੀ ਇਕ ਖ਼ੁਫੀਆ ਮੀਟਿੰਗ ਹੋਈ।

ਇਸ ਮੀਟਿੰਗ ਦੌਰਾਨ ਗੁ: ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦੀ ਸਾਕੇ ਦੇ ਜ਼ਿੰਮੇਵਾਰ ਅਫ਼ਸਰਾਂ ਨੂੰ ਸੋਧਣ ਦਾ ਫੈਸਲਾ ਕੀਤਾ ਗਿਆ। ਇਸ ਤੋਂ ਥੋੜ੍ਹੇ ਦਿਨਾਂ ਪਿੱਛੋਂ ਇਨ੍ਹਾਂ ਮਰਜੀਵੜਿਆਂ ਵਿਚੋਂ, ਜਿਨ੍ਹਾਂ ਨੂੰ ਇਹ ਕੰਮ ਸੌਂਪਿਆ ਗਿਆ ਸੀ, 23 ਮਈ 1921 ਨੂੰ ਖ਼ੁਫੀਆ ਏਜੰਸੀ ਦੀ ਸੂਹ ਨਾਲ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਦੌਰਾਨ ਮਾਸਟਰ ਮੋਤਾ ਸਿੰਘ ਅਤੇ ਸ. ਕਿਸ਼ਨ ਸਿੰਘ ਗੜਗੱਜ ਰੂਪੋਸ਼ ਹੋ ਗਏ। ਇਸ ਗੁਪਤਵਾਸ ਦੌਰਨ ਜਥੇਦਾਰ ਕਿਸ਼ਨ ਸਿੰਘ ਗੜਗੱਜ ਨੇ ਆਪਣਾ ਇਕ ਗੁਪਤ ਜਥਾ ਤਿਆਰ ਕੀਤਾ। ਇਸੇ ਦਾ ਨਾਂ 'ਚੱਕਰਵਰਤੀ ਜੱਥਾ' ਰੱਖਿਆ ਗਿਆ। ਇਸ ਜੱਥੇ ਦਾ ਕਮੰ ਪਿੰਡ ਦੇ ਲੋਕਾਂ ਵਿਚ ਅੰਗਰੇਜ਼ ਸ਼ਾਸ਼ਕਾਂ ਵਿਰੁੱਧ ਵਿਦਰੋਹ ਦੀ ਭਾਵਨਾ ਪੈਦਾ ਕਰਨਾ ਸੀ। ਹੁਸ਼ਿਆਰਪੁਰ ਵਿਚ ਜਥੇਦਾਰ ਕਰਮ ਸਿੰਘ ਦੌਲਤਪੁਰੀਏ ਨੇ ਵੀ ਇਸੇ ਲੀਹ 'ਤੇ ਚਲਦਿਆਂ ਆਪਣ੍ਹਾ ਜੱਥਾ ਤਿਆਰ ਕੀਤਾ। ਹੁਣ ਜੱਥੇ ਦਾ ਨਾਂ 'ਬੱਬਰ ਅਕਾਲੀ ਜੱਥਾ' ਰੱਖ ਦਿੱਤਾ ਗਿਆ।

ਇਸੇ ਦੌਰਾਨ ਅੰਗਰੇਜ਼ ਹਕੂਮਤ ਵਲੋਂ ਬੱਬਰ ਅਕਾਲੀਆਂ ਨੂੰ ਗ੍ਰਿਫ਼ਤਾਰ ਕਰਵਾਉਣ ਲਈ ਇਨਾਮ ਵੀ ਐਲਾਨੇ ਗਏ। ਸਰਕਾਰ ਦੀ ਸਖ਼ਤੀ ਕਾਰਨ ਅੰਦੋਲਨਕਾਰੀ ਸਿੱਖ ਨੌਜਵਾਨ ਲਈ ਸਖਤੀ ਕਾਰਨ ਅੰਦੋਲਨ ਚਲਾਉਣਾ ਔਖਾ ਹੋ ਰਿਹਾ ਸੀ। 1922 ਤੇ 23 ਦੌਰਾਨ ਅਨੇਕਾਂ ਗਦਾਰਾਂ ਤੇ ਸਰਕਾਰ ਪੱਖੀ ਲੋਕਾਂ ਨੂੰ ਸੋਧਿਆ ਗਿਆ। ਜੂਨ 1924 ਵਿਚ ਲਾਇਲਪੁਰ (ਪਾਕਿਸਤਾਨ) ਹੁਣ ਫੈਸਲਾਬਾਦ ਜ਼ਿਲ੍ਹੇ ਵਿਚ ਵਰਿਆਮ ਸਿੰਘ ਦੀ ਸ਼ਹਾਦਤ ਪਿੱਛੋਂ ਸਮੁੱਚੇ ਪੰਜਾਬ ਵਿਚੋਂ ਬੱਬਰਾਂ ਦੀਆਂ ਗ੍ਰਿਫ਼ਤਾਰੀਆਂ ਸ਼ੁਰੂ ਹੋ ਗਈਆਂ। ਗੁਪਤ ਜਥੇਬੰਦੀ ਹੋਣ ਕਰਕੇ ਇਹ ਸਾਰੇ ਸਿੱਖ ਮਰਿਯਾਦਾ ਦਾ ਪਾਲਣ ਕਰਨ ਵਾਲੇ ਅਤੇ ਨਿਤਨੇਮ ਵਿਚ ਪਰਪੱਕ ਸਨ। ਅੰਗਰੇਜ਼ ਸਰਕਾਰ ਮੁਤਾਬਿਕ ਇਨ੍ਹਾਂ ਦੀ ਗਿਣਤੀ ਦੋ ਸੌ ਦੇ ਲੱਗਪਗ ਸੀ। ਇਨ੍ਹਾਂ ਦਾ ਕੰਮ ਹਥਿਆਰ ਇਕੱਠੇ ਕਰਕੇ ਫ਼ੌਜੀਆਂ ਨੂੰ ਸਰਕਾਰ ਵਿਰੁੱਧ ਉਕਸਾਉਣ ਅਤੇ ਨੌਜਵਾਨਾਂ ਨੂੰ ਸੰਘਰਸ਼ ਲਈ ਤਿਆਰ



ਕਰਨਾ ਸੀ। ਇਸ ਜਥੇਬੰਦੀ ਤੋਂ ਅੰਗਰੇਜ਼ ਹਕੂਮਤ ਇੰਨਾ ਘਬਰਾਈ ਸੀ ਕਿ ਪੁਲਿਸ ਦੀ ਮੱਦਦ ਲਈ ਫੌਜ ਵੀ ਤਾਇਨਾਤ ਕੀਤੀ ਗਈ। ਸਰਕਾਰ ਨੇ ਸਖਤੀ ਦਾ ਦੌਰ ਸ਼ੁਰੂ ਕੀਤਾ। 98 ਬੱਬਰ ਅਕਾਲੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਲਾਹੌਰ ਸੈਂਟਰਲ ਜੇਲ੍ਹ ਵਿਚ ਮੁਕੱਦਮਾ ਸ਼ੁਰੂ ਹੋਇਆ। ਦੋ ਤਫਤਸ਼ ਦੌਰਾਨ ਸ਼ਹੀਦ ਹੋ ਗਏ। ਬਾਕੀਆਂ ਨੂੰਨੂੰ ਸੈਸ਼ਨ ਸਪੁੱਰਦ ਕੀਤਾ ਗਿਆ। 28 ਫਰਵਰੀ 1925 ਨੂੰ ਫੈਸਲਾ ਹੋਇਆ 34 ਬੱਬਰਾਂ ਨੂੰ ਛੱਡ ਦਿੱਤਾ ਗਿਆ। 49 ਨੂੰ ਉਮਰ ਕੈਦ ਤੇ ਸਖ਼ਤ ਸਜ਼ਾਵਾਂ ਦਿੱਤੀਆਂ ਗਈਆਂ। 6 ਬੱਬਰ ਅਕਾਲੀਆਂ ਨੂੰ 27 ਫਰਵਰੀ, 1926 ਫਾਂਸੀ ਦੇ ਫੰਦੇ 'ਤੇ ਲਟਕਾਇਆ ਗਿਆ।

ਇਨ੍ਹਾਂ ਸ਼ਹਾਦਤ ਦਾ ਜਾਮ ਪੀਣ ਵਾਲਿਆਂ ਵਿਚ ਜਥੇਦਾਰ ਕਿਸ਼ਨ ਸਿੰਘ ਗੜਗੱਜ, ਬਾਬੂ ਸੰਤਾ ਸਿੰਘ ਛੋਟੀ ਹਰਿਓ, ਭਾਈ ਦਲੀਪ ਸਿੰਘ ਧਾਮੀਆਂ, ਭਾਈ ਕਰਮ ਸਿੰਘ ਹਰੀਪੁਰ, ਭਾਈ ਨੰਦ ਸਿੰਘ ਘੁੜਿਆਲ, ਭਾਈ ਧਰਮ ਸਿੰਘ ਹਯਾਤਪੁਰ ਸ਼ਾਮਲ ਸਨ। ਇਨ੍ਹਾਂ ਮਹਾਨ ਮਰਜੀਵੜਿਆਂ ਨੇ ਆਪਣੀ ਕੁਰਬਾਨੀ ਦੇ ਕੇ ਅੰਗਰੇਜ਼ ਸਰਕਾਰ ਵਿਰੁੱਧ ਚਲ ਰਹੇ ਸੰਘਰਸ਼ ਵਿਚ ਆਪਣੀਆਂ ਜਵਾਨੀਆਂ ਦੀ ਅਹੁੱਤੀ ਦਿੱਤੀ। ਇਨ੍ਹਾਂ ਮਹਾਨ ਸ਼ਹੀਦਾਂ ਦਾ ਸੰਸਕਾਰ ਲਾਹੌਰ ਵਿਖੇ ਰਾਵੀ ਦਰਿਆ ਦੇ ਕਿਨਾਰੇ ਕੀਤਾ ਗਿਆ। ਇਨ੍ਹਾਂ ਕੌਮੀ ਸ਼ਹੀਦਾਂ ਨੂੰ ਪ੍ਰਣਾਮ।

## ਦਿੱਲੀ ਬੰਬ ਬਲਾਸਟ ਮਾਮਲੇ ਵਿੱਚ ਐਨ. ਆਈ. ਏ. ਦੀ ਇੱਕ ਹੋਰ ਵੱਡੀ ਕਾਰਵਾਈ; 2 ਹੋਰ ਦਹਿਸ਼ਤਗਰਦਾਂ ਨੂੰ ਕੀਤਾ ਗ੍ਰਿਫ਼ਤਾਰ

**ਨਵੀਂ ਦਿੱਲੀ, 26 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਐਨਆਾਈਏ ਨੇ ਦਿੱਲੀ ਦੇ ਲਾਲ ਕਿਲ੍ਹੇ ਨੇੜੇ ਹੋਏ ਬੰਬ ਧਮਾਕੇ ਦੇ ਸਬੰਧ ਵਿੱਚ ਦੋ ਹੋਰ ਦਹਿਸ਼ਤਗਰਦਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਨ੍ਹਾਂ ਦਹਿਸ਼ਤਗਰਦਾਂ ਦੇ ਨਾਮ ਜ਼ਮੀਰ ਅਹਿਮਦ ਅਤੇ ਤੁਫੈਲ ਅਹਿਮਦ ਹਨ। ਇਸ ਦੇ ਨਾਲ, ਇਸ ਮਾਮਲੇ ਵਿੱਚ ਗ੍ਰਿਫ਼ਤਾਰੀਆਂ ਦੀ ਕੁੱਲ ਗਿਣਤੀ 11 ਹੋ ਗਈ ਹੈ। ਜਾਂਚ ਤੋਂ ਪਤਾ ਲੱਗਾ ਹੈ ਕਿ ਇਨ੍ਹਾਂ ਦੋਵਾਂ ਨੇ ਮੁੱਖ ਦੋਸ਼ੀ ਉਮਰ ਉਨ ਨਬੀ ਨੂੰ ਹਥਿਆਰ ਅਤੇ ਗੋਲਾ ਬਾਰੂਦ ਸਪਲਾਈ ਕੀਤਾ ਸੀ। ਦੋਵੇਂ ਅੰਸਾਰ ਗਜ਼ਵਤ-ਉਲ-ਹਿੰਦ ਸੰਗਠਨ ਦੇ ਸਰਗਰਮ ਮੈਂਬਰ ਹਨ ਅਤੇ ਕਈ ਅੱਤਵਾਦੀ ਸਾਜ਼ਿਸ਼ਾਂ ਵਿੱਚ ਸ਼ਾਮਲ ਰਹੇ ਹਨ। ਐਨਆਈਏ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਜ਼ਮੀਰ ਅਹਿਮਦ ਅਹੰਗਰ ਗੰਦਰਬਲ ਦਾ ਰਹਿਣ ਵਾਲਾ ਹੈ, ਜਦੋਂ ਕਿ ਤੁਫੈਲ ਅਹਿਮਦ ਭੱਟ ਸ੍ਰੀਨਗਰ ਦਾ ਰਹਿਣ ਵਾਲਾ ਹੈ। ਦੋਸ਼ ਹੈ ਕਿ ਦੋਵੇਂ ਦਿੱਲੀ ਧਮਾਕਿਆਂ ਨਾਲ ਸਬੰਧਤ ਸਾਜ਼ਿਸ਼ ਵਿੱਚ ਸਰਗਰਮੀ ਨਾਲ ਸ਼ਾਮਲ ਸਨ। ਉਨ੍ਹਾਂ ਨੇ ਮੁੱਖ ਮੁਲਜ਼ਮ ਡਾ. ਉਮਰ ਨੂੰ ਹਥਿਆਰ ਸਪਲਾਈ ਕੀਤੇ ਸਨ। ਪਿਛਲੇ ਸਾਲ 10 ਨਵੰਬਰ ਨੂੰ ਦਿੱਲੀ ਦੇ ਲਾਲ ਕਿਲ੍ਹੇ ਨੇੜੇ ਹੋਏ ਕਾਰ ਬੰਬ ਧਮਾਕੇ ਵਿੱਚ ਕਈ ਲੋਕ ਮਾਰੇ ਗਏ ਸਨ ਅਤੇ ਕਈ ਹੋਰ ਜ਼ਖਮੀ ਹੋ ਗਏ ਸਨ। ਮੁੱਖ ਮੁਲਜ਼ਮ ਉਮਰ ਉਨ ਨਬੀ ਵੀ ਇਸ ਧਮਾਕੇ ਵਿੱਚ ਮਾਰਿਆ ਗਿਆ ਸੀ। ਐਨਆਈਏ ਇਸ ਹਮਲੇ ਦੀ ਜਾਂਚ ਕਰ ਰਹੀ ਹੈ। ਐਨਆਈਏ ਨੇ ਪਾਇਆ ਹੈ ਕਿ ਜ਼ਮੀਰ ਅਤੇ ਤੁਫੈਲ ਅੰਸਾਰ ਗਜ਼ਵਤ-ਉਲ-ਹਿੰਦ ਅੱਤਵਾਦੀ ਸੰਗਠਨ ਦੇ ਸਰਗਰਮ ਕਾਰਕੁਨ ਹਨ।" ਬਿਆਨ ਵਿੱਚ ਕਿਹਾ ਗਿਆ ਹੈ ਕਿ ਐਨਆਈਏ ਜੰਮੂ-ਕਸ਼ਮੀਰ ਪੁਲਿਸ, ਹਰਿਆਣਾ ਪੁਲਿਸ ਅਤੇ ਹੋਰ ਏਜੰਸੀਆਂ ਨਾਲ ਤਾਲਮੇਲ ਕਰਕੇ ਕੰਮ ਕਰ ਰਹੀ ਹੈ। ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਜ਼ਮੀਰ ਅਤੇ ਤੁਫੈਲ ਧਮਾਕੇ ਦੀ ਸਾਜ਼ਿਸ਼ ਸਮੇਤ ਕਈ ਹੋਰ ਅੱਤਵਾਦੀ ਸਾਜ਼ਿਸ਼ਾਂ ਵਿੱਚ ਸ਼ਾਮਲ ਸਨ। ਬਿਆਨ ਵਿੱਚ ਕਿਹਾ ਗਿਆ ਹੈ ਕਿ ਐਨਆਈਏ ਨੇ ਇੱਕ ਵਿਆਪਕ ਜਾਂਚ ਕੀਤੀ ਅਤੇ ਸਬੂਤਾਂ ਦੀ ਚੰਗੀ ਤਰ੍ਹਾਂ ਜਾਂਚ ਕੀਤੀ। ਐਨਆਈਏ ਨੇ ਪਾਇਆ ਕਿ ਦੋਵੇਂ ਦੋਸ਼ੀ ਦੇਸ਼ ਦੇ ਵਿਰੁੱਧ ਵਰਤੋਂ ਲਈ ਹਥਿਆਰ ਅਤੇ ਗੋਲਾ ਬਾਰੂਦ ਇਕੱਠਾ ਕਰਨ ਵਿੱਚ ਲੱਗੇ ਹੋਏ ਸਨ।

## ਪੰਜਾਬ 'ਚ 'ਆਪ' ਸਰਪੰਚ ਕਤਲ ਕਾਂਡ ਦੀ ਸਾਜ਼ਿਸ਼ ਰਚਣ ਵਾਲਾ ਮੁੱਖ ਮੁਲਜ਼ਮ ਗ੍ਰਿਫ਼ਤਾਰ, ਵਿਦੇਸ਼ ਭੱਜਣ ਦੀ ਫ਼ਿਰਾਕ ਵਿੱਚ ਸੀ ਦੋਸ਼ੀ

**ਤਰਨ-ਤਾਰਨ, 26 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਤਰਨਤਾਰਨ ਤੋਂ ਵੱਡੀ ਖਬਰ ਆਈ ਹੈ।



ਦੱਸ ਦੇਈਏ ਕਿ ਆਮ ਆਦਮੀ ਪਾਰਟੀ ਦੇ ਸਰਪੰਚ ਹਰਬਰਿੰਦਰ ਸਿੰਘ ਦੇ ਕਤਲ ਮਾਮਲੇ ਵਿੱਚ ਇੱਕ ਵੱਡੀ ਅਪਡੇਟ ਸਾਹਮਣੇ ਆਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਪੁਲਿਸ ਨੇ ਇਸ ਕਤਲ ਦੀ ਸਾਜ਼ਿਸ਼ ਰਚਣ ਵਾਲੇ ਮੁੱਖ ਮੁਲਜ਼ਮ ਨੂੰ ਗ੍ਰਿਫਤਾਰ ਕਰ ਲਿਆ ਹੈ। ਇਹ ਮੁਲਜ਼ਮ ਵਿਦੇਸ਼ ਭੱਜਣ ਦੀ ਫਿਰਾਕ ਵਿੱਚ ਸੀ, ਜਿਸ ਨੂੰ ਪੁਲਿਸ ਨੇ ਹਵਾਈ ਅੱਡੇ ਤੋਂ ਕਾਬੂ ਕਰ ਲਿਆ ਹੈ, ਜੋ ਕਿ ਚੋਲਾ ਸਾਹਿਬ ਦਾ ਨਿਵਾਸੀ ਦੱਸਿਆ ਜਾ ਰਿਹਾ ਹੈ। ਜਾਣਕਾਰੀ ਮੁਤਾਬਕ ਇਸੇ ਵਿਅਕਤੀ ਨੇ ਹੀ ਹੱਤਿਆ ਦੀ ਪੂਰੀ ਪਲਾਨਿੰਗ ਤਿਆਰ ਕੀਤੀ ਸੀ। ਪੁਲਿਸ ਵੱਲੋਂ ਇਸ ਸਬੰਧੀ ਜਲਦੀ ਹੀ ਇੱਕ ਪ੍ਰੈਸ ਕਾਨਫਰੰਸ ਕੀਤੀ ਜਾ ਰਹੀ ਹੈ, ਜਿਸ ਵਿੱਚ ਹੋਰ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ। ਜ਼ਿਕਰਯੋਗ ਹੈ ਕਿ ਸਰਪੰਚ ਹਰਬਰਿੰਦਰ ਸਿੰਘ ਦਾ ਕਤਲ ਬੀਤੇ ਬੁੱਧਵਾਰ ਨੂੰ ਸਿੱਧੂ ਫਾਰਮ ਵਿਖੇ ਇੱਕ ਵਿਆਹ ਸਮਾਗਮ ਦੌਰਾਨ ਗੋਲੀਆਂ ਮਾਰ ਕੇ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਪੁਲਸ ਨੇ ਪਿੰਡ ਜਲੋਕੇ ਦੇ ਹਥਾੜ ਇਲਾਕੇ ਵਿੱਚ ਇੱਕ ਮੁਕਾਬਲੇ (ਐਨਕਾਊਂਟਰ) ਦੌਰਾਨ ਦੋ ਮੁੱਖ ਮੁਲਜ਼ਮਾਂ ਨੂੰ ਜ਼ਖਮੀ ਹਾਲਤ ਵਿੱਚ ਗ੍ਰਿਫਤਾਰ ਕੀਤਾ ਸੀ। ਹੁਣ ਸਾਜ਼ਿਸ਼ਕਰਤਾ ਦੀ ਗ੍ਰਿਫਤਾਰੀ ਨਾਲ ਇਸ ਕਤਲ ਕਾਂਡ ਦੀਆਂ ਕਈ ਹੋਰ ਪਰਤਾਂ ਖੁੱਲ੍ਹਣ ਦੀ ਉਮੀਦ ਹੈ।

## ਸ਼ੋਅਰੂਮ 'ਚ 'ਕ੍ਰਿਪਾਨ' ਪਹਿਨਣ 'ਤੇ ਦਾਖ਼ਲੇ ਤੋਂ ਰੋਕਿਆ, ਵੀਡੀਓ ਵਾਇਰਲ ਹੋਣ ਮਗਰੋਂ ਭਖਿਆ ਵਿਵਾਦ

**ਇੰਫਾਲ:** ਮਣੀਪੁਰ ਦੀ ਰਾਜਧਾਨੀ ਇੰਫਾਲ ਤੋਂ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਇੱਕ ਮੰਦਭਾਗਾ ਮਾਮਲਾ ਸਾਹਮਣੇ ਆਇਆ ਹੈ। ਇੱਥੋਂ ਦੇ ਇੱਕ ਨਾਮੀ ਸ਼ੋਅਰੂਮ ਵਿੱਚ ਦੋ ਅੰਮ੍ਰਿਤਧਾਰੀ ਸਿੱਖ ਭਰਾਵਾਂ ਨੂੰ ਸਿਰਫ਼ ਇਸ ਲਈ ਅੰਦਰ ਜਾਣ ਤੋਂ ਰੋਕ ਦਿੱਤਾ ਗਿਆ, ਕਿਉਂਕਿ ਉਨ੍ਹਾਂ ਨੇ ਆਪਣੀ ਧਾਰਮਿਕ ਪਛਾਣ ਦਾ ਪ੍ਰਤੀਕ 'ਕ੍ਰਿਪਾਨ' ਧਾਰਨ ਕੀਤੀ ਹੋਈ ਸੀ। ਇਸ ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ, ਜਿਸ ਤੋਂ ਬਾਅਦ ਸਿੱਖ ਸੰਗਤ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਦੋ ਅੰਮ੍ਰਿਤਧਾਰੀ ਸਿੱਖ ਨੌਜਵਾਨ ਇੰਫਾਲ ਦੇ ਇੱਕ ਸ਼ੋਅਰੂਮ ਵਿੱਚ ਗਏ ਸਨ। ਇਸ ਦੌਰਾਨ ਉਨ੍ਹਾਂ ਦੇ ਨਾਲ ਕੁਝ ਹਿੰਦੂ ਲੋਕ ਵੀ ਸਨ।

ਸ਼ੋਅਰੂਮ ਦੇ ਸਟਾਫ਼ ਅਤੇ ਸੁਰੱਖਿਆ ਕਰਮਚਾਰੀਆਂ ਨੇ ਜਦੋਂ ਉਨ੍ਹਾਂ ਨੂੰ ਦੇਖਿਆ ਤਾਂ ਅੰਦਰ ਜਾਣ ਤੋਂ ਰੋਕ ਦਿੱਤਾ। ਉਨ੍ਹਾਂ ਕਿਹਾ ਕਿ ਲੋਕ ਤੁਹਾਡੇ ਕੋਲ ਡਰ ਰਹੇ ਹਨ, ਜਿਸ ਕਰਕੇ ਤੁਸੀਂ ਸ਼ੋਅਰੂਮ ਵਿਚੋਂ ਬਾਹਰ ਚਲੇ ਜਾਓ। ਇਸ ਦੌਰਾਨ ਉਨ੍ਹਾਂ ਦਾ ਤਰਕ ਸੀ ਕਿ ਕ੍ਰਿਪਾਨ ਨਾਲ ਅੰਦਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਸਿੱਖ ਨੌਜਵਾਨਾਂ ਨੇ ਇਸ ਨੂੰ ਆਪਣੀ ਧਾਰਮਿਕ ਆਜ਼ਾਦੀ 'ਤੇ ਹਮਲਾ ਦੱਸਦਿਆਂ ਉੱਥੇ ਹੀ ਵਿਰੋਧ ਸ਼ੁਰੂ ਕਰ ਦਿੱਤਾ। ਲਗਭਗ 40 ਮਿੰਟ ਤੱਕ ਚੱਲੀ ਲੰਬੀ ਬਹਿਸ ਤੋਂ ਬਾਅਦ, ਜਦੋਂ ਮਾਮਲਾ ਵਧਦਾ ਦੇਖਿਆ ਤਾਂ ਸ਼ੋਅਰੂਮ ਦੇ ਮੈਨੇਜਰ ਨੇ ਮੌਕੇ 'ਤੇ ਪਹੁੰਚ ਕੇ ਮੁਆਫੀ ਮੰਗੀ।

## ਚੁਨੌਤੀ ਸਿਰਫ ਸਿਖਰ ਤੇ ਪਹੁੰਚਣਾ ਨਹੀਂ ਬਲਕਿ ਬਣੇ ਰਹਿਣਾ ਹੁੰਦਾ

### ☛ 2014 ਤੋਂ 2020 ਤੱਕ ਮੁੱਖ ਸਪੋਂਸਰ ਦੇ ਤੌਰ ਤੇ 2021 ਤੋਂ 2026 ਤੱਕ ਮੁੱਖ ਪ੍ਰਬੰਧਕ ਦੇ ਤੌਰ ਤੇ ਕਰਵਾ ਰਹੇ ਨੇ ਕਬੱਡੀ ਟੂਰਨਾਮੈਂਟ

**ਆਪਣੀ** ਮਿੱਟੀ ਨਾਲ, ਆਪਣੇ ਪਿੰਡ ਨਾਲ, ਪਿੰਡ ਦੀਆਂ ਰਵਾਇਤੀ ਖੇਡਾਂ ਨਾਲ ਪਿਆਰ ਹੀ ਕਹਿ ਸਕਦੇ ਆ ਇਹਨਾਂ ਗੱਲਾਂ ਨੂੰ । ਸਿਆਣੇ ਕਹਿੰਦੇ ਨੇ ਚੁਣੌਤੀ ਸਿਰਫ ਸਿਖਰ ਤੇ ਪਹੁੰਚਣਾ ਨਹੀਂ ਹੁੰਦਾ ਬਲਕਿ ਬਣੇ ਰਹਿਣਾ ਹੁੰਦਾ । ਲਗਭਗ ਪਿਛਲੇ 12 ਸਾਲਾਂ ਤੋਂ ਪਿੰਡ ਬਲਬੇੜਾ ਵਿੱਚ ਹੋਣ ਵਾਲੇ ਕਬੱਡੀ ਕੱਪ ਦੇ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਹਰਮੇਸ਼ ਸਿੰਘ ਰੋਡਾ ਆਸਟਰੇਲੀਆ ਮਾਂ ਖੇਡ ਕਬੱਡੀ ਨੂੰ ਸਮਰਪਿਤ ਹੋ ਕੇ ਖੇਡਾਂ ਕਰਵਾ ਰਹੇ ਨੇ । ਮੇਰੇ ਸਮਰਪਿਤ ਸ਼ਬਦ ਲਿਖਣ ਦਾ ਮਤਲਬ ਹੈ ਕਿ ਸਲਾਨਾ ਦਾ ਨਿਯਮ । ਆਪਾਂ ਇਹ ਗੱਲ ਕਹਿ ਦਿੰਨੇ ਆ ਕਿ ਹਰੇਕ ਸਾਲ ਮਾਂ ਖੇਡ ਕਬੱਡੀ ਦਾ ਟੂਰਨਾਮੈਂਟ ਕਰਾਉਂਦੇ ਨੇ ਇਹ ਵੀ ਚੁਣੌਤੀ ਨਹੀਂ । ਚੁਣੌਤੀ ਹੈ ਟੂਰਨਾਮੈਂਟ ਦੀ ਤਰੀਕ ਤੈਅ ਕਰਨ ਤੋਂ ਲੈ ਕੇ ਸਮਾਪਤੀ ਤੱਕ ਦੇ ਪ੍ਰਬੰਧਾਂ ਦੇ ਵਿੱਚ ਲੋੜਾਂ ਨੂੰ ਪੂਰਾ ਕਰਨਾ । ਹਰੇਕ ਸਾਲ ਸਹਿਯੋਗੀਆਂ ਨੂੰ ਜੋੜ ਕੇ ਰੱਖਣਾ । ਮੈਨੂੰ ਲਿਖਣ ਤੇ ਸਮਝਾਉਣ ਦੇ ਵਿੱਚ ਇਹ ਗੱਲਾਂ ਸੌਖੀਆਂ ਹੀ ਲੱਗ ਰਹੀਆਂ ਨੇ । ਪਰ ਇਹ ਉਹ ਸਮਝ ਸਕਦੇ ਨੇ ਜਿਨਾਂ ਨੇ ਗਰਾਊਂਡ ਜ਼ੀਰੋ ਤੇ ਸਾਰਾ ਕੁਝ ਪ੍ਰਬੰਧ ਕਰਨਾ ਹੁੰਦਾ । ਇਸ ਸਭ ਦੇ ਵਿੱਚ ਸੰਸਾਰ ਦੇ ਕਿਸੇ ਵੀ ਕੋਨੇ ਤੋਂ ਫੋਨ ਆ ਜਾਵੇ ਕਿ ਮਾਂ ਖੇਡ ਕਬੱਡੀ ਕਰਾਉਣ ਲੱਗੇ ਹੋ ਤੁਸੀਂ ਕੋਈ ਸਹਿਯੋਗ ਕਰੋਗੇ ਤਾਂ ਵੀ ਵੱਡਾ ਸਹਿਯੋਗ ਕੀਤਾ ਜਾਂਦਾ ਹੈ ।



**-ਪਰਗਟ ਸਿੰਘ ਬਲਬੇੜਾ, 9022000070**

## ਮਾਮਲਾ ਪ੍ਰੀਖਿਆ ਕੇਂਦਰਾਂ ਅੰਦਰ ਸਿੱਖ ਬੱਚਿਆਂ ਦੇ ਕਕਾਰ ਲੁਹਾਉਣ ਦਾ, ਕਕਾਰਾਂ ਬਾਰੇ ਜਾਗਰੂਕ ਕਰਣ ਲਈ ਕੇਂਦਰ ਸਰਕਾਰ ਅੱਗੇ ਦੇਸ਼ ਦੇ ਹਰ ਸਕੂਲ ਨੂੰ ਸਰਕੂਲਰ ਭੇਜਣ ਦੀ ਮੰਗ: ਬੀਬੀ ਰਣਜੀਤ ਕੌਰ

**ਨਵੀਂ ਦਿੱਲੀ 26 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਦੇ ਇਕ ਇਲਾਕੇ ਦਿੱਲੀ ਕੈਂਟ ਵਿਖੇ ਪ੍ਰੀਖਿਆ ਲਈ ਪਹੁੰਚੇ ਇਕ ਗੁਰਸਿੱਖ ਲੜਕੇ ਨੂੰ ਸਿੱਖ ਕਕਾਰ ਕਿਰਪਾਨ ਉਤਾਰਨ ਲਈ ਮਜਬੂਰ ਕਰਣ ਦਾ ਸਖ਼ਤ ਨੋਟਿਸ ਲੈਂਦਿਆਂ ਦਿੱਲੀ ਗੁਰਦੁਆਰਾ ਕਮੇਟੀ ਦੇ ਮੈਂਬਰ ਬੀਬੀ ਰਣਜੀਤ ਕੌਰ ਨੇ ਕਿਹਾ ਕਿ ਇਹ ਦੇਸ਼ ਦੇ ਸੰਵਿਧਾਨ ਦੀ ਵੱਡੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਭਾਰਤ ਦੇ ਸੰਵਿਧਾਨ ਅਨੁਸਾਰ ਸਿੱਖਾਂ ਨੂੰ ਕਿਰਪਾਨ ਪਹਿਨਣ ਦਾ ਪੂਰਾ ਅਧਿਕਾਰ ਹੈ ਅਤੇ ਸਿੱਖ ਰਹਿਤ ਮਰਿਆਦਾ ਅਨੁਸਾਰ ਕੋਈ ਵੀ ਅੰਮ੍ਰਿਤਧਾਰੀ ਸਿੱਖ ਆਪਣੇ ਸਰੀਰ ਨਾਲੋਂ ਪੰਜ ਸਿੱਖ ਕਕਾਰ ਵੱਖ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਪਿਛਲੇ ਕੁਝ ਸਮੇਂ ਤੋਂ ਦੇਸ਼ 'ਚ ਸਿੱਖ ਉਮੀਦਵਾਰਾਂ ਨੂੰ ਖਾਸ ਕਰਕੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਅਤੇ ਅਕਸਰ ਹੀ ਅਜਿਹੀਆਂ ਘਟਨਾਵਾਂ ਸਾਹਮਣੇ ਆਉਂਦੀਆਂ ਹਨ, ਜਿਨ੍ਹਾਂ ਵਿਚ ਅੰਮ੍ਰਿਤਧਾਰੀ ਸਿੱਖਾਂ ਦੇ ਧਾਰਮਿਕ ਚਿੰਨ੍ਹ ਕਕਾਰ ਉਤਾਰਨ ਲਈ ਆਖਿਆ ਜਾਂਦਾ ਹੈ ਅਤੇ ਵਿਰੋਧ ਕਰਨ ਉੱਤੇ ਮੁਕਾਬਲਾ ਪ੍ਰੀਖਿਆਵਾਂ ਵਿਚ ਦਾਖਲਾ ਨਹੀਂ ਦਿੱਤਾ ਜਾਂਦਾ। ਉਨ੍ਹਾਂ ਦਿੱਲੀ ਕਮੇਟੀ ਪ੍ਰਧਾਨ ਅਤੇ ਸਕੱਤਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵਲੋਂ ਮਾਮਲੇ ਦਾ ਪਤਾ ਲਗਦਿਆ ਹੀ ਸਮੇਂ ਸਿਰ ਭੇਜੀ ਟੀਮ ਵਲੋਂ ਸਕੂਲ ਪ੍ਰਬੰਧਕਾਂ ਨਾਲ ਮਿਲ਼ ਕੇ ਤੁਰੰਤ ਮਸਲੇ ਨੂੰ ਹੱਲ ਕਰਵਾਇਆ ਗਿਆ ਅਤੇ ਪ੍ਰੀਖਿਆ ਕੇਂਦਰ ਵਿਚ ਸਿੱਖ ਨੌਜੁਆਨ ਨੂੰ ਕਿਰਪਾਨ ਭਿੱਜਵਾ ਦਿੱਤੀ ਗਈ ਗਈ । ਅੰਤ ਵਿਚ ਉਨ੍ਹਾਂ ਕਿਹਾ ਕਿ ਸਿੱਖ ਉਮੀਦਵਾਰਾਂ ਨਾਲ ਕੀਤਾ ਜਾਂਦਾ ਇਹ ਵਿਤਕਰਾ ਉਨ੍ਹਾਂ ਦੀ ਮਾਨਸਿਕਤਾ ਨੂੰ ਸੱਟ ਮਾਰਦਾ ਹੈ, ਕਿਉਂਕਿ ਪੇਪਰ ਤੋਂ ਪਹਿਲਾਂ ਉਮੀਦਵਾਰਾਂ ਨਾਲ ਅਜਿਹੇ ਅਪਰਾਧਿਕ ਵਿਹਾਰ ਕਰ ਕੇ ਪੇਪਰ ਵਿਚ ਕਾਰਗੁਜ਼ਾਰੀ ਉੱਤੇ ਅਸਰ ਪੈਂਦਾ ਹੈ। ਇਸ ਲਈ ਸਰਕਾਰ ਨੂੰ ਸਿੱਖਾਂ ਦੇ ਕਕਾਰਾਂ ਬਾਰੇ ਜਾਗਰੂਕ ਕਰਦਿਆਂ ਦੇਸ਼ ਦੇ ਹਰ ਸਕੂਲ ਨੂੰ ਸਰਕੂਲਰ ਭੇਜਣਾ ਚਾਹੀਦਾ ਹੈ ਜਿਸ ਨਾਲ ਅੱਗੇ ਤੋਂ ਇਸ ਤਰ੍ਹਾਂ ਦੀਆਂ ਘਟਨਾਵਾਂ ਨਾ ਵਾਪਰ ਸਕਣ ।



## ਮਾਨ ਸਰਕਾਰ ਵਲੋਂ ਕੀਤੇ ਜਾ ਰਹੇ ਲੋਕ ਪੱਖੀ ਫੈਸਲੈ ਕਾਬਿਲੇ ਤਾਰੀ.ਫ ਹਨ: ਸਤਿੰਦਰ ਸਿੰਘ ਚੱਠਾ

ਧੂਰੀ ( ਰਣਜੀਤ ਸਿੰਘ ਪੇਧਨੀ) ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਵਪੱਖੀ ਵਿਕਾਸ ਲਈ ਚੁੱਕੇ ਜਾ ਰਹੇ ਲੋਕ ਹਿਤੈਸ਼ੀ ਕਦਮਾਂ ਨਾਲ ਪੰਜਾਬ ਦਾ ਹਰ ਵਾਸੀ ਖੁਸ਼ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਐਫਸੀਆਈ ਟਰੇਡ ਯੂਨੀਅਨ ਭਾਰਤ ਦੇ ਪ੍ਰਧਾਨ ਸਤਿੰਦਰ ਸਿੰਘ ਚੱਠਾ ਨੇ ਕੀਤਾ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਜੋ ਫੈਸਲੇ ਲਏ ਹਨ, ਉਹ ਸਿਰਫ ਇਤਿਹਾਸਿਕ ਹੀ ਨਹੀਂ ਸਗੋਂ, ਆਮ ਲੋਕਾਂ ਦੀ ਜ਼ਿੰਦਗੀ ਨਾਲ ਸਿੱਧੇ ਤੌਰ 'ਤੇ ਜੁੜੇ ਹੋਏ ਹਨ। ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਤੇ ਕਿਸਾਨੀ ਖੇਤਰ ਵਿੱਚ ਕੀਤੇ ਗਏ ਸੁਧਾਰਾਂ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ ਤੇ ਸਰਕਾਰ ਪ੍ਰਤੀ ਲੋਕਾਂ ਦਾ ਭਰੋਸਾ ਹੋਰ ਵੀ ਮਜਬੂਤ ਹੋਇਆ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਚਲਾਈ ਗਈ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਗਰੀਬ ਤੇ ਮੱਧ ਵਰਗ ਦੇ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ। ਉਹਨਾਂ ਕਿਹਾ ਇਸ ਯੋਜਨਾ ਨਾਲ ਹੁਣ ਮਹਿੰਗੇ ਇਲਾਜ ਦੀ ਚਿੰਤਾ ਖਤਮ ਹੋ ਗਈ ਹੈ ਤੇ ਹਰ ਵਰਗ ਨੂੰ ਇਲਾਜ ਕਰਾਉਣ ਦਾ ਹੱਕ ਮਿਲਿਆ ਹੈ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਕਾਨੂੰਨ ਵਿਵਸਥਾ ਨੂੰ ਮਜਬੂਤ ਕਰਨ ਤੇ ਭ੍ਰਿਸ਼ਟਾਚਾਰ ਖਿਲਾਫ ਚਲਾਈ ਮੁਹਿੰਮ ਨਾਲ ਵਪਾਰੀ ਵਰਗ ਤੇ ਨਾਲ ਜੁੜੇ ਲੋਕਾਂ ਵਿੱਚ ਭਰੋਸਾ ਵਧਿਆ ਹੈ। ਉਹਨਾਂ ਕਿਹਾ ਕਿ ਸਾਫ ਸੁਥਰੀ ਪ੍ਰਸ਼ਾਸਨ ਪ੍ਰਣਾਲੀ ਕਾਰਨ ਆਮ ਲੋਕਾਂ ਨੂੰ ਸਰਕਾਰੀ ਦਫਤਰਾਂ ਵਿੱਚ ਭਟਕਣਾ ਨਹੀਂ ਪੈਂਦਾ ਨੌਜਵਾਨ ਵਰਗ ਲਈ ਸਿੱਖਿਆ ਤੇ ਰੁਜ਼ਗਾਰ ਦੇ ਖੇਤਰ ਵਿੱਚ ਮਾਨ ਸਰਕਾਰ ਵੱਲ ਕੀਤੇ ਜਾ ਰਹੇ ਉਪਰਾਲੇ ਕਾਬਲੇ-ਤਰੀਫ ਹਨ। ਉਨ੍ਹਾਂ ਕਿਹਾ ਕਿ ਆਪ ਸਰਕਾਰ ਦੇ ਇਤਿਹਾਸਿਕ ਫੈਸਲਿਆਂ ਕਰਕੇ ਪੰਜਾਬ ਦੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੜ ਤੋਂ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫਤਵਾ ਦੇਣਗੇ।



### ਭਗਵੰਤ ਮਾਨ ਸਰਕਾਰ ਰਾਜਨੀਤਿਕ ਲਾਭ ਲਈ ਰਾਜ ਵਿੱਚ

## ਝੂਠੇ ਪੁਲਿਸ ਮੁਕਾਬਲਿਆਂ ਦੇ ਸੱਭਿਆਚਾਰ ਨੂੰ ਮੁੜ ਸੁਰਜੀਤ ਕਰਨ ਦੇ ਰਾਹ ਤੁਰੀ : ਸਰਨਾ

ਨਵੀਂ ਦਿੱਲੀ, 26 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):— ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ 'ਤੇ ਦੋਸ਼ ਲਗਾਇਆ ਹੈ ਕਿ ਉਹ ਗੁਰਦਾਸਪੁਰ ਪੁਲਿਸ ਮੁਲਾਜ਼ਮਾਂ ਦੇ ਕਤਲ ਮਾਮਲੇ ਵਿੱਚ ਕਥਿਤ ਦੋਸ਼ੀ ਨੌਜਵਾਨ ਦੇ ਝੂਠੇ ਮੁਕਾਬਲੇ ਰਾਹੀਂ, ਰਾਜਨੀਤਿਕ ਲਾਭ ਲਈ ਰਾਜ ਵਿੱਚ ਇੱਕ ਖਤਰਨਾਕ ਪੁਲਿਸ ਮੁਕਾਬਲਿਆਂ ਦੇ ਸੱਭਿਆਚਾਰ ਨੂੰ ਮੁੜ ਸੁਰਜੀਤ ਕਰਨ ਦੇ ਰਾਹ ਪੈ ਗਈ ਹੈ । ਅੰਤਰਰਾਸ਼ਟਰੀ ਸਰਹੱਦ ਨੇੜੇ ਅਦ੍ਹਿਆਣ ਚੈੱਕਪੋਸਟ 'ਤੇ ਇੱਕ ਸਹਾਇਕ ਸਬ ਇੰਸਪੈਕਟਰ ਅਤੇ ਇੱਕ ਹੋਮ ਗਾਰਡ ਜਵਾਨ ਦੀ ਹੱਤਿਆ ਦੇ ਤਿੰਨ ਦੋਸ਼ੀਆਂ ਵਿੱਚੋਂ ਇੱਕ ਦੇ ਗੁਰਦਾਸਪੁਰ ਮੁਕੇਰੀਆਂ ਸੜਕ 'ਤੇ ਪੁਰਾਣਾਸ਼ਾਲਾ ਨੇੜੇ ਪੁਲਿਸ ਗੋਲੀਬਾਰੀ ਵਿੱਚ ਮਾਰੇ ਜਾਣ ਦੀਆਂ ਰਿਪੋਰਟਾਂ 'ਤੇ ਪ੍ਰਤੀਕਿਰਿਆ ਦਿੰਦੇ ਹੋਏ, ਸਰਨਾ ਨੇ ਕਿਹਾ ਕਿ ਘਟਨਾਵਾਂ ਦਾ ਕ੍ਰਮ ਢੁਕਵੀਂ ਪ੍ਰਕਿਰਿਆ ਅਤੇ ਜਵਾਬਦੇਹੀ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਪੰਜਾਬ ਪੁਲਿਸ ਨੇ ਕਿਹਾ ਹੈ ਕਿ ਏਐਸਆਈ ਗੁਰਨਾਮ ਸਿੰਘ ਅਤੇ ਹੋਮ ਗਾਰਡ ਅਸ਼ੋਕ ਕੁਮਾਰ ਦੀ ਹੱਤਿਆ ਦੇ ਸ਼ੱਕੀਆਂ ਵਿੱਚੋਂ ਇੱਕ ਰਣਜੀਤ ਸਿੰਘ ਨੂੰ ਮੁਕਾਬਲੇ ਦੌਰਾਨ ਗੋਲੀ ਮਾਰ ਦਿੱਤੀ ਗਈ ਸੀ, ਜਦੋਂ ਕਿ ਇੱਕ ਹੋਰ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਤੀਜਾ ਫਰਾਰ ਹੈ। ਸਰਨਾ ਨੇ ਦੋਸ਼ ਲਗਾਇਆ ਕਿ ਅਜਿਹੇ ਮੁਕਾਬਲੇ ਦੇ ਕਤਲ ਕਾਨੂੰਨ ਦੇ ਰਾਜ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਠੇਸ ਪਹੁੰਚਾਉਣ ਵਾਲੇ ਹਨ ਤੇ ਇਹ ਸਿਆਸਤ ਤੋਂ ਪ੍ਰੇਰਤ ਹਨ । ਸਰਕਾਰ ਆਪਣੀਆਂ ਨਾਕਾਮੀਆਂ ਲੁਕਾਉਣ ਲਈ ਪੰਜਾਬ ਦੀ ਜਵਾਨੀ ਦਾ ਸ਼ਿਕਾਰ ਖੇਡਣ ਦੇ ਰਾਹ ਪੈ ਗਈ ਹੈ । ਸੂਬੇ ਦੇ ਲੋਕਾਂ ਅੰਦਰ ਇਹ ਗੱਲ ਪੂਰੀ ਤਰ੍ਹਾਂ ਘਰ ਕਰ ਚੁੱਕੀ ਹੈ ਕਿ ਪੰਜਾਬ ਪੂਰੀ ਤਰ੍ਹਾਂ ਪੁਲਿਸ ਸਟੇਟ ਬਣ ਚੁੱਕਿਆ ਹੈ । ਜਿੱਥੇ ਕਿਤੇ ਵੀ ਤੇ ਕਿਸੇ ਨੂੰ ਵੀ ਮੁਕਾਬਲੇ ਵਿੱਚ ਮਾਰਿਆ ਜਾ ਸਕਦਾ ਹੈ । ਸਰਨਾ ਨੇ ਇਸ ਕਥਿਤ ਮੁਕਾਬਲੇ ਦੀ ਹਾਈ ਕੋਰਟ ਦੇ ਇੱਕ ਮੌਜੂਦਾ ਜੱਜ ਦੁਆਰਾ ਨਿਗਰਾਨੀ ਹੇਠ ਇੱਕ ਸਮਾਂਬੱਧ ਨਿਆਂਇਕ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਜੇਕਰ ਇਹ ਵਰਤਾਰਾ ਇੱਥੇ ਹੀ ਨਾ ਰੋਕਿਆ ਗਿਆ ਤਾਂ ਸੂਬੇ ਲਈ ਗੰਭੀਰ ਸਮੱਸਿਆਵਾਂ ਪੈਦਾ ਕਰੇਗਾ । ਅੰਤ ਵਿਚ ਸਰਨਾ ਨੇ ਕਿਹਾ ਪੰਜਾਬ ਦੇ ਲੋਕ ਪਾਰਦਰਸ਼ਤਾ ਅਤੇ ਸੰਵਿਧਾਨਕ ਪੁਲਿਸ ਪ੍ਰਬੰਧ ਦੇ ਹੱਕਦਾਰ ਹਨ। ਤੱਥਾਂ ਅਤੇ ਜ਼ਿੰਮੇਵਾਰੀ ਨੂੰ ਸਥਾਪਤ ਕਰਨ ਲਈ ਇਸ ਮੁਕਾਬਲੇ ਦੀ ਉੱਚ ਪੱਧਰੀ ਜਾਂਚ ਤੇ ਦੋਸ਼ੀਆਂ ਖ਼ਿਲਾਫ਼ ਢੁਕਵੀਂ ਕਾਨੂੰਨੀ ਕਾਰਵਾਈ ਹੀ ਲੋਕਾਂ ਦੇ ਭਰੋਸੇ ਨੂੰ ਬਹਾਲ ਕਰ ਸਕਦੀ ਹੈ।



**ਸਰਕਾਰ ਆਪਣੀਆਂ ਨਾਕਾਮੀਆਂ ਲੁਕਾਉਣ ਲਈ ਨੌਜੁਆਨੀ ਦਾ ਸ਼ਿਕਾਰ ਖੇਡਣ ਦੇ ਪਈ ਰਾਹ**

## ਪੰਜਾਬ ਬਚਾਓ ਰੈਲੀਆਂ ਨੂੰ ਲੈ ਕੇ ਵਿਰੋਧੀ ਧਿਰਾਂ ਨੂੰ ਹੱਥਾਂ ਪੈਰਾਂ ਦੀ ਪੈ ਚੁੱਕੀ ਹੈ : ਬਲਜੋਤ ਧੂਰੀ

ਧੂਰੀ (ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਅਕਾਲੀ ਦਲ ਦੇ ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਅੰਦਰ ਕੀਤੀਆਂ ਜਾ ਰਹੀਆਂ 'ਪੰਜਾਬ ਬਚਾਓ ਰੈਲੀਆਂ ਨੂੰ ਲੈ ਕੇ ਵਿਰੋਧੀ ਧਿਰਾਂ ਨੂੰ ਹੱਥਾਂ ਪੈਰਾਂ ਦੀ ਪੈ ਚੁੱਕੀ ਹੈ। ਪੰਜਾਬ ਦੀ ਸਤਾ ਤੇ ਪਹਿਲੀ ਵਾਰ ਕਾਬਜ਼ ਹੋਈ 'ਆਪ' ਸਰਦਾਰ ਭਗਵੰਤ ਮਾਨ ਦੀ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ। ਜਿਸ ਨੂੰ ਲੈ ਕੇ ਪੰਜਾਬ ਵਾਸੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣ ਪੱਬਾ ਭਾਰ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹ ਤ ਨੂੰ ਵੇਖ ਕੇ ਵਿਰੋਧੀ ਧਿਰਾਂ ਨੂੰ ਹੱਥਾਂ ਪੈਰਾਂ ਦੀ ਪੈ ਚੁੱਕੀ ਹੈ ਕਿਉਂਕਿ ਸ਼੍ਰੋਮਣੀ ਅਕਾਲੀ ਦਲ ਵਿੱਚ ਲੋਕ ਵੱਡੇ ਪੱਧਰ ਤੇ ਸ਼ਾਮਲ ਹੋ ਰਹੇ ਹਨ ਲੋਕ ਭਲੀ ਭਾਂਤ ਜਾਣ ਚੁੱਕੇ ਹਨ ਕਿ ਸ਼੍ਰੋਮਣੀ ਅਕਾਲੀ ਦਲ ਹੀ ਇੱਕ ਅਜਿਹੀ ਸਰਕਾਰ ਹੈ, ਜਿਸ ਤੋਂ ਭਲੇ ਦੀ ਆਸ ਰੱਖੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਹੂੰਝਾ ਫੇਰ ਜਿੱਤ ਪ੍ਰਾਪਤ ਕਰਕੇ ਸਰਕਾਰ ਬਣਾਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ

# ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਸਰਵਿਸ ਤੋਂ ਕੀਤਾ ਰਿਟਾਇਰ



## ਐਡਵੋਕੇਟ ਧਾਮੀ ਨੇ ਆਪਣੇ ਕਾਰਜਕਾਲ ਦੌਰਾਨ ਸ਼੍ਰੋਮਣੀ ਕਮੇਟੀ ਦੀਆਂ ਜਾਇਦਾਦਾਂ ਅਤੇ ਜਮ੍ਹਾਂ ਪੂੰਜੀ ਵਿਚ ਵੱਡੇ ਵਾਧੇ ਦੇ ਦਿੱਤੇ ਵੇਰਵੇ

**ਨਵੀਂ ਦਿੱਲੀ, 26 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਉਚੇਚੀ ਇਕੱਤਰਤਾ ਅੱਜ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਦਿੱਤੇ ਗਏ 72 ਘੰਟੇ ਦਾ ਨੋਟਿਸ ਦਾ ਮਾਮਲਾ ਵਿਚਾਰਿਆ ਗਿਆ। ਇਸ ਇਕੱਤਰਤਾ ਦੌਰਾਨ ਗੰਭੀਰ ਵਿਚਾਰ-ਵਟਾਂਦਰੇ ਤੋਂ ਬਾਅਦ ਗਿਆਨੀ ਰਘਬੀਰ ਸਿੰਘ ਵੱਲੋਂ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਾਂ 'ਤੇ ਲਗਾਏ ਗਏ ਇਲਜ਼ਾਮਾਂ ਦੇ ਕੋਈ ਵੀ ਸਬੂਤ ਪੇਸ਼ ਨਾ ਕੀਤੇ ਜਾਣ ਅਤੇ ਨਿਯਮਾਂ ਦੀ ਅਣਦੇਖੀ ਕਰਕੇ ਪ੍ਰਬੰਧ ਸਬੰਧੀ ਮੁੜ ਸਵਾਲ ਖੜ੍ਹੇ ਕਰਨ ਕਰਕੇ ਉਨ੍ਹਾਂ ਨੂੰ ਸਰਵਿਸ ਤੋਂ ਰਿਟਾਇਰ ਕਰਨ ਦਾ ਫੈਸਲਾ ਕੀਤਾ ਗਿਆ। ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਬੀਤੇ ਦਿਨੀਂ ਪ੍ਰੈੱਸ ਕਾਨਫ਼ਰੰਸ ਕਰਕੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਾਂ ਖਿਲਾਫ਼ ਇਲਜ਼ਾਮ ਲਗਾ ਕੇ ਬਦਨਾਮੀ ਕੀਤੀ ਸੀ, ਜਿਸ ਲਈ ਉਨ੍ਹਾਂ ਨੂੰ 19 ਫ਼ਰਵਰੀ ਦੀ ਅੰਤ੍ਰਿੰਗ ਕਮੇਟੀ ਦੇ ਫੈਸਲੇ ਅਨੁਸਾਰ 72 ਘੰਟੇ ਦਾ ਨੋਟਿਸ ਦੇ ਕੇ ਸਬੂਤ ਪੇਸ਼ ਕਰਨ ਲਈ ਕਿਹਾ ਗਿਆ ਹੈ। ਪ੍ਰੰਤੂ ਉਨ੍ਹਾਂ ਨੀਅਤ ਸਮੇਂ ਵਿਚ ਕੋਈ ਵੀ ਸਬੂਤ ਪੇਸ਼ ਨਹੀਂ ਕੀਤੇ, ਸਗੋਂ ਸਰਵਿਸ ਨਿਯਮਾਂ ਦੀ ਅਣਦੇਖੀ ਕਰਕੇ ਪ੍ਰਬੰਧ ਸਬੰਧੀ ਮੁੜ ਸਵਾਲ ਖੜ੍ਹੇ ਕਰ ਦਿੱਤੇ। ਅੱਜ ਦੀ ਅੰਤ੍ਰਿੰਗ ਕਮੇਟੀ ਨੇ ਮਹਿਸੂਸ ਕੀਤਾ ਹੈ ਕਿ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਪ੍ਰੈੱਸ ਵਿਚ ਜਾ ਕੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਾਂ ਨੂੰ ਬਦਨਾਮ ਕੀਤਾ, ਜਿਸ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਦੇ ਅਹੁਦੇ ਦੀ ਮਾਣ-ਮਰਯਾਦਾ ਨੂੰ ਵੀ ਢਾਹ ਲੱਗੀ ਹੈ। ਗਿਆਨੀ ਰਘਬੀਰ ਸਿੰਘ ਦਾ ਪ੍ਰੈੱਸ ਵਿਚ ਬਿਆਨੀਆ ਸ਼੍ਰੋਮਣੀ ਕਮੇਟੀ ਦੇ ਸੇਵਾ ਨਿਯਮਾਂ ਦੀ ਵੀ ਉਲੰਘਣਾ ਹੈ। ਇਸ ਤੋਂ ਇਲਾਵਾ ਇਨ੍ਹਾਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਵੇਰੇ-ਸ਼ਾਮ ਦੀ ਆਪਣੀ ਸੇਵਾ ਵੀ ਬਹੁਤ ਘੱਟ ਨਿਭਾਉਣ ਕਰਕੇ ਇਹ ਮੁੱਖ ਗ੍ਰੰਥੀ ਦੇ ਸਤਿਕਾਰਤ ਅਤੇ ਜ਼ੁੰਮੇਵਾਰ ਅਹੁਦੇ ਨਾਲ ਇਨਸਾਫ਼ ਨਹੀਂ ਕਰ ਰਹੇ। ਇਸ ਸਭ ਦੇ ਮੱਦੇਨਜ਼ਰ ਅੱਜ ਦੀ ਅੰਤ੍ਰਿੰਗ ਕਮੇਟੀ ਵਿਚ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਸਰਵਿਸ ਤੋਂ ਰਿਟਾਇਰ ਕਰਨ ਦਾ ਫੈਸਲਾ ਕੀਤਾ ਗਿਆ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਜਾਇਦਾਦਾਂ ਦੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਵਿਰੁੱਧ ਕੁਝ ਲੋਕਾਂ ਵੱਲੋਂ ਝੂਠਾ ਬਿਰਤਾਂਤ ਸਿਰਜ ਕੇ ਸੰਗਤ ਵਿਚ ਭਰਮ ਭੁਲੇਖਾ ਪੈਦਾ ਕੀਤਾ ਜਾ ਰਿਹਾ ਹੈ, ਪ੍ਰੰਤੂ ਸਚਾਈ ਇਹ ਹੈ ਕਿ ਉਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਜਿਥੇ ਵੱਡੀ ਪੱਧਰ 'ਤੇ ਜਾਇਦਾਦਾਂ ਦੀ ਖਰੀਦ ਕੀਤੀ ਹੈ, ਉਥੇ ਹੀ ਗੁਰਦੁਆਰਾ ਸਾਹਿਬਾਨ, ਸ਼੍ਰੋਮਣੀ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਦੀਆਂ ਵਿੱਤੀ ਜਮ੍ਹਾਂ ਪੂੰਜੀ ਵਿਚ ਵੀ ਵੱਡਾ ਵਾਧਾ ਦਰਜ ਹੋਇਆ ਹੈ। ਉਨ੍ਹਾਂ ਵੇਰਵਿਆਂ ਦਿੰਦਿਆਂ ਦੱਸਿਆ ਕਿ ਸਾਲ 2020-2021 ਤੋਂ 2025-2026 ਦੌਰਾਨ ਜਿਥੇ 111 ਕਰੋੜ ਦੇ ਕਰੀਬ ਜਾਇਦਾਦ ਦੀ ਖਰੀਦੀ ਗਈ, ਉਥੇ ਹੀ ਗੁਰਦੁਆਰਿਆਂ ਦੇ ਬਜਟ ਵਿਚ 577 ਕਰੋੜ ਤੋਂ 1120 ਕਰੋੜ ਰੁਪਏ ਤੱਕ ਦਾ ਵਾਧਾ ਹੋਇਆ। ਉਨ੍ਹਾਂ ਐਫਡੀਆਰ ਦੇ ਸਬੰਧ ਵਿਚ ਵੇਰਵੇ ਦਿੰਦਿਆਂ ਦੱਸਿਆ ਕਿ ਇਸ ਅਰਸੇ ਦੌਰਾਨ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੀ ਜਮ੍ਹਾਂ ਪੂੰਜੀ ਵਿਚ 600 ਕਰੋੜ ਦਾ ਵਾਧਾ ਹੋਇਆ ਹੈ। ਇਸ ਸਬੰਧ ਵਿਚ ਐਡਵੋਕੇਟ ਧਾਮੀ ਨੇ ਵੱਖ-ਵੱਖ ਗੁਰਦੁਆਰਿਆਂ ਦੀ ਜਮ੍ਹਾਂ ਪੂੰਜੀ ਦੇ ਵਾਧੇ ਬਾਰੇ ਵਿਸਥਾਰਪੂਰਵਕ ਖੁਲਾਸਾ ਵੀ ਕੀਤਾ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸਾਹਿਬਾਨ ਤੋਂ ਇਲਾਵਾ ਸਾਲ 2020-2021 ਤੋਂ 2025-2026 ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਐਫਡੀਆਰ ਵਿਚ 273 ਕਰੋੜ 60 ਲੱਖ ਰੁਪਏ, ਧਰਮ ਪ੍ਰਚਾਰ ਕਮੇਟੀ ਵਿਖੇ 121 ਕਰੋੜ 45 ਲੱਖ ਰੁਪਏ ਦਾ ਵਾਧਾ ਦਰਜ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ ਲਈ ਇਸ ਸਮੇਂ ਦੌਰਾਨ 182 ਕਰੋੜ ਰੁਪਏ ਵੱਖਰੇ ਤੌਰ 'ਤੇ ਸ਼੍ਰੋਮਣੀ ਕਮੇਟੀ ਅਤੇ ਵੱਖ-ਵੱਖ ਗੁਰਦੁਆਰਾ ਸਾਹਿਬਾਨਾਂ ਤੋਂ ਫੰਡ ਦਿੱਤੇ ਗਏ ਹਨ। ਉਨ੍ਹਾਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਤਾਬਦੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਵਾਸਤੇ 5 ਕਰੋੜ ਰੁਪਏ ਰਾਖਵੇਂ ਰੱਖੇ ਗਏ ਸਨ, ਜਦਕਿ ਸੰਗਤ ਵੱਲੋਂ ਪ੍ਰਗਟਾਈ ਗਈ ਸ਼ਰਧਾ ਤਹਿਤ ਇਹ ਰਾਸ਼ੀ 7 ਲੱਖ ਦੇ ਹੋਰ ਵਾਧੇ ਨਾਲ ਜਮ੍ਹਾਂ ਹੈ। ਉਨ੍ਹਾਂ ਇਹ ਵੀ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਖਰੀਦ ਕੀਤੀਆਂ ਗਈਆਂ ਜਾਇਦਾਦਾਂ ਦੀ ਅੱਜ ਕੀਮਤ ਵੀ ਕਈ ਗੁਣਾਂ ਵੱਧ ਚੁੱਕੀ ਹੈ। ਇਹ ਸੰਗਤ ਦੇ ਸਹਿਯੋਗ ਅਤੇ ਗੁਰੂ ਘਰਾਂ ਪ੍ਰਤੀ ਸ਼ਰਧਾ ਦੇ ਨਾਲ ਹੀ ਸੰਭਵ ਹੋਇਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਉਹ ਸਿੱਖੀ ਪ੍ਰਚਾਰ, ਵਿਦਿਆ ਦੇ ਪ੍ਰਸਾਰ ਅਤੇ ਸਿਹਤ ਸਹੂਲਤਾਂ ਲਈ ਲਗਾਤਾਰ ਕਾਰਜ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਪੰਜ ਸਾਲਾਂ ਦੌਰਾਨ ਚਾਰ ਲੱਖ ਤੋਂ ਵੱਧ ਪ੍ਰਾਣੀਆਂ ਨੂੰ ਅੰਮ੍ਰਿਤਪਾਨ ਕਰਵਾਇਆ ਗਿਆ ਹੈ ਅਤੇ ਅਪ੍ਰੈਲ ਤੱਕ 51 ਹਜ਼ਾਰ ਦਾ ਹੋਰ ਟੀਚਾ ਹੈ। ਪੱਤਰਕਾਰ ਵਾਰਤਾ ਦੌਰਾਨ ਐਡਵੋਕੇਟ ਧਾਮੀ ਨੇ ਪਾਵਨ ਸਰੂਪਾਂ ਦੇ ਮਾਮਲੇ ਵਿਚ ਸਰਕਾਰ ਵੱਲੋਂ ਤਬਦੀਲ ਕੀਤੀ ਗਈ ਸਿੱਟ 'ਤੇ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਸਰਕਾਰ ਦੀ ਮਨਸ਼ਾ ਕੇਵਲ ਸਿਆਸਤ ਕਰਨਾ ਹੈ। ਜੇਕਰ ਸਿੱਟ ਤਬਦੀਲ ਹੀ ਕਰਨੀ ਸੀ ਤਾਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਗੁਰਸਿੱਖ ਅਫ਼ਸਰ ਸ਼ਾਮਲ ਕੀਤੇ ਜਾਂਦੇ। ਉਨ੍ਹਾਂ ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਦੀ ਜ਼ਮੀਨ ਦੇ ਮਾਮਲੇ ਸਬੰਧੀ ਕਿਹਾ ਕਿ ਇਸ ਵਿਚ ਐਫਆਈਆਰ ਦਰਜ ਕਰਵਾਉਣ ਬਾਅਦ ਵੀ ਪੁਲਿਸ ਦੀ ਕਾਰਗੁਜਾਰੀ ਨਿਰਾਸ਼ਾਜਨਕ ਹੈ।

ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਕੰਗ, ਬੀਬੀ ਹਰਜਿੰਦਰ ਕੌਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ ਆਦਿ ਮੌਜੂਦ ਸਨ।

# ਮੁਸਲਿਮ ਭਾਈਚਾਰੇ ਵਲੋਂ ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਨਾਲ ਕੀਤੀ ਮੁਲਾਕਾਤ

**ਚੌਕ ਮਹਿਤਾ, 26 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੰਮ੍ਰਿਤਸਰ ਤੋਂ ਮੁਸਲਿਮ ਭਾਈਚਾਰੇ ਦੇ ਇੱਕ ਵਫਦ ਨੇ ਮਸਜਿਦ ਸਨਾਉਲਾ ਦੀ ਅਗਵਾਈ ਹੇਠ ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ੍ਰੀ ਜਤਿੰਦਰ ਮਸੀਹ ਗੌਰਵ ਜੀ ਨਾਲ ਮੁਲਾਕਾਤ ਕੀਤੀ। ਵਫਦ ਨੇ ਚੇਅਰਮੈਨ ਸਾਹਿਬ ਨੂੰ ਅੰਮ੍ਰਿਤਸਰ ਵਿਖੇ ਭਾਈਚਾਰੇ ਦੇ ਮੈਂਬਰਾਂ ਉੱਤੇ ਹੋ ਰਹੇ ਅੱਤਿਆਚਾਰਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਵਫਦ ਦੇ ਮੈਂਬਰਾਂ ਨੇ ਦੱਸਿਆ ਕਿ ਮਸਜਿਦ ਦੇ ਜਨਰਲ ਸਕੱਤਰ ਮੁਹੰਮਦ ਸੁਹੇਲ ਨਾਲ ਬਦਸਲੂਕੀ ਕੀਤੀ ਗਈ, ਉਨ੍ਹਾਂ ਦੀ ਦਾੜ੍ਹੀ ਪੁੱਟੀ ਗਈ ਅਤੇ ਉਨ੍ਹਾਂ ਨਾਲ ਬਹੁਤ ਮਾਰਕੁੱਟ ਕੀਤੀ ਗਈ। ਇਹ ਘਟਨਾ ਭਾਈਚਾਰੇ ਲਈ ਗੰਭੀਰ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਵਫਦ ਨੇ ਦੋਸ਼ ਲਗਾਇਆ ਕਿ ਇਸ ਸੰਬੰਧੀ ਅੰਮ੍ਰਿਤਸਰ ਦੀ ਸਥਾਨਕ ਪੁਲਿਸ ਵੱਲੋਂ ਕੋਈ ਸੰਤੋਸ਼ਜਨਕ ਕਾਰਵਾਈ ਨਹੀਂ ਕੀਤੀ ਗਈ, ਜਿਸ ਕਾਰਨ ਪੀੜਤ ਪਰਿਵਾਰ ਅਤੇ ਸਮੂਹ ਭਾਈਚਾਰਾ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ। ਉਨ੍ਹਾਂ ਨੇ ਚੇਅਰਮੈਨ ਕੋਲ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਦੋਸ਼ੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇ। ਵਫਦ ਨੇ ਇਹ ਵੀ ਕਿਹਾ ਕਿ ਮਸਜਿਦ ਦੇ ਧਾਰਮਿਕ ਚਿੰਨਾਂ ਅਤੇ ਸੇਵਾਦਾਰਾਂ ਨਾਲ ਹੋਈ ਬਦਸਲੂਕੀ ਨਾਲ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ, ਜਿਸ ਨੂੰ ਗੰਭੀਰਤਾ ਨਾਲ ਲਿਆ ਜਾਣਾ ਚਾਹੀਦਾ ਹੈ।



**ਚੇਅਰਮੈਨ ਵੱਲੋਂ ਤੁਰੰਤ ਕਾਰਵਾਈ ਦੇ ਨਿਰਦੇਸ਼, ਭਾਈਚਾਰੇ ਵੱਲੋਂ ਤਸੱਲੀ ਦਾ ਪ੍ਰਗਟਾਵਾ** -ਵਫਦ ਦੀ ਗੱਲ ਧਿਆਨ ਨਾਲ ਸੁਣਨ ਤੋਂ ਬਾਅਦ ਸ੍ਰੀ ਜਤਿੰਦਰ ਮਸੀਹ ਗੌਰਵ ਜੀ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਅੰਮ੍ਰਿਤਸਰ ਪੁਲਿਸ ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਕਿਸੇ ਵੀ ਧਰਮ ਜਾਂ ਭਾਈਚਾਰੇ ਨਾਲ ਅਨਿਆਇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ਅਤੇ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਕਮਿਸ਼ਨ ਦੀ ਪਹਿਲੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਸਪਸ਼ਟ ਕੀਤਾ ਕਿ ਮਸਜਿਦ ਦੇ ਧਾਰਮਿਕ ਚਿੰਨਾਂ ਅਤੇ ਸੇਵਾਦਾਰਾਂ ਨਾਲ ਹੋਈ ਮਾਰਕੁੱਟ ਦੇ ਮਾਮਲੇ ਵਿੱਚ ਦੋਸ਼ੀਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਜਾਂਚ ਪਾਰਦਰਸ਼ੀ ਢੰਗ ਨਾਲ ਹੋਵੇਗੀ। ਚੇਅਰਮੈਨ ਵੱਲੋਂ ਦਿੱਤੇ ਗਏ ਭਰੋਸੇ ਤੋਂ ਬਾਅਦ ਮੁਸਲਿਮ ਭਾਈਚਾਰੇ ਦੇ ਵਫਦ ਨੇ ਤਸੱਲੀ ਪ੍ਰਗਟ ਕੀਤੀ ਅਤੇ ਉਮੀਦ ਜਤਾਈ ਕਿ ਇਨਸਾਫ਼ ਜ਼ਰੂਰ ਮਿਲੇਗਾ। ਉਨ੍ਹਾਂ ਕਿਹਾ ਕਿ ਕਮਿਸ਼ਨ ਦੀ ਦਖ਼ਲਅੰਦਾਜ਼ੀ ਨਾਲ ਮਾਮਲੇ ਦਾ ਹੱਲ ਨਿਕਲੇਗਾ ਅਤੇ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾਂ ਨੂੰ ਰੋਕਣ ਲਈ ਮਜ਼ਬੂਤ ਸੰਦੇਸ਼ ਜਾਵੇਗਾ। ਭਾਈਚਾਰੇ ਨੇ ਸ਼ਾਂਤੀ ਅਤੇ ਭਰਾਵਾਂਚਾਰੇ ਨੂੰ ਕਾਇਮ ਰੱਖਣ ਦੀ ਅਪੀਲ ਕਰਦਿਆਂ ਪ੍ਰਸ਼ਾਸਨ ਤੋਂ ਇਨਸਾਫ਼ ਦੀ ਉਮੀਦ ਜਤਾਈ।

# ਸਰਕਾਰੀ ਮਿਡਲ ਸਮਾਰਟ ਸਕੂਲ ਲੱਛਮੀ ਬਾਗ ਧੂਰੀ ਵਿਖੇ ਕੀਤਾ ਗਿਆ ਨਵੇਂ ਕੰਪਿਊਟਰਾਂ ਦਾ ਉਦਘਾਟਨ



ਧੂਰੀ:( ਰਣਜੀਤ ਸਿੰਘ ਪੇਧਨੀ ) ਸਮੱਗਰਾ ਸਿੱਖਿਆ ਅਧੀਨ ਸਰਕਾਰੀ ਮਿਡਲ ਸਕੂਲ ਲੱਛਮੀ ਬਾਗ ਧੂਰੀ ਵਿਖੇ ਸਕੂਲ ਮੁਖੀ ਮੰਜੂ ਬਾਲਾ ਦੀ ਯੋਗ ਅਗਵਾਈ ਵਿੱਚ ਸਕੂਲ ਵਿੱਚ ਆਏ ਨਵੇਂ ਕੰਪਿਊਟਰਾਂ ਦਾ ਉਦਘਾਟਨ ਕੀਤਾ ਗਿਆ । ਇਸ ਮੌਕੇ ਵਿਸ਼ੇਸ਼ ਤੌਰ ਐਸ.ਐਮ.ਸੀ. ਕਮੇਟੀ ਦੇ ਸਮੂਹ ਮੈਂਬਰਜ਼, ਐਮ.ਸੀ. ਬਲਜੀਤ ਕੌਰ, ਸਥਾਨਕ ਕਮੇਟੀ ਮੈਂਬਰਜ਼ ਗੁਰਤੇਜ਼ ਸਿੰਘ ਤੇਜੀ, ਬੱਚਿਆ ਦੇ ਮਾਪੇ ਅਤੇ ਧੂਰੀ ਬਲਾਕ ਦੇ ਬੀ.ਐਨ.ਓ. ਵਿਪਨ ਕੁਮਾਰ ਗਰਗ ਨੇ ਸ਼ਿਰਕਤ ਕੀਤੀ । ਐਸ.ਐਮ.ਸੀ. ਕਮੇਟੀ ਦੇ ਸਿੱਖਿਆ ਸ਼ਾਸਤਰੀ ਤਰਸੇਮ ਕੁਮਾਰ ਮਿੱਤਲ ਨੇ ਕਿਹਾ ਕਿ ਇਹ ਕੰਪਿਊਟਰ ਅੱਜ ਦੇ ਆਧੁਨਿਕ ਯੁੱਗ ਵਿੱਚ ਬੱਚਿਆ ਦੀ ਕੰਪਿਊਟਰ ਸਿੱਖਿਆ ਲਈ ਲਾਹੇਵੰਦ ਸਾਬਿਤ ਹੋਣਗੇ । ਕੰਪਿਊਟਰ ਅਧਿਆਪਕ ਮਹਿੰਦਰ ਕੁਮਾਰ ਗਰਗ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਬੱਚਿਆ ਲਈ ਕੰਪਿਊਟਰ ਸਿੱਖਿਆ ਇੱਕ ਵਰਦਾਨ ਹੈ । ਸਕੂਲ ਮੁਖੀ ਮੰਜੂ ਬਾਲਾ ਨੇ ਆਏ ਹੋਏ ਮਹਿਮਾਨਾ ਦਾ ਧੰਨਵਾਦ ਕੀਤਾ । ਇਸ ਮੌਕੇ ਹੋਰਨਾਂ ਤੋਂ ਇਲਾਵਾ ਵਰਿੰਦਰ ਕੌਰ, ਨੀਤੂ ਸੇਠ, ਮੋਨਿਕਾ ਰਾਣੀ ਸਮੇਤ ਸਕੂਲ ਦਾ ਸਮੂਹ ਸਟਾਫ ਮੌਜੂਦ ਸੀ।

# ਸ਼੍ਰੋਮਣੀ ਕਮੇਟੀ ਦੇ ਸਕੂਲਾਂ ਵਿੱਚ ਨਰਸਰੀ ਵਿੰਗ ਲਈ ਬਚਪਨ ਪ੍ਰੋਜੈਕਟ ਖੇਡ ਪ੍ਰਣਾਲੀ ਲਾਗੂ

☛ ਸਕੱਤਰ ਵਿੱਦਿਆ ਵੱਲੋਂ ਸਕੂਲ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ

☛ ਆਈ.ਸੀ.ਐਸ.ਈ ਪੱਧਰ ਦੀ ਪੜ੍ਹਾਈ ਲਈ ਯਤਨ ਤੇਜ਼ ☛

ਬਿਲਡਿੰਗ ਰੈਨੋਵੇਸ਼ਨ ਲਈ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ



**ਚੌਕ ਮਹਿਤਾ,26 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਏ ਜਾ ਰਹੇ ਸ੍ਰੀ ਗੁਰੂ ਰਾਮਦਾਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਰਾਮਸਰ ਰੋਡ ਵਿਖੇ ਸਕੱਤਰ ਵਿੱਦਿਆ ਸ੍ਰ. ਸੁਖਮਿੰਦਰ ਸਿੰਘ ਨੇ ਸਕੂਲ ਵਿੱਚ ਚੱਲ ਰਹੇ ਸਿੱਖਿਆ ਅਤੇ ਵਿਕਾਸ ਕਾਰਜਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ। ਇਸ ਦੌਰੇ ਦਾ ਮਕਸਦ ਸਕੂਲ ਵਿੱਚ ਸਿੱਖਿਆ ਦੀ ਗੁਣਵੱਤਾ ਨੂੰ ਹੋਰ ਉੱਚਾ ਚੁੱਕਣਾ ਅਤੇ ਵਿਦਿਆਰਥੀਆਂ ਨੂੰ ਆਧੁਨਿਕ ਪੱਧਰ ਦੀ ਪੜ੍ਹਾਈ ਪ੍ਰਦਾਨ ਕਰਨਾ ਸੀ।

ਇਸ ਮੌਕੇ ਪ੍ਰਿੰਸੀਪਲ ਮਮਤਾ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿੱਖੀ ਅਤੇ ਸਿੱਖਿਆ ਦੇ ਪ੍ਰਚਾਰ-ਪਸਾਰ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਕੂਲ ਵਿੱਚ ਸੀ.ਆਈ.ਸੀ.ਐਸ.ਈ ਪੱਧਰ ਦੀ ਪੜ੍ਹਾਈ ਸ਼ੁਰੂ ਕਰਨ ਲਈ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਵਿਦਿਆਰਥੀਆਂ ਨੂੰ ਮਿਆਰੀ ਅਤੇ ਮੁਕਾਬਲਾਤਮਕ ਸਿੱਖਿਆ ਪ੍ਰਾਪਤ ਹੋ ਸਕੇ। ਇਸ ਮੌਕੇ ਪੁਰ ਸਕੱਤਰ ਵਿੱਦਿਆ ਸ੍ਰ. ਸੁਖਮਿੰਦਰ ਸਿੰਘ ਵਲੋਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਸਕੂਲਾਂ ਵਿੱਚ ਨਰਸਰੀ ਵਿੰਗ ਲਈ ਬਚਪਨ ਪ੍ਰੋਜੈਕਟ ਖੇਡ ਪ੍ਰਣਾਲੀ ਲਾਗੂ ਕਰਨ ਹਿੱਤ ਲਗਭਗ 50 ਲੱਖ ਰੁਪਏ ਦਾ ਸਮਾਨ ਜਾਰੀ ਗਿਆ ।ਜੋ ਛੋਟੇ ਬੱਚਿਆਂ ਨੂੰ ਖੇਡ-ਖੇਡ ਵਿੱਚ ਸਿੱਖਿਆ ਦਿੰਦਾ ਹੈ ਜੋ ਕਿ ਸਿਰਫ਼ ਕਿਤਾਬਾਂ ਨਹੀਂ, ਸਗੋਂ ਵਿਗਿਆਨ, ਕਲਾ, ਕਹਾਣੀਆਂ, ਗਾਣਿਆਂ ਅਤੇ ਖੇਡਾਂ ਰਾਹੀਂ ਸਿਖਾਇਆ ਜਾਂਦਾ ਹੈ।ਜਿਸ ਨਾਲ ਬੱਚੇ ਦਾ ਸਰੀਰਕ ਪੱਖ ਤੋਂ ਵਿਕਾਸ ਤਾਂ ਹੁੰਦਾ ਹੀ ਹੈ ਪ੍ਰੰਤੂ ਬਚਾ ਮਾਨਸਿਕ ਰੂਪ ਵਿੱਚ ਵੀ ਪੂਰਾ ਵਿਕਸਤ ਹੁੰਦਾ ਹੈ।ਇਸ ਪ੍ਰੋਜੈਕਟ ਦਾ ਮੁੱਖ ਮਕਸਦ ਬੱਚਿਆਂ ਦੀ ਸੋਚਣ ਸ਼ਕਤੀ, ਬੋਲਣ ਦੀ ਕਲਾ ਅਤੇ ਜ਼ਿੰਦਗੀ ਦੇ ਹੁਨਰਾਂ ਨੂੰ ਨਿਖਾਰਨਾ ਤਾਂ ਜੋ ਉਹਨਾਂ ਦਾ ਭਵਿੱਖ ਵਧੀਆ ਹੋ ਸਕੇ

ਸਕੱਤਰ ਵਿੱਦਿਆ ਸ੍ਰ. ਸੁਖਮਿੰਦਰ ਸਿੰਘ ਦੀ ਅਗਵਾਈ ਹੇਠ ਸਕੂਲ ਦੀ ਬਿਲਡਿੰਗ ਦੀ ਰੈਨੋਵੇਸ਼ਨ ਸਬੰਧੀ ਵੀ ਚਰਚਾ ਕੀਤੀ ਗਈ। ਇਸ ਲਈ ਬਿਲਡਿੰਗ ਵਿਭਾਗ ਦੇ ਐਕਸੀਅਨ ਸ੍ਰ. ਜਤਿੰਦਰਪਾਲ ਸਿੰਘ, ਸੁਖਵਿੰਦਰ ਸਿੰਘ, ਐਸ.ਡੀ.ਓ. ਸ੍ਰ. ਸੁਖਬੀਰ ਸਿੰਘ ਅਤੇ ਜੇ.ਈ. ਸਿਮਰਨਜੀਤ ਸਿੰਘ ਨਾਲ ਵਿਸਥਾਰਪੂਰਵਕ ਗੱਲਬਾਤ ਹੋਈ। ਉਨ੍ਹਾਂ ਨੇ ਇਮਾਰਤ ਦੀ ਮਜ਼ਬੂਤੀ, ਸੁੰਦਰਤਾ ਅਤੇ ਆਧੁਨਿਕ ਸਹੂਲਤਾਂ ਦੇ ਵਿਸਤਾਰ 'ਤੇ ਜ਼ੋਰ ਦਿੱਤਾ।

ਇਸ ਮੌਕੇ ਸ੍ਰ. ਮਨਿੰਦਰ ਮੋਹਨ ਸਿੰਘ, ਪ੍ਰਭਜੋਤ ਕੌਰ ਅਧਿਆਪਕਾ, ਸੰਦੀਪ ਕੌਰ ਅਧਿਆਪਕਾ ਅਤੇ ਜੈਪਾਲ ਸਿੰਘ ਅਕਾਉਂਟੈਂਟ ਵੀ ਮੌਜੂਦ ਸਨ। ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਨੂੰ ਸਕੂਲ ਦੀ ਤਰੱਕੀ ਅਤੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਵੱਲ ਇੱਕ ਮਹੱਤਵਪੂਰਨ ਕਦਮ ਵਜੋਂ ਦੇਖਿਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮੁੰਬਈ ਵਿਖੇ ਹੋ ਰਹੇ ਸ਼ਤਾਬਦੀ ਸਮਾਗਮਾਂ 'ਚ

# ਮੁੱਖ ਮੰਤਰੀ ਭਜਨ ਲਾਲ ਸ਼ਰਮਾ ਕਰਨਗੇ ਸ਼ਮੂਲੀਅਤ



**ਚੌਂਕ ਮਹਿਤਾ, 26 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-'ਹਿੰਦ ਦੀ ਚਾਦਰ' ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 28 ਫਰਵਰੀ ਤੇ 01 ਮਾਰਚ ਨੂੰ ਨਵੀਂ ਮੁੰਬਈ ਵਿਖੇ ਖਾਰਘਰ ਦੇ ਉਵੈ ਮੈਦਾਨ 'ਚ ਮਨਾਏ ਜਾ ਰਹੇ ਦੋ ਦਿਨਾਂ ਸ਼ਹੀਦੀ ਸ਼ਤਾਬਦੀ ਸਮਾਗਮਾਂ 'ਚ ਸ਼ਾਮਿਲ ਹੋਣ ਲਈ ਰਾਜਸਥਾਨ ਦੇ ਮੁੱਖ ਮੰਤਰੀ ਸ੍ਰੀ ਭਜਨ ਲਾਲ ਸ਼ਰਮਾਂ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਪੱਤਰ ਭੇਜਿਆ ਗਿਆ ਹੈ।ਮਹਾਰਾਸ਼ਟਰ ਦੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਤੇ ਸ਼ਹੀਦੀ ਸ਼ਤਾਬਦੀ ਸਮਾਗਮ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਭੇਜੇ ਗਏ ਵਫਦ ਮੈਂਬਰ ਗਿਆਨੀ ਸਾਹਿਬ ਸਿੰਘ, ਪ੍ਰਿੰ.ਹਰਸ਼ਦੀਪ ਸਿੰਘ ਰੰਧਾਵਾ ਤੇ ਭਾਈ ਜਗਜੀਤ ਸਿੰਘ ਗਿੱਲ ਜੈਪੁਰ ਤੋਂ ਇਹ ਸਨੇਹ ਭਰਿਆ ਸੱਦਾ-ਪੱਤਰ ਸਵੀਕਾਰ ਕਰਨ ਉਪਰੰਤ ਮੁੱਖ ਮੰਤਰੀ ਭਜਨ ਲਾਲ ਸ਼ਰਮਾਂ ਨੇ ਸਮਾਗਮਾਂ 'ਚ ਹਾਜ਼ਰੀ ਭਰਨ ਦੀ ਹਾਮੀ ਭਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੁਨੀਆਂ ਦੇ ਇਤਿਹਾਸ ਅੰਦਰ ਮਿਸਾਲੀ ਹੈ, ਜਿੰਨ੍ਹਾਂ ਨੇ ਕਸ਼ਮੀਰੀ ਪੰਡਿਤਾਂ ਦੀ ਫਰਿਆਦ 'ਤੇ ਜ਼ੁਲਮ ਤੇ ਅਨਿਆਂ ਦੇ ਖਿਲਾਫ ਕੁਰਬਾਨੀ ਦੇ ਕੇ ਇੱਕ ਇਤਿਹਾਸ ਸਿਰਜਿਆ ਸੀ।ਅਜਿਹੇ ਮਹਾਨ ਗੁਰੂ ਦਾ 350 ਸਾਲਾ ਸ਼ਹੀਦੀ ਦਿਹਾੜਾ ਮਨਾਉਣਾ ਸਮੁੱਚੀ ਮਨੁੱਖਤਾ ਦਾ ਧਰਮ ਹੈ।ਉਨ੍ਹਾਂ ਕਿਹਾ ਕਿ ਅਜਿਹੇ ਇਤਿਹਾਸਕ ਸਮਾਗਮਾਂ 'ਚ ਸ਼ਾਮਿਲ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨ ਦਾ ਸੁਭਾਗ ਮਿਲਣਾ ਬੇਹੱਦ ਮਾਣ ਵਾਲੀ ਗੱਲ ਹੈ। ਜਿਕਰਯੋਗ ਹੈ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤੇ ਉਨ੍ਹਾਂ ਨਾਲ ਸ਼ਹੀਦ ਹੋਏ ਭਾਈ ਸਤੀ ਦਾਸ, ਭਾਈ ਮਤੀ ਦਾਸ ਤੇ ਭਾਈ ਦਿਆਲਾ ਜੀ ਦੀ ਅਦੁੱਤੀ ਸ਼ਹਾਦਤ ਮਹਾਰਾਸ਼ਟਰ 'ਚ ਇਸ ਵਾਰ ਬਹੁਤ ਹੀ ਸ਼ਰਧਾ ਨਾਲ ਯਾਦ ਕੀਤਾ ਜਾ ਰਿਹਾ ਹੈ ਤੇ ਸ਼ਰਧਾਂਜਲੀ ਰੂਪੀ ਬਹੁਤ ਹੀ ਵਿਸ਼ਾਲ ਤੇ ਪ੍ਰਭਾਵਸ਼ਾਲੀ ਧਾਰਮਿਕ ਸਮਾਗਮ ਆਯੋਜਿਤ ਕੀਤੇ ਗਏ ਹਨ, ਜਿਸ ਦੇ ਚੱਲਦੇ ਖਾਰਘਰ ਨਵੀਂ ਮੁੰਬਈ ਵਿਖੇ ਦੋ ਦਿਨਾਂ ਸਮਾਗਮ ਰੱਖੇ ਗਏ ਹਨ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨੇਰੇਂਦਰ ਮੋਦੀ ਤੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਤੋਂ ਇਲਾਵਾ 6 ਸੂਬਿਆਂ ਦੇ ਮੁੱਖ ਮੰਤਰੀ ਤੇ ਉੱਪ ਮੁਖ ਮੰਤਰੀ ਸ਼ਿਰਕਤ ਰਹੇ ਹਨ।ਇਸ ਦੇ ਨਾਲ ਹੋਰ ਵੀ ਬਹੁਤ ਸਾਰੀਆਂ ਪ੍ਰਮੁੱਖ ਧਾਰਮਿਕ, ਰਾਜਨੀਤਿਕ, ਸਮਾਜਿਕ ਸ਼ਖਸ਼ੀਅਤਾਂ ਤੇ ਲੱਖਾਂ ਦੀ ਗਿਣਤੀ 'ਚ ਦੇਸ਼-ਵਿਦੇਸ਼ ਤੋਂ ਆ ਰਹੀਆਂ ਸੰਗਤਾਂ ਇੰਨ੍ਹਾਂ ਸਮਾਗਮਾਂ 'ਚ ਸ਼ਾਮਿਲ ਹੋ ਕੇ ਗੁਰੂ ਸਾਹਿਬ ਜੀ ਦੀ ਸ਼ਹਾਦਤ ਨੂੰ ਸਿਜਦਾ ਹੋਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

**ਮੁੱਖ ਮੰਤਰੀ ਫੜਨਵੀਸ ਤੇ ਦਮਦਮੀ ਟਕਸਾਲ ਮੁਖੀ ਸੰਤ ਗਿ.ਹਰਨਾਮ ਸਿੰਘ ਖਾਲਸਾ ਦੇ ਸੱਦੇ 'ਤੇ ਪੁੱਜਣਗੇ ਖਾਰਘਰ**

### ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਭਾਰਤ ਫੇਰੀ ਤੋਂ ਪਹਿਲਾਂ

# ਰਾਜਧਾਨੀ ਓਟਵਾ ਵਿੱਚ ਸਿੱਖਾਂ ਵਲੋਂ ਭਾਰੀ ਵਿਰੋਧ ਪ੍ਰਦਰਸ਼ਨ

**ਨਵੀਂ ਦਿੱਲੀ 26 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਭਾਰਤ ਫੇਰੀ ਉਸ ਲਈ ਵੱਡੇ ਵਿਰੋਧ ਦਾ ਕਾਰਨ ਬਣ ਰਹੀ ਹੈ, ਬੀਤੇ ਦਿਨੀ ਕਾਰਨੀ ਸਰਕਾਰ ਵੱਲੋਂ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਨਾਲ ਸਬੰਧਿਤ ਸਬੂਤ ਅਤੇ ਦਸਤਾਵੇਜ਼ ਜਨਤਕ ਕਰਨ ਤੋਂ ਨਾਂਹ ਕਰ ਦਿੱਤੀ ਜਿਸ ਨਾਲ ਉਸਦੀ ਭਾਰਤ ਦੀ ਨੁਮਾਇਸ਼ ਕਰਨ ਦਾ ਸਾਫ ਪਤਾ ਚੱਲਦਾ ਹੈ । ਇਸ ਸੰਬੰਧ ਅਤੇ ਭਾਰਤ ਦੀ ਫੇਰੀ ਦੇ ਵਿਰੋਧ ਵਿੱਚ ਪੂਰੇ ਕੈਨੇਡਾ ਵਿੱਚੋ ਓਟਵਾ ਵਿਖੇ ਸਿੱਖ ਜਥੇਬੰਦੀਆਂ ਇੱਕਠੀਆਂ ਹੋਈਆਂ ਅਤੇ ਉਹਨਾਂ ਨੇ ਭਾਰੀ ਬਰਫ਼ਬਾਰੀ ਅਤੇ ਮੌਸਮ ਖਰਾਬ ਹੋਣ ਦੇ ਬਾਵਜੂਦ ਭਾਰੀ ਰੋਸ ਪ੍ਰਦਰਸ਼ਨ ਕਰਦਿਆਂ ਆਪਣਾ ਵਿਰੋਧ ਪ੍ਰਗਟ ਕੀਤਾ, ਖਾਸ ਤੌਰ ਤੇ ਟੀਮ ਸ਼ਹੀਦ ਨਿੱਝਰ ਦੇ ਮੈਂਬਰ ਵੈਨਕੂਵਰ, ਮਾਂਟਰੀਅਲ ਅਤੇ ਟੋਰਾਂਟੋ ਤੋਂ ਪਹੁੰਚੇ ਹੋਏ ਸਨ । ਟੀਮ ਨਿੱਝਰ ਦੇ ਮੈਂਬਰਾਂ ਨੇ ਕਿਹਾ ਕਿ ਸਿੱਖਾਂ ਦੀਆਂ ਜਾਨਾਂ ਨੂੰ ਦਾਅ ਤੇ ਲਾਕੇ ਅਤੇ ਛਿੱਕੇ ਟੰਗ ਕੇ ਭਾਰਤ ਨਾਲ ਨੇੜਤਾ ਵਧਾਉਣੀ ਅਤੇ ਵਪਾਰਿਕ ਰਿਸ਼ਤੇ ਮਜ਼ਬੂਤ ਕਰਨੇ ਸਿੱਖਾਂ ਨਾਲ ਧ੍ਰੋਹ ਹੈ, ਜਦੋਂ ਸਰਕਾਰਾਂ ਬਣ ਦੀਆਂ ਨੇ ਓਹਦੋ ਸਿੱਖਾ ਨਾਲ ਵੱਡੇ ਅਤੇ ਸੱਚੇ ਝੂਠੇ ਵਾਅਦੇ ਕਿਤੇ ਜਾਂਦੇ ਹਨ ਪਰ ਬਾਅਦ ਵਿੱਚ ਸਿੱਖਾਂ ਦਾ ਸਾਥ ਵੀ ਨਾਂ ਦੇਣਾ ਸਰਕਾਰਾਂ ਦਾ ਚਿਹਰਾ ਨੰਗਾ ਕਰਦਾ ਹੈ । ਭਾਰਤ ਨਾਲ ਰਿਸ਼ਤੇ ਬਣਾਉਂਨੇ ਨਾਂਹ ਕੇਵਲ ਸਿੱਖਾਂ ਨਾਲ ਬਲਕਿ ਮਨੁੱਖੀ ਅਧਿਕਾਰਾਂ ਅਤੇ ਕੈਨੇਡਾ ਦੀ ਜਨਤਾ ਨਾਲ ਵੀ ਵੱਡਾ ਧੋਖਾ ਹੈ। ਪ੍ਰਦਰਸ਼ਨ ਕਰਨ ਆਏ ਸਿੰਘ ਅਤੇ ਸੰਗਤ ਖਰਾਬ ਮੌਸਮ ਵਿਚ ਵੀ ਹਿੱਕ ਡਾਹ ਕੇ ਡਟੇ ਰਹੇ ਸਨ । ਉਨ੍ਹਾਂ ਵਲੋਂ ਕੈਨੇਡਾ ਦੇ ਪੰਜਾਬੀ ਐਮਪੀਆਂ ਨੂੰ ਭਾਈ ਹਰਦੀਪ ਸਿੰਘ ਨਿੱਝਰ ਦੇ ਕੇਸ ਨਾਲ ਖੜਨ ਅਤੇ ਕਾਰਨੀ ਸਰਕਾਰ ਉੱਪਰ ਦਬਾਅ ਪਾਉਣ ਲਈ ਵੱਡੇ ਪੱਧਰ ਉੱਪਰ ਮੰਗ ਕੀਤੀ ਗਈ ਅਤੇ ਹਾਜ਼ਰੀਨ ਸਿੱਖ ਸੰਗਤਾਂ ਦਾ ਕਹਿਣਾ ਹੈ ਨਹੀਂ ਤਾਂ ਇਹ ਐਮਪੀ ਅਸਤੀਫਾ ਦੇ ਕੇ ਆਪਣਾ ਸਟੈਂਡ ਸਾਫ ਕਰਨ। ਭਾਈ ਨਰਿੰਦਰ ਸਿੰਘ ਰੰਧਾਵਾ ਨੇ ਦਸਿਆ ਰੈਫਰੰਡਮ ਦੀਆਂ ਵੋਟਾਂ ਦਾ ਅਗਲਾ ਸੈਂਟਰ 22 ਮਾਰਚ ਸਿਆਟਲ ਵਾਸ਼ਿੰਗਟਨ ਵਿੱਚ ਹੋਵੇਗਾ ਇਸ ਲਈ ਸੰਗਤਾਂ ਇਸ ਨੂੰ ਸਫਲ ਬਣਾਉਣ ਲਈ ਕਮਰਕੱਸੇ ਕਰ ਲੈਣ । ਭਾਈ ਰੰਧਾਵਾ ਵਲੋਂ ਪੰਜਾਬ ਸਰਕਾਰ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਪੰਜਾਬ ਅੰਦਰ ਝੂਠੇ ਮੁਕਾਬਲੇ ਬਣਾ ਕੇ ਬੇਅੰਤ ਸਿਹੁੰ ਵਾਲਾ ਕਾਲਾ ਦੌਰ ਸਿਰਜ ਰਹੀ ਹੈ, ਬੀਤੇ ਤਿੰਨ ਮਹੀਨਿਆਂ ਅੰਦਰ ਅਣਗਿਣਤ ਮੁਕਾਬਲੇ ਕਰਕੇ ਕਈ ਪਰਿਵਾਰਾਂ ਦੇ ਚਿਰਾਗ਼ ਮਾਰ ਮੁੱਕਾ ਦਿੱਤੇ ਗਏ ਹਨ, ਇਸ ਲਈ ਇੰਨ੍ਹਾ ਦੇ ਵਿਦੇਸ਼ ਦੌਰੇਆ ਦੌਰਾਨ ਭਾਰੀ ਵਿਰੋਧ ਕੀਤਾ ਜਾਏਗਾ ਅਤੇ ਵਿਦੇਸ਼ੀ ਸਰਕਾਰਾਂ ਨੂੰ ਇੰਨ੍ਹਾ ਦੇ ਵੀਜੇ ਰੱਦ ਕਰਣ ਲਈ ਦਬਾਅ ਬਣਾਇਆ ਜਾਏਗਾ ।ਇਸ ਪ੍ਰਦਰਸ਼ਨ ਵਿਚ ਗੁਰੂ ਨਾਨਕ ਸਿੱਖ ਗੁਰਦੁਆਰਾ ਡੇਲਟਾ ਸਰੀ ਦੇ ਸੇਵਾਦਾਰ ਭਾਈ ਨਰਿੰਦਰ ਸਿੰਘ ਰੰਧਾਵਾ, ਬਾਬਾ ਬੰਦਾ ਸਿੰਘ ਬਹਾਦਰ ਐਬਸਫੋਰਡ ਬੀਸੀ ਤੋਂ ਭਾਈ ਕਰਨੈਲ ਸਿੰਘ ਟੁੱਟ, ਭਾਈ ਰਣਜੀਤ ਸਿੰਘ, ਭਾਈ ਜਰਨੈਲ ਸਿੰਘ, ਸ੍ਰੀ ਗੁਰੂ ਸਿੰਘ ਸਭਾ ਮਾਲਟਨ ਸੇਵਾਦਾਰ ਭਾਈ ਦਲਜੀਤ ਸਿੰਘ ਸੇਖੋ, ਸਿੱਖ ਸੋਸਾਇਟੀ ਔਟਵਾ ਦੇ ਸੇਵਾਦਾਰ ਭਾਈ ਭਗਤ ਸਿੰਘ, ਮੌਂਟਰੀਆਲ ਤੋਂ ਜਲਾਵਤਨੀ ਆਗੂ ਭਾਈ ਸੰਤੋਖ ਸਿੰਘ ਖੇਲਾ, ਭਾਈ ਜੈਗ ਸਿੰਘ, ਭਾਈ ਅਜੈਪਾਲ ਸਿੰਘ, ਇੰਦਰਜੀਤ ਸਿੰਘ ਗੋਸਲ, ਭਾਈ ਕੁਲਜੀਤ ਸਿੰਘ ਗੋਸਲ, ਭਾਈ ਰਵਿੰਦਰ ਸਿੰਘ, ਭਾਈ ਮਨਜੀਤ ਸਿੰਘ ਗਰੇਵਾਲ, ਭਾਈ ਰਜਿੰਦਰ ਸਿੰਘ ਨੱਤ, ਮਨਜਿੰਦਰ ਸਿੰਘ ਖਾਲਸਾ, ਭਾਈ ਰਜਿੰਦਰ ਸਿੰਘ, ਗੁਲਜਾਰ ਸਿੰਘ ਨਿਰਮਾਣ ਐਡਮਿੰਟਨ, ਭਾਈ ਚਰਨਜੀਤ ਸਿੰਘ, ਭਾਈ ਸੁਖਬੀਰ ਸਿੰਘ ਕਰਮੀਅਸ ਵਾਲੇ ਦੇ ਨਾਲ ਵਡੀ ਗਿਣਤੀ ਵਿਚ ਸੰਗਤਾਂ ਹਾਜਿਰ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

**ਮਾਨ ਸਰਕਾਰ ਪੰਜਾਬ ਅੰਦਰ ਝੂਠੇ ਮੁਕਾਬਲੇ ਬਣਾ ਕੇ ਬੇਅੰਤ ਸਿਹੁੰ ਵਾਲਾ ਕਾਲਾ ਦੌਰ ਸਿਰਜ ਰਹੀ ਹੈ, ਇੰਨ੍ਹਾ ਦੇ ਵਿਦੇਸ਼ ਦੌਰੇਆ ਦੌਰਾਨ ਕੀਤਾ ਜਾਏਗਾ ਭਾਰੀ ਵਿਰੋਧ:- ਟੀਮ ਸ਼ਹੀਦ ਨਿੱਝਰ**

# ਬੋਰਡ ਪ੍ਰੀਖਿਆਵਾਂ ਦੌਰਾਨ ਦੁਹਰਾਈ ਦੀ ਮਹੱਤਤਾ



ਬੋਰਡ ਪ੍ਰੀਖਿਆਵਾਂ ਵਿਦਿਆਰਥੀ ਜੀਵਨ ਦੇ ਸਭ ਤੋਂ ਤਣਾਅ ਭਰੇ ਅਕਾਦਮਿਕ ਪੜਾਵਾਂ ਵਿੱਚੋਂ ਇੱਕ ਹੁੰਦੀਆਂ ਹਨ। ਇਹ ਸਿਰਫ਼ ਗਿਆਨ ਹੀ ਨਹੀਂ, ਸਗੋਂ ਯਾਦਸ਼ਕਤੀ, ਧਿਆਨ, ਭਾਵਨਾਤਮਕ ਸਥਿਰਤਾ ਅਤੇ ਸਮੇਂ ਦੇ ਪ੍ਰਬੰਧਨ ਦੀ ਵੀ ਪਰਖ ਕਰਦੀਆਂ ਹਨ। ਮਨੋਵਿਗਿਆਨ ਵਿੱਚ ਕੀਤੀਆਂ ਵਿਗਿਆਨਕ ਖੋਜਾਂ ਦੱਸਦੀਆਂ ਹਨ ਕਿ ਦੁਹਰਾਈ — ਅਰਥਾਤ ਪਹਿਲਾਂ ਪੜ੍ਹੇ ਗਏ ਪਾਠ ਦੀ ਵਿਧੀਬੱਧ ਸਮੀਖਿਆ ਸਫਲਤਾ ਲਈ ਸਭ ਤੋਂ ਸ਼ਕਤੀਸ਼ਾਲੀ ਸਾਧਨ ਹੈ। ਦੁਹਰਾਈ ਤੋਂ ਬਿਨਾਂ, ਚੰਗੀ ਤਰ੍ਹਾਂ ਪੜ੍ਹਿਆ ਗਿਆ ਗਿਆਨ ਵੀ ਤੇਜ਼ੀ ਨਾਲ ਯਾਦ ਤੋਂ ਮਿਟ ਜਾਂਦਾ ਹੈ।

ਸਿੱਖਣ ਲਈ ਦੁਹਰਾਈ ਜੈਵਿਕ ਤੌਰ 'ਤੇ ਕਿਉਂ ਜ਼ਰੂਰੀ ਹੈ ?

ਕਿਸੇ ਵਿਸ਼ੇ ਨੂੰ ਪਹਿਲੀ ਵਾਰ ਪੜ੍ਹਨਾ ਹੀ ਸਿੱਖਣ ਦੀ ਪੂਰੀ ਪ੍ਰਕਿਰਿਆ ਨਹੀਂ ਹੁੰਦੀ। ਦਿਮਾਗ ਨੂੰ ਛੋਟੀ ਮਿਆਦ ਵਾਲੀ ਯਾਦ ਨੂੰ ਲੰਬੀ ਮਿਆਦ ਵਾਲੀ ਮਜ਼ਬੂਤ ਯਾਦ ਵਿੱਚ ਬਦਲਣ ਲਈ ਸਮਾਂ ਅਤੇ ਦੁਹਰਾਈ ਦੀ ਲੋੜ ਹੁੰਦੀ ਹੈ। ਇਸ ਪ੍ਰਕਿਰਿਆ ਨੂੰ ਮੈਮੋਰੀ ਕਨਸੋਲਿਡੇਸ਼ਨ ਕਿਹਾ ਜਾਂਦਾ ਹੈ।

**ਨਰਵ ਸੰਬੰਧਾਂ ਦੀ ਮਜ਼ਬੂਤੀ**-ਹਰ ਵਾਰ ਦੁਹਰਾਈ ਕਰਨ ਨਾਲ ਨਿਊਰੋਨਾਂ (ਦਿਮਾਗੀ ਕੋਸ਼ਿਕਾਵਾਂ) ਵਿਚਕਾਰ ਸੰਬੰਧ ਮਜ਼ਬੂਤ ਹੁੰਦੇ ਹਨ। ਬਾਰ-ਬਾਰ ਦੁਹਰਾਉਣ ਨਾਲ ਯਾਦ ਕਰਨਾ ਤੇਜ਼ ਅਤੇ ਸਹੀ ਬਣ ਜਾਂਦਾ ਹੈ, ਬਿਲਕੁਲ ਮਾਸਪੇਸ਼ੀ ਨੂੰ ਕਸਰਤ ਨਾਲ ਮਜ਼ਬੂਤ ਕਰਨ ਵਾਂਗ।

**ਭੁੱਲਣ ਤੋਂ ਬਚਾਵ**-ਮਨੋਵਿਗਿਆਨਕ ਅਧਿਐਨਾਂ ਅਨੁਸਾਰ ਜੇ ਪੜ੍ਹੀ ਗਈ ਜਾਣਕਾਰੀ ਦੀ ਸਮੀਖਿਆ ਨਾ ਕੀਤੀ ਜਾਵੇ ਤਾਂ ਕੁਝ ਦਿਨਾਂ ਵਿੱਚ ਮਨੁੱਖ 50-70% ਤੱਕ ਜਾਣਕਾਰੀ ਭੁੱਲ ਜਾਂਦਾ ਹੈ। ਦੁਹਰਾਈ ਇਸ ਭੁੱਲਣ ਦੀ ਪ੍ਰਕਿਰਿਆ ਨੂੰ ਰੋਕਦੀ ਹੈ ਅਤੇ ਗਿਆਨ ਨੂੰ ਸੰਭਾਲ ਕੇ ਰੱਖਦੀ ਹੈ।

**ਯਾਦ ਕਰਨ ਦੀ ਸਮਰੱਥਾ ਵਿੱਚ ਸੁਧਾਰ**-ਪ੍ਰੀਖਿਆ ਵਿੱਚ ਤਣਾਅ ਦੇ ਹਾਲਾਤਾਂ ਵਿੱਚ ਜਾਣਕਾਰੀ ਨੂੰ ਤੁਰੰਤ ਯਾਦ ਕਰਨਾ ਲਾਜ਼ਮੀ ਹੁੰਦਾ ਹੈ। ਦੁਹਰਾਈ ਦਿਮਾਗ ਨੂੰ ਸੰਭਾਲੀ ਗਈ ਜਾਣਕਾਰੀ ਨੂੰ ਤੇਜ਼ੀ ਨਾਲ ਪ੍ਰਾਪਤ ਕਰਨ ਦੀ ਟ੍ਰੇਨਿੰਗ ਦਿੰਦੀ ਹੈ।

**ਮਾਨਸਿਕ ਭਾਰ ਵਿੱਚ ਕਮੀ**-ਜਾਣ-ਪਛਾਣ ਵਾਲਾ ਪਾਠ ਘੱਟ ਮਾਨਸਿਕ ਊਰਜਾ ਲੈਂਦਾ ਹੈ। ਇਸ ਨਾਲ ਦਿਮਾਗ ਦੀ ਵਰਕਿੰਗ ਮੈਮੋਰੀ ਸਮੱਸਿਆ ਹੱਲ ਕਰਨ ਅਤੇ ਵਿਸ਼ਲੇਸ਼ਣ ਲਈ ਖਾਲੀ ਰਹਿੰਦੀ ਹੈ।

**ਦੁਹਰਾਈ ਅਤੇ ਮਾਨਸਿਕ ਸਿਹਤ**-ਬੋਰਡ ਪ੍ਰੀਖਿਆਵਾਂ ਅਕਸਰ ਚਿੰਤਾ, ਨੀਂਦ ਦੀ ਕਮੀ ਅਤੇ ਭਾਵਨਾਤਮਕ ਤਣਾਅ ਪੈਦਾ ਕਰਦੀਆਂ ਹਨ। ਸਹੀ ਤਰੀਕੇ ਨਾਲ ਕੀਤੀ ਗਈ ਦੁਹਰਾਈ ਮਾਨਸਿਕ ਸ਼ਾਂਤੀ ਦੀ ਰੱਖਿਆ ਕਰ ਸਕਦੀ ਹੈ। ਇਹ ਆਤਮਵਿਸ਼ਵਾਸ ਵਧਾਉਂਦੀ ਹੈ, ਅਣਜਾਣੇ ਡਰ ਨੂੰ ਘਟਾਉਂਦੀ ਹੈ, ਆਖ਼ਰੀ ਵੇਲੇ ਦੀ ਘਬਰਾਹਟ ਤੋਂ ਬਚਾਉਂਦੀ ਹੈ ਅਤੇ ਪ੍ਰੀਖਿਆ ਤੋਂ ਪਹਿਲਾਂ ਨੀਂਦ ਦੀ ਗੁਣਵੱਤਾ ਸੁਧਾਰਦੀ ਹੈ। ਇਸ ਨਾਲ ਪ੍ਰਦਰਸ਼ਨ ਸੰਬੰਧੀ ਚਿੰਤਾ ਵੀ ਘਟਦੀ ਹੈ।

**ਭਾਵਨਾਤਮਕ ਸਥਿਰਤਾ ਵਿੱਚ ਸੁਧਾਰ**-ਇਲਾਜ਼ ਪ੍ਰਣਾਲੀ ਦੇ ਦ੍ਰਿਸ਼ਟੀਕੋਣ ਤੋਂ ਆਤਮਵਿਸ਼ਵਾਸ ਤਣਾਅ ਹਾਰਮੋਨ ਜਿਵੇਂ ਕਿ ਕੋਰਟੀਸੋਲ ਨੂੰ ਘਟਾਉਂਦਾ ਹੈ, ਜੋ ਨਹੀਂ ਤਾਂ ਯਾਦਸ਼ਕਤੀ ਅਤੇ ਧਿਆਨ ਨੂੰ ਨੁਕਸਾਨ ਪਹੁੰਚਾ ਸਕਦੇ ਹਨ।

**ਉੱਚ ਅੰਕ ਪ੍ਰਾਪਤ ਕਰਨ ਵਿੱਚ ਦੁਹਰਾਈ ਦੀ ਭੂਮਿਕਾ**-ਦੁਹਰਾਈ ਸਿਰਫ਼ ਯਾਦ ਤਾਜ਼ਾ ਨਹੀਂ ਕਰਦੀ — ਇਹ ਪ੍ਰੀਖਿਆ ਦੇ ਨਤੀਜਿਆਂ ਨੂੰ ਕਈ ਤਰੀਕਿਆਂ ਨਾਲ ਸੁਧਾਰਦੀ ਹੈ।

**ਗਲਤੀਆਂ ਵਿੱਚ ਸੁਧਾਰ**: ਮਜ਼ਬੂਤ ਤਿਆਰੀ ਨਾਲ ਗਲਤੀਆਂ ਘੱਟ ਹੁੰਦੀਆਂ ਹਨ।

**ਗਤੀ ਵਿੱਚ ਵਾਧਾ**: ਜਾਣ-ਪਛਾਣ ਵਾਲੇ ਜਵਾਬ ਤੇਜ਼ੀ ਨਾਲ ਲਿਖੇ ਜਾਂਦੇ ਹਨ।

**ਪੇਸ਼ਕਾਰੀ ਵਿੱਚ ਸੁਧਾਰ**: ਬਾਰ-ਬਾਰ ਅਭਿਆਸ ਨਾਲ ਜਵਾਬ ਸੁਚੱਜੇ ਬਣਦੇ ਹਨ।

**ਧਾਰਣਾਤਮਕ ਸਪਸ਼ਟਤਾ**: ਕਮਜ਼ੋਰ ਹਿੱਸੇ ਸਾਹਮਣੇ ਆ ਜਾਂਦੇ ਹਨ।

**ਮੁੱਖ ਬਿੰਦੂਆਂ ਦੀ ਯਾਦ**: ਫਾਰਮੂਲੇ, ਪਰਿਭਾਸ਼ਾਵਾਂ ਅਤੇ ਚਿੱਤਰ ਯਾਦ ਰਹਿੰਦੇ ਹਨ।

ਮੁਕਾਬਲਾਤਮਕ ਮੁਲਾਂਕਣ ਪ੍ਰਣਾਲੀਆਂ ਵਿੱਚ ਇਹ ਸਾਰੇ ਲਾਭ ਸਿੱਧੇ ਤੌਰ 'ਤੇ ਵੱਧ ਅੰਕਾਂ ਵਿੱਚ ਬਦਲ ਜਾਂਦੇ ਹਨ। ਵਿਗਿਆਨਕ ਤੌਰ 'ਤੇ ਪ੍ਰਭਾਵਸ਼ਾਲੀ ਤੇਜ਼ ਦੁਹਰਾਈ ਤਰੀਕੇ

ਜਦੋਂ ਪ੍ਰੀਖਿਆ ਨੇੜੇ ਹੁੰਦੀ ਹੈ, ਲੰਬਾ ਪੜ੍ਹਨਾ ਨਹੀਂ ਸਗੋਂ ਪ੍ਰਭਾਵਸ਼ਾਲੀ ਤਰੀਕੇ ਲੋੜੀਂਦੇ ਹੁੰਦੇ ਹਨ।

**ਐਕਟਿਵ ਰੀਕਾਲ**: ਕਿਤਾਬ ਬੰਦ ਕਰਕੇ ਯਾਦ ਤੋਂ ਲਿਖੋ ਜਾਂ ਦੱਸਣਾ ਦੁਹਰਾਈ ਦਾ ਲਾਜ਼ਮੀ ਅੰਗ ਹੈ।

ਸਪੇਸਡ ਰਿਵਿਜ਼ਨ: ਵੱਖ-ਵੱਖ ਅੰਤਰਾਲਾਂ 'ਤੇ ਦੁਹਰਾਈ ਕਰਨੀ ਫ਼ਾਇਦੇਮੰਦ ਹੁੰਦੀ ਹੈ।

ਸੰਖੇਪ ਨੋਟਸ: ਮੁੱਖ ਤੱਥ ਅਤੇ ਫਾਰਮੂਲੇ ਇਕੱਠੇ ਕਰਨ ਨਾਲ ਸਮੇਂ ਦੀ ਬੱਚਤ ਹੁੰਦੀ ਹੈ।

**ਪਿਛਲੇ ਪ੍ਰਸ਼ਨਪੱਤਰ**: ਅਸਲੀ ਪ੍ਰੀਖਿਆ ਵਰਗੀ ਪ੍ਰੈਕਟਿਸ ਕਰਨੀ ਚਾਹੀਦੀ ਹੈ।

**ਦੂਜਿਆਂ ਨੂੰ ਪੜ੍ਹਾਉਣਾ**: ਦੂਸਰਿਆਂ ਨੂੰ ਪੜਾਉਣ ਨਾਲ ਸਮਝ ਹੋਰ ਮਜ਼ਬੂਤ ਹੁੰਦੀ ਹੈ

**ਦ੍ਰਿਸ਼ਟੀ ਸਹਾਇਕ**: ਮਾਈਂਡ ਮੈਪ ਅਤੇ ਚਾਰਟ ਲੋੜੀਂਦੇ ਅੰਗ ਹਨ।

**ਫਲੈਸ਼ਕਾਰਡ**: ਪਰਿਭਾਸ਼ਾਵਾਂ ਅਤੇ ਤਾਰੀਖਾਂ ਲਈ ਉਪਯੋਗੀ ਹੁੰਦਾ ਹੈ।

ਕਾਗਜ਼-ਕਲਮ ਵਿਰੁੱਧ ਡਿਜ਼ੀਟਲ ਦੁਹਰਾਈ

ਦੋਵਾਂ ਦੇ ਆਪਣੇ ਫਾਇਦੇ ਹਨ, ਪਰ ਖੋਜ ਦਿਖਾਉਂਦੀ ਹੈ ਕਿ ਹੱਥ ਨਾਲ ਲਿਖੀ ਦੁਹਰਾਈ ਅਕਸਰ ਜ਼ਿਆਦਾ ਪ੍ਰਭਾਵਸ਼ਾਲੀ ਹੁੰਦੀ ਹੈ। ਕਾਗਜ਼-ਕਲਮ ਨਾਲ ਦੁਹਰਾਈ

**ਫਾਇਦੇ**:ਯਾਦਸ਼ਕਤੀ ਵਿੱਚ ਸੁਧਾਰ ਹੁੰਦਾ ਹੈ। ਵਧੀਆ ਸਮਝ ਅਤੇ ਸੰਰਚਨਾ ਬੌਧਿਕ ਪੱਧਰ ਨੂੰ ਵੱਧਾਉਂਦੀ ਹੈ। ਡਿਜ਼ੀਟਲ ਧਿਆਨਭੰਗ ਤੋਂ ਬਚਾਉਣ ਵਿੱਚ ਸਹਾਇਤਾ ਕਰਦਾ ਹੈ। ਚਿੱਤਰ ਅਤੇ ਸਮੀਕਰਨਾਂ ਲਈ ਉਪਯੋਗੀ ਹੈ।

**ਨੁਕਸਾਨ**: ਸਮਾਂ ਵੱਧ ਲੱਗਦਾ ਹੈ। ਸੋਧ ਕਰਨਾ ਮੁਸ਼ਕਲ ਹੁੰਦਾ ਹੈ। ਡਿਜ਼ੀਟਲ ਦੁਹਰਾਈ

**ਫਾਇਦੇ**:ਵੱਡੀ ਜਾਣਕਾਰੀ ਤੁਰੰਤ ਉਪਲਬਧ ਹੋ ਸਕਦੀ ਹੈ।

ਆਸਾਨ ਸੋਧ ਅਤੇ ਸਟੋਰੇਜ ਸਮਾਂ ਬਚਾਉਣ ਲਈ ਸਹਾਇਤਾ ਕਰਦੀ ਹੈ।

ਮਲਟੀਮੀਡੀਆ ਸਿੱਖਣ ਲਈ ਉਪਯੋਗੀ ਅੰਗ ਹੈ।

**ਨੁਕਸਾਨ**: ਸੋਸ਼ਲ ਮੀਡੀਆ ਅਤੇ ਨੋਟੀਫਿਕੇਸ਼ਨਾਂ ਨਾਲ ਧਿਆਨ ਭੰਗ ਹੋ ਜਾਂਦਾ ਹੈ।

ਅੱਖਾਂ ਦੀ ਥਕਾਵਟ ਅੱਖਾਂ ਦੀ ਰੌਸ਼ਨੀ ਘਟਾਉਣ ਲਈ ਅਹਿਮ ਰੋਲ ਅਦਾ ਕਰਦੀ ਹੈ।

ਕੁਝ ਵਿਦਿਆਰਥੀਆਂ ਵਿੱਚ ਘੱਟ ਗਹਿਰਾਈ ਨਾਲ ਸਿੱਖਣਾ

ਸਭ ਤੋਂ ਵਧੀਆ ਤਰੀਕਾ: ਮਿਲੀ-ਜੁਲੀ ਵਿਧੀ

ਸਮੱਗਰੀ ਇਕੱਠੀ ਕਰਨ ਲਈ ਡਿਜ਼ੀਟਲ ਸਾਧਨ ਵਰਤੋ ਅਤੇ ਅੰਤਿਮ ਦੁਹਰਾਈ ਲਈ ਹੱਥ ਨਾਲ ਲਿਖੋ।

**ਆਖ਼ਰੀ ਵੇਲੇ ਦੀ ਦੁਹਰਾਈ ਲਈ ਸੁਝਾਵ**-ਪੂਰੀ ਕਿਤਾਬ ਨਹੀਂ, ਸੰਖੇਪ ਨੋਟਸ ਪੜ੍ਹੋ।

ਮਹੱਤਵਪੂਰਨ ਵਿਸ਼ਿਆਂ 'ਤੇ ਧਿਆਨ ਦਿਓ।

ਫਾਰਮੂਲੇ ਅਤੇ ਚਿੱਤਰਾਂ ਦਾ ਅਭਿਆਸ ਕਰੋ।

ਛੋਟੇ ਸੈਸ਼ਨ ਅਤੇ ਵਿਰਾਮ ਲਓ।

ਪੂਰੀ ਨੀਂਦ ਕਰੋ — ਨੀਂਦ ਯਾਦ ਮਜ਼ਬੂਤ ਕਰਦੀ ਹੈ।

ਪਾਣੀ ਪੀਓ ਅਤੇ ਸੰਤੁਲਿਤ ਖ਼ੁਰਾਕ ਲਓ।

**ਆਮ ਗਲਤੀਆਂ ਤੋਂ ਬਚੋ**-ਆਖ਼ਰੀ ਵੇਲੇ ਨਵੇਂ ਵਿਸ਼ੇ ਸ਼ੁਰੂ ਕਰਨਾ

ਸਿਰਫ਼ ਪੜ੍ਹਨਾ, ਯਾਦ ਦੀ ਜਾਂਚ ਨਾ ਕਰਨਾ।

ਕਮਜ਼ੋਰ ਵਿਸ਼ਿਆਂ ਨੂੰ ਅਣਡਿੱਠਾ ਕਰਨਾ।

ਬੇਹੱਦ ਡਿਜ਼ੀਟਲ ਧਿਆਨ ਭੰਗ ਕਰ ਸਕਦਾ ਹੈ।

**ਨਤੀਜ਼ਾ** -ਦੁਹਰਾਈ ਕੋਈ ਵਿਕਲਪ ਨਹੀਂ — ਇਹ ਪ੍ਰਭਾਵਸ਼ਾਲੀ ਸਿੱਖਣ ਦੀ ਵਿਗਿਆਨਕ ਨੀਂਹ ਹੈ। ਇਹ ਯਾਦਸ਼ਕਤੀ ਮਜ਼ਬੂਤ ਕਰਦੀ ਹੈ, ਚਿੰਤਾ ਘਟਾਉਂਦੀ ਹੈ, ਸਟੀਕਤਾ ਵਧਾਉਂਦੀ ਹੈ ਅਤੇ ਤਣਾਅ ਵਿੱਚ ਵੀ ਪ੍ਰਦਰਸ਼ਨ ਸੁਧਾਰਦੀ ਹੈ। ਹੱਥ ਨਾਲ ਲਿਖੀ, ਡਿਜ਼ੀਟਲ ਜਾਂ ਦੋਵਾਂ ਦੇ ਮਿਲੇ-ਜੁਲੇ ਤਰੀਕੇ ਨਾਲ ਕੀਤੀ ਗਈ ਵਿਧੀਬੱਧ ਦੁਹਰਾਈ ਗਿਆਨ ਨੂੰ ਸਫਲਤਾ ਵਿੱਚ ਬਦਲ ਦਿੰਦੀ ਹੈ। ਇਲਾਜ਼ ਪ੍ਰਣਾਲੀ ਅਤੇ ਮਨੋਵਿਗਿਆਨਕ ਦ੍ਰਿਸ਼ਟੀਕੋਣ ਤੋਂ, ਜੋ ਵਿਦਿਆਰਥੀ ਨਿਯਮਿਤ ਦੁਹਰਾਈ ਕਰਦੇ ਹਨ ਉਹ ਨਾ ਸਿਰਫ਼ ਵੱਧ ਅੰਕ ਲੈਂਦੇ ਹਨ, ਸਗੋਂ ਇਸ ਮੁਸ਼ਕਲ ਅਕਾਦਮਿਕ ਪੜਾਅ ਦੌਰਾਨ ਵਧੀਆ ਮਾਨਸਿਕ ਸਿਹਤ ਵੀ ਬਣਾਈ ਰੱਖਦੇ ਹਨ। ਅਸਲ ਵਿੱਚ, ਦੁਹਰਾਈ ਮਿਹਨਤ ਨੂੰ ਪ੍ਰਾਪਤੀ ਵਿੱਚ ਬਦਲ ਦਿੰਦੀ ਹੈ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਵਿਭਾਗ ਦੇ ਫੈਕਲਟੀ ਮੈਂਬਰ ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**


ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਸ਼ਹੀਦੀ ਦਿਹਾੜਾ

☛ ਸ਼ਹੀਦੀ ਦਿਵਸ ਬਾਬਾ ਤਾਰਾ ਸਿੰਘ ਸਾਹਿਬ ਜੀ ਵਾਂ ☛ ਸ਼ਹੀਦੀ ਦਿਵਸ ਬਾਬਾ ਬਘੇਲ ਸਿੰਘ ਸਾਹਿਬ ਜੀ ਲੱਧੇਵਾਲ ਅੰਮ੍ਰਿਤਸਰ ਸਾਹਿਬ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਭਾਈ ਭੁਪਿੰਦਰ ਸਿੰਘ ਕਾਜਲਮੋਰਾਨੋ ਦੇ ਪਰਿਵਾਰ ਵੱਲੋਂ ਲਈ ਗਈ ਹੈ।

ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਸ਼ੁੱਕਰਵਾਰ 10:00 ਹੋਵੇਗੀ ਅਤੇ ਐਤਵਾਰ ਸਵੇਰੇ 10:00 ਭੋਗ ਪੈਣਗੇ ਉਪਰੰਤ 1 ਵਜੇ ਤੱਕ ਦੀਵਾਨ ਸੱਜਣਗੇ।

☛ ਸ਼ਨਿੱਚਰਵਾਰ 28 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।
☛ ਐਤਵਾਰ 1 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ।

ਕੀਰਤਨੀ ਜਥਾ ਰਾਗੀ ਭਾਈ ਗੁਰਵਿੰਦਰ ਸਿੰਘ ਸ਼੍ਰੀ ਅੰਮ੍ਰਿਤਸਰ ਸਾਹਿਬ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ⋆ ਗੁਰੂ ਪੰਥ ਦੇ ਦਾਸਰੇ ⋆

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਪੂਰਾ ਪੰਜਾਬ ਲਹਿਰ ਹੇਠ ਜਨਤਕ ਦਸਤਖ਼ਤ ਪਟੀਸ਼ਨ ਮੁਹਿੰਮ ਨੂੰ ਫਰੀਦਕੋਟ ਵਿੱਚ ਮਿਲਿਆ ਜ਼ੋਰਦਾਰ ਸਮਰਥਨ

# ਟਿੱਲਾ ਬਾਬਾ ਫਰੀਦ ਵਿਖੇ ਜਨਤਕ ਦਸਤਖ਼ਤ ਪਟੀਸ਼ਨ ਭਰਨ ਲਈ ਲਗਾਇਆ ਗਿਆ ਕੈਂਪ

**ਫ਼ਿਰੋਜ਼ਪੁਰ, 26 ਫਰਵਰੀ (ਮਨੋਹਰ ਲਾਲ)**:— ਮਿਸਲ ਸਤਲੁਜ ਵੱਲੋਂ ਪੂਰਾ ਪੰਜਾਬ ਲਹਿਰ ਹੇਠ ਇਤਿਹਾਸਕ ਧਰਤੀ ਟਿੱਲਾ ਬਾਬਾ ਫਰੀਦ ਜੀ ਵਿਖੇ ਜਨਤਕ ਦਸਤਖ਼ਤ ਪਟੀਸ਼ਨ ਭਰਵਾਉਣ ਅਤੇ ਇਸ ਮੁਹਿੰਮ ਨੂੰ ਘਰ—ਘਰ ਲੈ ਕੇ ਜਾਣ ਲਈ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦੀ ਅਗਵਾਈ ਰਣਪਿੰਦਰ ਸਿੰਘ ਗੋਲਡੀ ਸੂਬਾ ਸਕੱਤਰ ਅਤੇ ਹਰਦੇਵ ਸਿੰਘ ਬਰਾੜ ਪ੍ਰਧਾਨ ਕਿਸਾਨ ਵਿੰਗ ਮਾਲਵਾ ਜੋਨ ਨੇ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਪੰਜਾਬ ਹਿਤੈਸ਼ੀ ਲੋਕਾਂ ਨੇ ਸ਼ਮੂਲੀਅਤ ਕਰਦਿਆਂ ਆਪਣੇ ਦਸਤਖ਼ਤ ਰਾਹੀਂ ਲਹਿਰ ਨੂੰ ਮਜ਼ਬੂਤ ਸਮਰਥਨ ਦਿੱਤਾ।



ਗੱਲਬਾਤ ਕਰਦਿਆਂ ਰਣਪਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਸੰਗਤ ਅਤੇ ਜਨਤਾ ਵੱਲੋਂ ਪ੍ਰਗਟ ਕੀਤਾ ਗਿਆ ਉਤਸ਼ਾਹ ਇਸ ਗੱਲ ਦਾ ਸਪਸ਼ਟ ਸੰਕੇਤ ਹੈ ਕਿ ਪੰਜਾਬ ਦੇ ਸੰਵਿਧਾਨਕ ਹੱਕਾਂ, ਆਰਥਿਕ ਖੁਦਮੁਖਤਿਆਰੀ ਅਤੇ ਸਮਾਜਿਕ ਨਿਆਂ ਲਈ ਲੋਕ ਜਾਗਰੂਕ ਹਨ ਅਤੇ ਇੱਕ ਮਜ਼ਬੂਤ ਆਵਾਜ਼ ਖੜੀ ਕਰਨ ਲਈ ਤਿਆਰ ਹਨ। ਪੂਰਾ ਪੰਜਾਬ ਲਹਿਰ ਦਾ ਮਕਸਦ ਪੰਜਾਬ ਦੇ ਹੱਕਾਂ ਦੀ ਪੂਰੀ ਪ੍ਰਾਪਤੀ ਅਤੇ ਰਾਜ ਦੇ ਸੁਨਹਿਰੇ ਭਵਿੱਖ ਦੀ ਨੀਂਹ ਰੱਖਣਾ ਹੈ। ਗੱਲਬਾਤ ਕਰਦਿਆਂ ਹਰਦੇਵ ਸਿੰਘ ਬਰਾੜ ਨੇ ਅਪੀਲ ਕੀਤੀ ਕਿ ਮਿਸਲ ਸਤਲੁਜ ਵੱਲੋਂ ਆਰੰਭ ਕੀਤੀ ਪੂਰਾ ਪੰਜਾਬ ਲਹਿਰ ਨਾਲ ਹਰ ਪੰਜਾਬ ਵਾਸੀ ਨੂੰ ਖੜ੍ਹਨਾ ਚਾਹੀਦਾ ਹੈ। ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਜਨ ਅੰਦੋਲਨ ਨੂੰ ਹਰ ਪਿੰਡ ਹਰ ਸ਼ਹਿਰ ਅਤੇ ਹਰ ਘਰ ਤੱਕ ਪਹੁੰਚਾਇਆ ਜਾਵੇ ਤਾਂ ਜੋ ਇਹ ਲਹਿਰ ਇੱਕ ਵਿਆਪਕ ਜਨਚੇਤਨਾ ਵਿੱਚ ਬਦਲ ਸਕੇ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਮੁਹਿੰਮ ਨਹੀਂ ਸਗੋਂ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨਾਲ ਜੁੜੀ ਜ਼ਿੰਮੇਵਾਰੀ ਹੈ। ਇਸ ਮੌਕੇ ਟਿੱਲਾ ਸ਼ੇਖ ਫਰੀਦ ਜੀ ਪ੍ਰਧਾਨ ਐਡਵੋਕੇਟ ਸਿਮਰਨਜੀਤ ਸਿੰਘ ਸੇਖੋਂ ਵੱਲੋ ਜਿੱਥੇ ਇਸ ਜਨਤਕ ਦਸਤਖ਼ਤ ਪਟੀਸ਼ਨ ਉਪਰ ਆਪ ਦਸਤਖ਼ਤ ਕੀਤੇ ਗਏ, ਉੱਥੇ ਹੀ ਉਹਨਾਂ ਨੇ ਸਮੂਹ ਪੰਜਾਬੀਆਂ ਨੂੰ ਵੀ ਅਪੀਲ ਕੀਤੀ ਕਿ ਇਸ ਮੁਹਿੰਮ ਨਾਲ ਸਮੂਹ ਪੰਜਾਬੀ ਆਪਣੀ ਨੈਤਿਕ ਜ਼ਿੰਮੇਵਾਰੀ ਸਮਝਦੇ ਹੋਏ ਜਰੂਰ ਜੁੜਨ।

ਅਮਨਦੀਪ ਹਸਪਤਾਲ ਦੀ ਪਹਿਲ

# ਮੁਫ਼ਤ ਸਪਾਇਰੋਮੈਟਰੀ ਕੈਂਪ ਰਾਹੀਂ ਸਾਹ ਸੰਬੰਧੀ ਬਿਮਾਰੀਆਂ ਦੀ ਜਾਂਚ

ਫ਼ਿਰੋਜ਼ਪੁਰ, 26 ਫਰਵਰੀ (ਮਨੋਹਰ ਲਾਲ):— ਅਮਨਦੀਪ ਹਸਪਤਾਲ ਨੇ ਉਜਾਲਾ ਸਿਗਨਸ ਹੈਲਥ ਕੇਅਰ ਸਰਵਿਸਿਜ਼ ਨਾਲ ਭਾਗੀਦਾਰੀ ਅਤੇ ਸਮਾਜ ਸੇਵਾ ਸੋਸਾਇਟੀ ਗੁਰੂਹਰਸਹਾਏ ਦੇ ਸਹਿਯੋਗ ਨਾਲ 25 ਫ਼ਰਵਰੀ 2026 ਨੂੰ ਆਪਣੇ ਸਥਾਨ 'ਤੇ ਮੁਫ਼ਤ ਸਪਾਇਰੋਮੈਟਰੀ ਕੈਂਪ ਦਾ ਸਫਲ ਆਯੋਜਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਕੈਂਪ ਦਾ ਮੁੱਖ ਉਦੇਸ਼ ਅਸਥਮਾ, ਸੀ.ਓ.ਪੀ.ਡੀ ਅਤੇ ਫੇਫੜਿਆਂ ਨਾਲ ਜੁੜੀਆਂ ਹੋਰ ਸਾਹ ਸੰਬੰਧੀ ਬਿਮਾਰੀਆਂ ਦੀ ਸ਼ੁਰੂਆਤੀ ਪਹਿਚਾਣ ਕਰਨਾ ਅਤੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣਾ ਸੀ। ਇਸ ਦੌਰਾਨ ਸਪਾਇਰੋਮੈਟਰੀ ਟੈਸਟ ਜੋ ਫੇਫੜਿਆਂ ਦੀ ਕਾਰਗੁਜ਼ਾਰੀ ਅਤੇ ਸਾਹ ਲੈਣ ਦੀ ਸਮਰੱਥਾ ਨੂੰ ਮਾਪਦਾ ਹੈ, ਸੀਨੀਅਰ ਪਲਮੋਨੋਲੋਜੀ ਅਤੇ ਕ੍ਰਿਟੀਕਲ ਕੇਅਰ ਵਿਸ਼ੇਸ਼ਗਿਆ ਡਾ: ਚੇਤਨ ਕੁਮਾਰ ਐਨ.ਜੀ ਦੀ ਦੇਖ ਰੇਖ ਹੇਠ ਕੀਤਾ ਗਿਆ। ਮਰੀਜ਼ਾਂ ਦੀ ਸੁਵਿਧਾ ਲਈ ਮੁਫ਼ਤ ਓ.ਪੀ.ਡੀ ਸਲਾਹ ਸੇਵਾ ਵੀ 28 ਫ਼ਰਵਰੀ 2026 ਤੱਕ ਸੋਮਵਾਰ ਤੋਂ ਸ਼ਨੀਵਾਰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਉਪਲਬਧ ਕਰਵਾਈ ਗਈ। ਕੈਂਪ ਦਾ ਉਦਘਾਟਨ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ, ਸੋਸਾਇਟੀ ਦੇ ਪ੍ਰਧਾਨ ਮਦਨ ਮੋਹਨ ਕੰਧਾਰੀ, ਮਹਾਂਸਚਿਵ ਬੂਰ ਚੰਦ ਬਿੰਦਰਾ ਅਤੇ ਕੈਸ਼ੀਅਰ ਆਦਰਸ਼ਜੀਤ ਪਾਲ ਧਵਨ ਦੀ ਹਾਜ਼ਰੀ ਵਿੱਚ ਕੀਤਾ ਗਿਆ। ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਸੰਸਥਾ ਦਾ ਉਦੇਸ਼ ਸਿਰਫ਼ ਇਲਾਜ ਤੱਕ ਸੀਮਿਤ ਨਹੀਂ, ਸਗੋਂ ਰੋਕਥਾਮੀ ਸਿਹਤ ਸੇਵਾਵਾਂ ਅਤੇ ਜਨ ਜਾਗਰੂਕਤਾ ਨੂੰ ਵਧਾਵਾ ਦੇਣਾ ਵੀ ਹੈ। ਉਨ੍ਹਾਂ ਦੱਸਿਆ ਕਿ ਇਸ ਪਹਿਲ ਰਾਹੀਂ ਸਾਹ ਸੰਬੰਧੀ ਰੋਗਾਂ ਦੀ ਸਮੇਂ ਸਿਰ ਪਹਿਚਾਣ ਯਕੀਨੀ ਬਣਾਕੇ ਸਮਾਜ ਦੇ ਹਰ ਵਰਗ ਤੱਕ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਅਮਨਦੀਪ ਗਰੁੱਪ ਅੱਜ ਇੱਕ ਵਿਸ਼ਾਲ ਸਿਹਤ ਸੇਵਾ ਨੈਟਵਰਕ ਵਜੋਂ ਵਿਕਸਿਤ ਹੋ ਚੁੱਕਾ ਹੈ, ਜਿਸ ਅਧੀਨ ਛੇ ਕੇਂਦਰਾਂ ਵਿਚ 750 ਤੋਂ ਵੱਧ ਬੈਡ ਅਤੇ 170 ਤੋਂ ਵੱਧ ਵਿਸ਼ੇਸ਼ਗਿਆ ਡਾਕਟਰ ਸੇਵਾਵਾਂ ਦੇ ਰਹੇ ਹਨ। ਸੇਵਾ ਦੀ ਪਰੰਪਰਾ ਨੂੰ ਅੱਗੇ ਵਧਾਉਂਦਿਆਂ ਗਰੁੱਪ ਹੁਣ ਤੱਕ 25 ਲੱਖ ਤੋਂ ਵੱਧ ਮਰੀਜ਼ਾਂ ਦਾ ਇਲਾਜ ਕਰ ਚੁੱਕਾ ਹੈ ਅਤੇ ਖੇਤਰ ਵਿੱਚ ਸੌਖੀਆਂ, ਕਿਫ਼ਾਇਤੀ ਅਤੇ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਨੂੰ ਨਵੀਂ ਦਿਸ਼ਾ ਦੇ ਰਿਹਾ ਹੈ।




# ਜਤਿੰਦਰ ਮੋਹਨ ਕੁੱਕੂ ਪ੍ਰਧਾਨ ਦੇ ਜਨਮ ਦਿਨ ਤੇ ਲਗਾਇਆ ਖ਼ੂਨਦਾਨ ਕੈਂਪ

**ਫ਼ਿਰੋਜ਼ਪੁਰ, 26 ਫਰਵਰੀ (ਮਨੋਹਰ ਲਾਲ)**:— ਆਪਣੇ ਪਿਤਾ ਜਤਿੰਦਰ ਮੋਹਨ ਕੁੱਕੂ ਪ੍ਰਧਾਨ ਦੇ 68ਵੇਂ ਜਨਮ ਦਿਨ *ਤੇ ਨੌਜਵਾਨ ਅੰਕੁਸ਼ ਸ਼ਰਮਾ ਮੰਨੂ ਨੇ ਲਗਾਇਆ ਖ਼ੂਨਦਾਨ ਕੈਂਪ। ਫ਼ਿਰੋਜ਼ਪੁਰ ਸ਼ਹਿਰ ਦੇ ਬਜ਼ਾਰ ਲੁਹਾਰਾਂ ਵਿਚ ਲਗਾਏ ਗਏ ਮੈਗਾ ਮੈਡੀਕਲ ਕੈਂਪ ਦੌਰਾਨ ਵੱਡੀ ਗਿਣਤੀ ਖ਼ੂਨਦਾਨੀ ਨੌਜਵਾਨਾਂ ਨੇ ਸ਼ਿਰਕਤ ਕੀਤੀ ਅਤੇ ਮੌਕੇ ਤੇ ਪੁੱਜੀ ਬਲੱਡ ਬੈਂਕ ਦੀ ਟੀਮ ਨੂੰ 65 ਤੋਂ ਵੱਧ ਖ਼ੂਨਦਾਨੀਆਂ ਵੱਲੋਂ ਖ਼ੂਨਦਾਨ ਕੀਤਾ ਗਿਆ। ਇਸ ਮੈਡੀਕਲ ਕੈਂਪ ਵਿਚ ਸਿਵਲ ਹਸਪਤਾਲ ਦੀ ਬਲੱਡ ਬੈਂਕ ਟੀਮ ਦੀ ਵਿਚ ਡਾ: ਮਨਪ੍ਰੀਤ ਸਿੰਘ, ਕੌਂਸਲਰਸੁਨੀਲਾ ਅਤੇ ਸਟਾਫ ਕਰਨ ਤੇ ਵਨਧਾਰਾ ਹਾਜ਼ਰ ਹੋਏ। ਇਸ ਕੈਂਪ ਦੌਰਾਨ ਜੈਨੇਸਿਸ ਇੰਸਟੀਚਿਊਟ ਆਫ ਡੈਂਟਲ ਸਾਇੰਸਸ ਐਂਡ ਰਿਸਰਚ ਮੋਗਾ ਰੋਡ ਫ਼ਿਰੋਜ਼ਪੁਰ ਦੇ ਡਾ: ਸਵਸ ਗੁਪਤਾ, ਚਤਨਾ ਗਾਂਧੀ, ਕ੍ਰਿਸ਼ਨ ਕੂਪੂਰ, ਡਾ: ਰਾਹੁਲ ਯਾਦਵ, ਮਨਦੀਪ ਕੌਰ, ਕੋਮਲ, ਮੁਸਕਾਨ, ਸਤਿਨਦਰਜੀਤ ਕੌਰ ਅਤੇ ਲਵਨੀਤ ਨੇ ਪਹੁੰਚ ਕੇ ਹਾਜ਼ਰੀਨ ਨੂੰ ਸਿਹਤ ਸਹੂਲਤਾਂ ਮੁਹਇਆ ਕਰਵਾਈਆਂ। ਇਸ ਮੌਕੇ ਜੈਨੇਸਿਸ ਇੰਸਟੀਚਿਊਟ ਆਫ ਡੈਂਟਲ ਸਾਇੰਸਸ ਐਂਡ ਰਿਸਰਚ ਮੋਗਾ ਰੋਡ ਫ਼ਿਰੋਜ਼ਪੁਰ ਦੀ ਟੀਮ ਨੇ 55 ਤੋਂ ਵੱਧ ਮਰੀਜਾਂ ਦੇ ਦੰਦਾਂ ਦਾ ਚੈਕਅਪ ਕਰਕੇ ਉਨ੍ਹਾਂ ਨੂੰ ਲੋੜ ਅਨਸਾਰ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਕੈਂਪ ਵਿਚ ਅੱਖਾਂ ਦੇ ਮਰੀਜਾਂ ਨੂੰ ਮਸ਼ੀਨਾਂ ਨਾਲ ਚੈਕ ਕੀਤਾ ਗਿਆ, ਜਿਨ੍ਹਾਂ ਮਰੀਜਾਂ ਦੀ ਨਿਗ੍ਹਾ ਕਮਜੋਰ ਸੀ ਤੇ ਐਨਕਾਂ ਲੱਗਣਯੋਗ ਸਨ, ਉਨ੍ਹਾਂ ਦੇ ਨੰਬਰ ਨੋਟ ਕਰਕੇ ਐਨਕਾਂ ਦੇਣ ਲਈ ਕਿਹਾ ਗਿਆ। ਅੱਖਾਂ ਦੇ ਨਰੀਖਣ ਕਰਨ ਲਈ ਸਿਵਲ ਹਸਪਤਾਲ ਦੀ ਅੱਖਾਂ ਦੀ ਟੀਮ ਜਿਸ ਵਿਚ ਡਾ: ਹੈਪੀ, ਡਾ: ਨਰੇਸ਼ ਵੱਲੋਂ 120 ਮਰੀਜਾਂ ਦੀਆਂ ਅੱਖਾਂ ਚੈਕ ਕੀਤੀਆਂ। ਇਸ ਮੌਕੇ ਪੰਡਿਤ ਅੰਕੁਸ਼ ਸ਼ਰਮਾ ਨੂੰ ਇਸ ਕੈਂਪ ਦੇ ਆਯੋਜਨ ਤੇ ਆਪਣਾ ਨਿੱਘਾ ਪਿਆਰ ਅਤੇ ਉਸ ਵੱਲੋਂ ਕੀਤੇ ਕਾਰਜ ਦੀ ਭਰਪੂਰ ਸ਼ਬਦਾਂ ਵਿਚ ਪ੍ਰਸੰਸਾ ਕੀਤੀ ਅਤੇ ਨੌਜਵਾਨ ਪੀੜ੍ਹੀ ਨੂੰ ਵੀ ਪ੍ਰੇਰਨਾ ਦਿੱਤੀ। ਕੈਂਪ ਵਿਚ ਸ਼ਹਿਰ ਅਤੇ ਪਿੰਡਾਂ ਦੇ ਮੋਹਤਬਰਾਂ ਵੱਲੋਂ ਹਾਜ਼ਰੀ ਲਗਾਈ ਗਈ। ਇਸ ਮੌਕੇ ਸਰਪੰਚ ਹਰਿੰਦਰ ਸਿੰਘ ਕੁਲ, ਰਜੇਸ਼ ਦੱਤਾ ਪ੍ਰਧਾਨ ਬ੍ਰਾਹਮਣ ਸਭਾ, ਗੁਰਦੇਵ ਸਿੰਘ ਸੰਧੂ, ਗੁਰੂ ਪ੍ਰਵੇਸ਼ ਸਿੰਘ, ਦਵਿੰਦਰ ਬਜਾਜ, ਕੈਲਾਸ਼ ਸ਼ਰਮਾ, ਪੰ: ਹਰੀ ਰਾਮ ਖਿੰਦੜੀ ਪ੍ਰਧਾਨ ਸਮਾਜ ਕਲਿਆਣ ਸਭਾ ਗੁਰਪਰਵੇਸ਼ ਉਪਲ ਸਰਪੰਚ, ਪੰ: ਅਨਸ਼ੂ ਸ਼ਰਮਾ, ਅਸ਼ਵਨੀ ਗਰੋਵਰ, ਗੁਰਪ੍ਰੀਤ ਸਿੰਘ, ਹਰਿੰਦਰ ਕੁਲ, ਮੋਹਿਤ ਢੱਲ, ਮੋਨਟੂ ਵੋਹਰਾ ਆਦਿ ਹਾਜ਼ਰ ਸਨ, ਜਿਨ੍ਹਾਂ ਨੇ ਨੌਜਵਾਨਾਂ ਨੂੰ ਅਜਿਹੇ ਖ਼ੂਨਦਾਨ ਕੈਂਪਾਂ ਵਿਚ ਸ਼ਿਰਕਤ ਕਰਨ ਦੀ ਅਪੀਲ ਕੀਤੀ।



# ਸਿੱਖ ਨੌਜਵਾਨ ਰਣਜੀਤ ਸਿੰਘ ਦੇ 'ਝੂਠੇ' ਪੁਲਿਸ ਮੁਕਾਬਲੇ ਦੀ ਸੀਬੀਆਈ ਜਾਂਚ ਹੋਵੇ : ਬਾਪੂ ਤਰਸੇਮ ਸਿੰਘ

**ਅੰਮ੍ਰਿਤਸਰ, 26 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਵੱਲੋਂ ਸਿੱਖ ਨੌਜਵਾਨ ਨੂੰ ਝੂਠੇ ਪੁਲਿਸ ਮੁਕਾਬਲੇ ਵਿੱਚ ਮਾਰਨ ਮਗਰੋਂ ਜਮਹੂਰੀਅਤ ਪਸੰਦ ਸੰਗਠਨਾਂ ਵੱਲੋਂ ਸਰਕਾਰ ਖੜ੍ਹੇ ਕੀਤੇ ਜਾ ਰਹੇ ਸਵਾਲਾਂ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦਾ ਸਿੱਖ ਵਿਰੋਧੀ ਚਿਹਰਾ ਨੰਗਾ ਕਰ ਦਿੱਤਾ ਹੈ।" ਇਨਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਇੱਥੇ ਅਕਾਲੀ ਦਲ ਵਾਰਿਸ ਪੰਜਾਬ ਦੇ ਸਰਪ੍ਰਸਤ ਤੇ ਲੋਕ ਸਭਾ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਨੇ ਪ੍ਰੈਸ ਸਕੱਤਰ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਪ੍ਰੈਸ ਨੋਟ ਰਾਹੀਂ ਕੀਤਾ। ਉਨਾਂ ਕਿਹਾ ਕਿ ਗੁਰਦਾਸਪੁਰ ਵਿੱਚ ਦੋ ਪੁਲਿਸ ਮੁਲਾਜ਼ਮਾਂ ਦਾ ਕਤਲ ਮੰਦਭਾਗਾ ਹੈ, ਪਰ ਪੰਜਾਬ ਸਰਕਾਰ ਨੇ ਇਸ ਦੀ ਬਾਰੀਕੀ ਨਾਲ ਜਾਂਚ ਕਰਨ ਦੀ ਬਜਾਏ ਹਫੜਾ-ਦਫੜੀ ਵਿੱਚ ਪਿੰਡ ਆਦੀਆਂ ਦੇ 19 ਸਾਲਾ ਸਿੱਖ ਨੌਜਵਾਨ ਰਣਜੀਤ ਸਿੰਘ ਦਾ ਝੂਠਾ ਪੁਲਿਸ ਮੁਕਾਬਲਾ ਬਣਾ ਦਿੱਤਾ ਹੈ। ਉਨਾਂ ਕਿਹਾ ਕਿ ਰਣਜੀਤ ਸਿੰਘ ਦਾ ਝੂਠਾ ਪੁਲਿਸ ਮੁਕਾਬਲਾ ਮਨੁੱਖੀ ਅਧਿਕਾਰਾਂ ਦਾ ਸਿੱਧਾ ਉਲੰਘਣ ਹੈ ਅਤੇ ਇਹ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੱਥੇ ਉੱਪਰ ਇੱਕ ਕਲੰਕ ਵੀ ਹੈ। ਉਨਾਂ ਕਿਹਾ ਕਿ ਮਨੁੱਖਤਾ ਦੇ ਇਸ ਘਾਣ ਦੇ ਮੁੱਦੇ ਨੂੰ ਲੈ ਕੇ ਸਮੂਹ ਜਮਹੂਰੀਅਤ ਪਸੰਦ ਸੰਗਠਨਾਂ ਨੂੰ ਇੱਕਜੁੱਟ ਹੋਣਾ ਚਾਹੀਦਾ ਹੈ ਅਤੇ ਖਾਸ ਕਰਕੇ ਪੰਥਕ ਸੰਗਠਨਾਂ ਨੂੰ ਇਸ ਦਾ ਗੰਭੀਰ ਨੋਟਿਸ ਲੈਂਦੇ ਹੋਏ ਸਰਕਾਰ ਦੀ ਇਸ ਕੋਝੀ ਹਰਕਤ ਵਿਰੁੱਧ ਇੱਕ ਤਿੱਖਾ ਸੰਘਰਸ਼ ਵਿੱਢਣਾ ਚਾਹੀਦਾ ਹੈ। ਉਨਾਂ ਕਿਹਾ ਕਿ ਪੁਲਿਸ ਦੀ ਦਰਿੰਦਗੀ ਦਾ ਸ਼ਿਕਾਰ ਹੋਏ ਰਣਜੀਤ ਸਿੰਘ ਦੇ ਪਰਿਵਾਰ ਅਤੇ ਪਿੰਡ ਵਾਲਿਆਂ ਨੇ ਸਾਫ਼ ਸ਼ਬਦਾਂ ਵਿੱਚ ਕਿਹਾ ਹੈ ਕਿ ਰਣਜੀਤ ਸਿੰਘ ਨੂੰ ਪਹਿਲਾਂ ਪੁਲਿਸ ਘਰੋਂ ਚੁੱਕ ਕੇ ਲੈ ਗਈ ਅਤੇ ਬਾਅਦ ਵਿੱਚ ਉਸਦਾ ਝੂਠਾ ਪੁਲਿਸ ਮੁਕਾਬਲਾ ਬਣਾ ਦਿੱਤਾ ਗਿਆ। ਉਨਾਂ ਕਿਹਾ ਕਿ ਦੋ ਪੁਲਿਸ ਮੁਲਾਜ਼ਮਾਂ ਦੇ ਕਤਲ ਦੇ ਸੰਬੰਧ ਵਿੱਚ ਆਪਣੀ ਨਾਲਾਇਕੀ ਨੂੰ ਲੁਕਾਉਣ ਲਈ ਪੁਲਿਸ ਨੇ ਆਦੀਆਂ ਪਿੰਡ ਵਿੱਚ ਨੌਜਵਾਨਾਂ ਉੱਪਰ ਜਬਰ ਕੀਤਾ ਅਤੇ ਇੱਥੋਂ ਤੱਕ ਕਿ ਗੁਰਦੁਆਰਾ ਸਾਹਿਬ ਦੇ ਕੈਮਰਿਆਂ ਦਾ ਡੀ ਵੀ ਆਰ ਵੀ ਚੁੱਕ ਕੇ ਲੈ ਗਈ ਹੈ। ਬਾਪੂ ਤਰਸੇਮ ਸਿੰਘ ਨੇ ਇਸ ਘਟਨਾ ਦੀ ਜ਼ੋਰਦਾਰ ਸ਼ਬਦਾ ਵਿੱਚ ਨਿਖੇਧੀ ਕਰਦਿਆਂ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਸੀਬੀਆਈ ਤੋਂ ਜਾਂਚ ਕਰਵਾ ਕਿ ਮ੍ਰਿਤਕ ਰਣਜੀਤ ਸਿੰਘ ਦੇ ਪਰਿਵਾਰ ਨੂੰ ਇਨਸਾਫ ਦਿੱਤਾ ਜਾਵੇ।



# ਸੀਨੀਅਰ ਸਿਟੀਜਨ ਫੋਰਮ ਦੇ ਸਹਿਯੋਗ ਨਾਲ ਲੱਗਾ ਮੁਫਤ ਸ਼ੂਗਰ ਚੈਕਅਪ ਕੈਂਪ



ਫ਼ਿਰੋਜ਼ਪੁਰ, 26 ਫਰਵਰੀ (ਮਨੋਹਰ ਲਾਲ):— ਹਾਰਮੋਨੀ ਆਯੁਰਵੈਦਿਕ ਹਸਪਤਾਲ ਫਿਰੋਜਪੁਰ ਵਿਖੇ ਲੱਗੇ ਦੋ ਦਿਨਾ ਮੁਫਤ ਸ਼ੂਗਰ ਚੈਕਅਪ ਕੈਂਪ ਵਿਚ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਸਮੇਂ ਫੋਰਮ ਦੇ ਮੈਂਬਰ ਸਾਹਿਬਾਨ ਵੱਲੋਂ ਸ਼ੂਗਰ ਅਤੇ ਬਲੱਡ ਪਰੈਸ਼ਰ ਚੈਕ ਅਪ ਕਰਾਇਆ ਅਤੇ ਲੋੜੀਂਦੀਆਂ ਦਵਾਈਆਂ ਪ੍ਰਾਪਤ ਕੀਤੀਆਂ। ਕੈਂਪ ਦੌਰਾਨ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਧਰਮਪਾਲ ਬਾਂਸਲ, ਡਾਕਟਰ ਸ਼ਾਹੀ ਗੁਲੇਰੀਆ, ਡਾਕਟਰ ਅਨੂਜਾ, ਡਾਕਟਰ ਸੁਮਨ ਲਤਾ, ਡਾਕਟਰ ਸਾਹਿਲ ਨੇ ਕਿਹਾ ਕਿ ਹਸਪਤਾਲ ਦੀ ਕੋਸ਼ਿਸ਼ ਹੈ ਕਿ ਮਰੀਜਾਂ ਨੂੰ ਸਸਤੇ ਤੋਂ ਸਸਤਾ ਇਲਾਜ ਸਮੇਂ ਸਿਰ ਮਿਲ ਸਕੇ। ਏਸੇ ਕਾਰਨ ਇਸ ਹਸਪਤਾਲ ਵਿਚ ਦੋ ਦਿਨ ਦਾ ਫਰੀ ਸ਼ੂਗਰ ਚੈੱਕ ਅਪ ਕੈਂਪ ਲਗਾਇਆ ਗਿਆ। ਇਸ ਦੇ ਇਲਾਵਾ ਪੰਜ ਤੰਤਰ ਰਾਹੀਂ ਵੱਖ—ਵੱਖ ਬਿਮਾਰੀਆਂ ਦਾ ਇਲਾਜ ਵੀ ਕੀਤਾ ਜਾਂਦਾ ਹੈ। ਇਸ ਸਮੇਂ ਫੋਰਮ ਦੇ ਪ੍ਰਧਾਨ ਸ਼੍ਰੀ ਪਰਦੀਪ ਧਵਨ ਨੇ ਹਾਰਮੋਨੀ ਆਯੁਰਵੈਦਿਕ ਹਸਪਤਾਲ ਵਲੋਂ ਲਗਾਏ ਗਏ ਫਰੀ ਸ਼ੂਗਰ ਚੈਕਅਪ ਕੈਂਪ ਲਈ ਪ੍ਰਬੰਧਕਾਂ ਅਤੇ ਸਟਾਫ਼ ਦਾ ਧੰਨਵਾਦ ਕੀਤਾ। ਇਸ ਮੌਕੇ ਸ਼੍ਰੀ ਦੇਸ਼ ਬੰਧੂ ਤੁਲੀ ਪੈਟਰਨ, ਸਤੀਸ਼ ਪੂਰੀ ਸੀਨਿਅਰ ਮੀਤ ਪ੍ਰਧਾਨ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਯੋਗਿੰਦਰ ਨਾਥ ਕੱਕੜ, ਅਵਤਾਰ ਸਿੰਘ ਭੋਲਾ, ਸੁਰਿੰਦਰ ਬੇਰੀ, ਸ਼ਾਮ ਲਾਲ ਗੱਖੜ, ਸੁਰਿੰਦਰ ਵਿਜ, ਪਰਵੀਨ ਧਵਨ, ਪ੍ਰੋਫੈਸਰ ਗੁਰਦੇਵ ਸਿੰਘ, ਡਾਕਟਰ ਸੁਰਿੰਦਰ ਸਿੰਘ, ਅਸ਼ੋਕ ਕੁਮਾਰ ਕੱਕੜ, ਬਲਦੇਵ ਸਚਦੇਵਾ, ਏ.ਕੇ ਸੇਠੀ ਪ੍ਰੋਫੈਸਰ, ਹਰੀਸ਼ ਮੋਂਗਾ, ਪਰਦੀਪ ਰਾਣਾ ਆਦਿ ਹਾਜਰ ਸਨ। ਸ਼੍ਰੀ ਧਰਮਪਾਲ ਬਾਂਸਲ ਅਤੇ ਸ਼੍ਰੀ ਯੋਗੇਸ਼ ਬਾਂਸਲ ਵੱਲੋਂ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਸਮੂਹ ਮੈਂਬਰ ਸਾਹਿਬਾਨ ਦਾ ਸਵਾਗਤ ਅਤੇ ਧਨਵਾਦ ਕੀਤਾ।

# ਗੁਰਦਾਸਪੁਰ: ਖਹਿਰਾ ਨੇ ਕਥਿਤ ਫਰਜ਼ੀ ਐਨਕਾਊਂਟਰ ਮੌਕੇ 19 ਸਾਲਾ ਨੌਜਵਾਨ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ, ਨਿਰਪੱਖ ਜਾਂਚ ਦੀ ਮੰਗ ਕੀਤੀ

**ਗੁਰਦਾਸਪੁਰ, 26 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸੀਨੀਅਰ ਕਾਂਗਰਸੀ ਨੇਤਾ ਅਤੇ MLA ਭੁਲੱਥ ਸੁਖਪਾਲ ਸਿੰਘ ਖਹਿਰਾ ਨੇ ਅੱਜ ਪਿੰਡ ਆਦੀ ਵਿੱਚ 19 ਸਾਲਾ ਰਣਜੀਤ ਸਿੰਘ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ, ਜੋ ਕਿ ਕਥਿਤ ਫਰਜ਼ੀ ਐਨਕਾਉਂਟਰ ਵਿੱਚ ਮਾਰੇ ਗਏ। ਖਹਿਰਾ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਇਸ ਘਟਨਾ ਨੂੰ "ਸਟੇਜ-ਮੈਨੇਜਡ ਐਨਕਾਉਂਟਰ" ਕਰਾਰ ਦਿੱਤਾ। ਖਹਿਰਾ ਨੇ ਕਿਹਾ ਕਿ ਰਣਜੀਤ ਸਿੰਘ ਦੀ ਮੌਤ ਭਗਵੰਤ ਮਾਨ ਸਰਕਾਰ ਹੇਠ ਆਮ ਆਦਮੀ ਪਾਰਟੀ ਦੌਰਾਨ ਹੋਇਆ 42ਵਾਂ ਐਨਕਾਉਂਟਰ ਹੈ, ਜਿੱਥੇ ਹਮੇਸ਼ਾ ਇੱਕੋ ਜਿਹਾ ਸਕ੍ਰਿਪਟ ਦੁਹਰਾਇਆ ਜਾਂਦਾ ਹੈ। ਉਨ੍ਹਾਂ ਨੇ ਪੁਲਿਸ ਦੀ ਕਹਾਣੀ 'ਤੇ ਗੰਭੀਰ ਸਵਾਲ ਉਠਾਏ: ਡੀਵੀਆਰ ਅਤੇ ਸੀਸੀਟੀਵੀ ਕੈਮਰੇ ਕਿਉਂ ਜ਼ਬਤ ਹੋਏ, ਹਥਕੜੀਆਂ ਲੱਗੇ ਨੌਜਵਾਨ ਨੂੰ ਕਿਸੇ ਚੋਟ ਦਾ ਨੁਕਸਾਨ ਕਿਵੇਂ ਨਹੀਂ ਹੋਇਆ, ਅਤੇ ਮੋਟਰਸਾਈਕਲ-ਹਥਿਆਰ ਕਿਵੇਂ ਪ੍ਰਬੰਧ ਕੀਤੇ ਗਏ। ਉਨ੍ਹਾਂ ਨੇ ਮ੍ਰਿਤਕ ਨੂੰ "ਆਈ. ਐਸ. ਆਈ. ਏਜੰਟ" ਕਰਾਰ ਦੇਣ ਵਾਲੇ ਦਾਅਵਿਆਂ ਨੂੰ ਸਖ਼ਤੀ ਨਾਲ ਰੱਦ ਕਰਦਿਆਂ ਕਿਹਾ ਕਿ ਇਹ ਘਟਨਾ ਕੋਈ ਇਕੱਲੀ ਘਟਨਾ ਨਹੀਂ, ਬਲਕਿ ਮੌਜੂਦਾ ਸਰਕਾਰ ਹੇਠ ਪੁਲਿਸ ਜ਼ੁਲਮ ਦੀ ਲੜੀ ਦਾ ਹਿੱਸਾ ਹੈ। ਖਹਿਰਾ ਨੇ ਪੁਲਿਸ ਦੇ ਬੇਰੋਕ ਟੋਕ ਕਾਰਵਾਈ ਕਰਨ ਅਤੇ ਨੌਜਵਾਨਾਂ ਨੂੰ ਨਿਰਦੋਸ਼ ਮਾਰਨ ਨੂੰ ਪੂਰੀ ਤਰ੍ਹਾਂ ਰਾਸ਼ਟਰੀ ਸੰਥਾਵਾਂ ਦੀ ਤੌਹਿਨ ਕਰਾਰ ਦਿੱਤਾ। ਖਹਿਰਾ ਨੇ ਮੁੱਖ ਨਿਆਂਲਿਆਂ ਨੂੰ ਅਪੀਲ ਕੀਤੀ ਕਿ ਉਹ ਇਸ ਘਟਨਾ ਦਾ ਸੁਓ ਮੋਟੋ ਸੰਜਾਨ ਲੈ ਕੇ ਨਿਰਪੱਖ ਜਾਂਚ ਕਰਵਾਉਣ ਅਤੇ ਪਰਿਵਾਰ ਨੂੰ ਇੰਨਸਾਫ਼ ਦੇਣ ਲਈ ਜ਼ਰੂਰੀ ਕਾਰਵਾਈ ਜਾਰੀ ਕਰਨ। ਇਸ ਮੌਕੇ 'ਤੇ ਖਹਿਰਾ ਨੇ ਪਰਿਵਾਰ ਨੂੰ ਭਰੋਸਾ ਦਿਵਾਇਆ ਕਿ ਉਹ ਘਟਨਾ ਦੀ ਪੂਰੀ ਜਾਂਚ ਅਤੇ ਜਵਾਬਦੇਹੀ ਲਈ ਲੜਾਈ ਜਾਰੀ ਰੱਖਣਗੇ।



### ਦਲ ਖ਼ਾਲਸਾ ਵੱਲੋਂ ਕੈਨੇਡਾ ਦੇ ਪ੍ਰਧਾਨ ਮੰਤਰੀ

# ਮਾਰਕ ਕਾਰਨੀ ਨੂੰ ਉਹਨਾਂ ਦੀ ਭਾਰਤ ਫੇਰੀ ਤੋ ਪਹਿਲਾਂ ਲਿਖਿਆ ਗਿਆ ਖ਼ਤ

**ਨਵੀਂ ਦਿੱਲੀ 26 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਕੈਨੇਡਾ ਦੇ ਪ੍ਰਧਾਨ ਮੰਤਰੀ ਸ਼੍ਰੀ ਮਾਰਕ ਕਾਰਨੀ ਨੂੰ ਉਹਨਾਂ ਦੀ ਭਾਰਤ ਫੇਰੀ ਤੋ ਪਹਿਲਾਂ ਦਲ ਖਾਲਸਾ ਦੇ ਸਿਆਸੀ ਸਕੱਤਰ ਭਾਈ ਕੰਵਰਪਾਲ ਸਿੰਘ ਨੇ ਇਕ ਪੱਤਰ ਲਿਖ ਕੇ ਸਿੱਖ ਪੰਥ ਦੀਆਂ ਚਿੰਤਾਵਾ ਨੂੰ ਉਜਾਗਰ ਕੀਤਾ ਹੈ। ਉਨ੍ਹਾਂ ਲਿਖਿਆ ਤੁਸੀਂ 26 ਫਰਵਰੀ ਤੋਂ ਭਾਰਤ ਦਾ ਆਪਣਾ ਸਰਕਾਰੀ ਦੌਰਾ ਸ਼ੁਰੂ ਕਰ ਰਹੇ ਹੋ। ਸਿੱਖ ਜਗਤ, ਨਿਆਂ ਅਤੇ ਨਿਰਪੱਖ ਫੈਸਲੇ ਦੀ ਉਮੀਦ ਵਿੱਚ ਆਪਣੀਆਂ ਨਜ਼ਰਾਂ ਤੁਹਾਡੀ ਫੇਰੀ 'ਤੇ ਟਿਕਾਈ ਬੈਠਾ ਹੈ। ਆਪ ਨੂੰ ਖ਼ਤ ਲਿਖਣ ਦੀ ਲੋੜ ਇਸ ਕਰਕੇ ਮਹਿਸੂਸ ਹੋਈ ਕਿ ਤੁਸੀਂ ਜਿਸ ਮੁਲਕ ਦੀ ਲੀਡਰਸ਼ਿਪ ਨਾਲ ਵਪਾਰ ਸਬੰਧੀ ਗੱਲਬਾਤ ਕਰਨ ਲਈ ਆ ਰਹੇ ਹੋ ਉਹਨਾਂ ਨੂੰ ਕੈਨੇਡੀਅਨ ਪਾਰਲੀਮੈਂਟ ਅਤੇ ਲੀਡਰਸ਼ਿਪ ਨੇ ਸਿੱਖ ਆਗੂ ਭਾਈ ਹਰਦੀਪ ਸਿੰਘ ਨਿੱਝਰ ਦਾ ਕਤਲ ਕਰਵਾਉਣ ਲਈ ਜਿੰਮੇਵਾਰ ਠਹਿਰਾਇਆ ਸੀ। ਸਾਨੂੰ ਮੀਡੀਆ ਰਿਪੋਰਟਾਂ ਪੜ੍ਹਨ ਅਤੇ ਇੰਟਰਵਿਊ ਸੁਣ ਕੇ ਕੁਝ ਰਾਹਤ ਮਿਲੀ ਹੈ, ਜਿੱਥੇ ਤੁਹਾਡੀ ਵਿਦੇਸ਼ ਮੰਤਰੀ, ਸ਼੍ਰੀਮਤੀ ਅਨੀਤਾ ਆਨੰਦ ਨੇ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਭਾਰਤੀ ਹਮਰੁਤਬਾ ਨਾਲ ਆਉਣ ਵਾਲੀ ਗੱਲਬਾਤ ਵਿੱਚ, "ਜਦੋਂ ਕਿ ਵਪਾਰ, ਊਰਜਾ, ਤਕਨਾਲੋਜੀ ਬਾਰੇ ਗੱਲਬਾਤ ਉਨ੍ਹਾਂ ਦੀ ਭਾਰਤ ਫੇਰੀ ਦਾ ਕੇਂਦਰ ਬਿੰਦੂ ਹੋਵੇਗਾ, ਉੱਥੇ ਗੱਲਬਾਤ ਦੌਰਾਨ ਕਾਨੂੰਨ ਦੇ ਰਾਜ ਦੀਆਂ ਚਿੰਤਾਵਾਂ, ਅੰਤਰਰਾਸ਼ਟਰੀ ਦਮਨ ਅਤੇ ਬਿਸ਼ਨੋਈ ਗੈਂਗ ਦੀ ਗਤੀਵਿਧੀਆਂ ਨੂੰ ਪ੍ਰਮੁੱਖਤਾ ਦਿੱਤੀ ਜਾਵੇਗੀ।" ਤੁਸੀਂ ਜਦੋਂ ਦਿੱਲੀ ਵਿੱਚ ਆਪਣੇ ਹਮਰੁਤਬਾ ਨਰਿੰਦਰ ਮੋਦੀ ਨਾਲ ਮੁਲਾਕਾਤ ਦੌਰਾਨ ਇਨ੍ਹਾਂ ਮੁੱਦਿਆਂ ਨੂੰ ਚੁਕੋਗੇ ਤਾਂ ਇਸ ਨਾਲ ਸਿੱਖਾਂ ਨੂੰ ਭਰੋਸਾ ਮਿਲੇਗਾ ਕਿ ਉਨ੍ਹਾਂ ਦੇ ਅਧਿਕਾਰ - ਜਿਸ ਵਿੱਚ ਜੀਓਣ ਦਾ ਅਧਿਕਾਰ ਵੀ ਸ਼ਾਮਲ ਹੈ - ਨੂੰ ਕਾਰੋਬਾਰ ਅਤੇ ਵਿੱਤੀ ਸੌਦਿਆਂ ਤੋਂ ਕੁਰਬਾਨ ਨਹੀਂ ਕੀਤਾ ਜਾਵੇਗਾ।



ਜਦੋਂ ਤੁਸੀਂ ਕੈਨੇਡਾ ਵਿੱਚ ਆਪਣੀ ਯਾਤਰਾ ਸ਼ੁਰੂ ਕਰਨ ਲਈ ਤਿਆਰੀ ਵਿੱਚ ਹੋ, ਤਾਂ ਸਿੱਖ ਫੈਡਰੇਸ਼ਨ ਆਫ ਕੈਨੇਡਾ ਦੇ ਮੁਖੀ ਅਤੇ ਸ਼ਹੀਦ ਹਰਦੀਪ ਸਿੰਘ ਨਿੱਝਰ ਦੇ ਸਹਿਯੋਗੀ, ਸਿੱਖ ਕੈਨੇਡੀਅਨ ਮੋਨਿੰਦਰ ਸਿੰਘ ਅਤੇ ਉਸ ਦੇ ਪਰਿਵਾਰ ਨੂੰ ਵੈਨਕੂਵਰ ਪੁਲਿਸ ਵਿਭਾਗ ਵੱਲੋਂ ਉਹਨਾਂ ਦੀ ਜਾਨ ਨੂੰ ਖ਼ਤਰੇ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ ਹੈ। ਸਿੱਖਾਂ ਦਾ ਮੰਨਣਾ ਹੈ ਕਿ ਇਹ ਉਨ੍ਹਾਂ ਲਈ ਧਮਕੀਆਂ ਦਾ ਸਿਖਰ ਹੈ ਜਦੋਂ ਤੋਂ ਸਾਬਕਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕੈਨੇਡੀਅਨ ਸੰਸਦ ਵਿੱਚ ਬੋਲਦੇ ਹੋਏ, ਅੰਤਰਰਾਸ਼ਟਰੀ ਕਾਰਵਾਈਆਂ ਵਿੱਚ ਭਾਰਤੀ ਏਜੰਟਾਂ ਦੀ ਸ਼ਮੂਲੀਅਤ ਦੇ ਭਰੋਸੇਯੋਗ ਸਬੂਤਾਂ ਬਾਰੇ ਗੱਲ ਕੀਤੀ ਸੀ। ਭਾਰਤੀ ਏਜੰਸੀਆਂ ਦੀ ਪੁਸ਼ਤਪਨਾਹੀ ਹੇਠ ਸਰਗਰਮ ਗੈਂਗਸਟਰਾਂ ਦੁਆਰਾ ਜਬਰੀ ਵਸੂਲੀ, ਘਰਾਂ 'ਤੇ ਹਮਲੇ ਅਤੇ ਕਤਲ ਦੀਆਂ ਧਮਕੀਆਂ ਦੀ ਗਿਣਤੀ ਵਿੱਚ ਭਾਰੀ ਵਾਧੇ ਦੇ ਨਾਲ, ਕੈਨੇਡਾ ਵਿੱਚ ਸਿੱਖ ਸਮਾਜ ਵਿੱਚ ਇੱਕ ਡਰ ਦੀ ਭਾਵਨਾ ਪੈਦਾ ਹੋ ਚੁੱਕੀ ਹੈ।

ਭਾਰਤੀ ਮੂਲ ਦੇ ਗੈਂਗਸਟਰਾਂ ਦੇ ਕੈਨੇਡਾ ਅੰਦਰ ਆਪਣੇ ਪੈਰ ਪਸਾਰਨੇ ਇੱਕ ਹਕੀਕਤ ਬਣ ਚੁੱਕਾ ਹੈ ਜਿਸਨੂੰ ਸਖ਼ਤੀ ਨਾਲ ਨੱਪਣਾ ਤੁਹਾਡੀ ਸਰਕਾਰ ਦੀ ਜਿੰਮੇਵਾਰੀ ਹੈ। ਅਸੀਂ ਤੁਹਾਨੂੰ ਚੇਤੇ ਕਰਵਾਉਂਦੇ ਹਾਂ ਕਿ ਸਰਕਾਰ ਦੀ ਮੂਲ ਜ਼ਿੰਮੇਵਾਰੀ ਹੈ ਕਿ ਉਹ ਕੈਨੇਡੀਅਨ ਲੋਕਾਂ ਦੀ ਰੱਖਿਆ ਕਰੇ ਅਤੇ ਕਾਨੂੰਨ ਦੇ ਰਾਜ 'ਤੇ ਜਨਤਾ ਦਾ ਭਰੋਸਾ ਕਾਇਮ ਰੱਖੇ। ਸਰਕਾਰਾਂ ਦੀ ਲਗਾਤਾਰ ਚੁੱਪ ਉਨ੍ਹਾਂ ਭਾਈਚਾਰਿਆਂ ਨੂੰ ਹੋਰ ਨੁਕਸਾਨ ਪਹੁੰਚਾ ਸਕਦੀ ਹੈ, ਜੋ ਪਹਿਲਾਂ ਹੀ ਅੰਤਰਰਾਸ਼ਟਰੀ ਦਖ਼ਲਅੰਦਾਜ਼ੀ ਨਾਲ ਜੁੜੀ ਧਮਕੀਆਂ, ਜ਼ਬਰਦਸਤੀ ਵਸੂਲੀ ਅਤੇ ਹਿੰਸਾ ਦਾ ਸਾਹਮਣਾ ਕਰ ਰਹੇ ਹਨ। ਜੇ ਸਰਕਾਰ ਹੱਤਿਆ ਦੀ ਸਾਜ਼ਿਸ਼ ਸੰਬੰਧੀ ਮਹੱਤਵਪੂਰਨ ਜਾਣਕਾਰੀ ਨੂੰ ਲੁਕਾਉਣ ਦਾ ਫੈਸਲਾ ਕਰਦੀ ਹੈ, ਤਾਂ ਇਹ ਸਰਕਾਰ ਦੀ ਵੱਡੀ ਗਲਤੀ ਸਮਝੀ ਜਾਵੇਗੀ। ਭਾਰਤ ਨਾਲ ਆਰਥਿਕ ਸਾਂਝ ਨੂੰ ਕੈਨੇਡੀਅਨ ਭਾਈਚਾਰਿਆਂ ਦੀ ਸੁਰੱਖਿਆ ਦੇ ਉੱਪਰ ਦੀ ਸਮਝਣਾ ਵੱਡੀ ਭੁੱਲ ਹੋਵੇਗੀ ਜਿਸ ਬਾਰੇ ਅਸੀਂ ਤੁਹਾਨੂੰ ਸੁਚੇਤ ਕਰਦੇ ਹਾਂ।

ਸਰਕਾਰੀ ਵਕੀਲਾਂ ਨੇ ਅਦਾਲਤ ਨੂੰ ਕਿਸੇ ਸੰਭਾਵੀ ਅੰਤਰਰਾਸ਼ਟਰੀ ਪ੍ਰਭਾਵ ਦੇ ਮੱਦੇਨਜ਼ਰ, ਨਿੱਝਰ ਕਤਲ ਕੇਸ ਦੀ ਪ੍ਰਕਿਰਿਆ ਵਿੱਚ ਸਾਜ਼ਿਸ਼ ਨਾਲ ਸਬੰਧਤ ਜਾਣਕਾਰੀ ਨੂੰ ਰੋਕਣ ਲਈ ਕਿਹਾ ਹੈ, ਜਦਕਿ ਸਿੱਖ ਜਥੇਬੰਦੀਆਂ ਨੇ ਇਸ ਤੇ ਇਤਰਾਜ਼ ਜਿਤਾਇਆ ਹੈ ਅਤੇ ਸਿੱਖ ਕੈਨੇਡੀਅਨ ਅਤੇ ਨਿਆਂ ਦੇ ਚਾਹਵਾਨ ਪਾਰਦਰਸ਼ਤਾ ਅਤੇ ਜਵਾਬਦੇਹੀ ਦੀ ਮੰਗ ਕਰਦੇ ਹਨ। 18 ਜੂਨ 2024 ਨੂੰ ਕੈਨੇਡੀਅਨ ਸੰਸਦ ਵਿੱਚ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਪਹਿਲੀ ਵਰ੍ਹੇਗੰਢ ਮਨਾਉਣ ਲਈ ਇੱਕ ਮਿੰਟ ਦੀ ਸ਼ਰਧਾਂਜਲੀ ਅਜੇ ਵੀ ਸਾਡੇ ਕੰਨਾਂ ਵਿੱਚ ਗੂੰਜਦੀ ਹੈ, ਜੋ ਤੁਹਾਡੇ ਸਮੇਤ ਕੈਨੇਡੀਅਨ ਲੀਡਰਸ਼ਿਪ ਅਤੇ ਸਾਨੂੰ, ਯਾਦ ਦਿਵਾਉਂਦੀ ਹੈ ਕਿ ਇਨਸਾਫ਼ ਅਜੇ ਵੀ ਉਸਦੇ ਪਰਿਵਾਰ ਅਤੇ ਉਨ੍ਹਾਂ ਲੋਕਾਂ ਤੋਂ ਦੂਰ ਹੈ ਜਿਨ੍ਹਾਂ ਦੇ ਬੋਲਣ ਦੀ ਆਜ਼ਾਦੀ ਦੇ ਅਧਿਕਾਰ ਨੂੰ ਚੁਣੌਤੀ ਦਿੱਤੀ ਗਈ ਅਤੇ ਕੁਚਲਿਆ ਗਿਆ ਹੈ। ਸਿੱਖ ਜਗਤ 18 ਜੂਨ 2023 ਨੂੰ ਸਿੱਖ ਕੈਨੇਡੀਅਨ ਹਰਦੀਪ ਸਿੰਘ ਨਿੱਝਰ ਦੇ ਗੈਰ-ਨਿਆਂਇਕ ਅਤੇ ਅੰਤਰਰਾਸ਼ਟਰੀ ਕਤਲ ਦੇ ਮਾਮਲੇ ਵਿੱਚ ਪੁਖਤਾ ਤੇ ਮੁਕੰਮਲ ਇਨਸਾਫ਼ ਦੀ ਉਡੀਕ ਕਰ ਰਿਹਾ ਹੈ। ਜਦੋਂ ਕਿ ਤੁਹਾਡੀ ਫੇਰੀ ਨੂੰ ਵਪਾਰ ਅਤੇ ਨਿਵੇਸ਼ ਦੇ ਖੇਤਰ ਵਜੋਂ ਪਰਿਭਾਸ਼ਿਤ ਕੀਤਾ ਗਿਆ ਹੈ, ਪੰਜਾਬ ਦੇ ਸਿੱਖਾਂ ਨੂੰ ਖੁਸ਼ੀ ਹੁੰਦੀ ਜੇਕਰ ਤੁਹਾਡੀ ਯਾਤਰਾ ਦੇ ਪ੍ਰੋਗਰਾਮ ਵਿੱਚ ਦਰਬਾਰ ਸਾਹਿਬ (ਗੋਲਡਨ ਟੈਂਪਲ), ਅੰਮ੍ਰਿਤਸਰ ਆਉਣਾ ਵੀ ਸ਼ਾਮਿਲ ਕੀਤਾ ਗਿਆ ਹੁੰਦਾ। ਅਸੀਂ ਉਮੀਦ ਕਰਦੇ ਹਾਂ ਕਿ ਤੁਹਾਡੀ ਸਰਕਾਰ ਸਿੱਖ ਭਾਈਚਾਰੇ ਦੇ ਨੁਮਾਇੰਦਿਆਂ ਨੂੰ ਉਨ੍ਹਾਂ ਦੀਆਂ ਤਾਜ਼ਾ ਚਿੰਤਾਵਾਂ ਨੂੰ ਦੂਰ ਕਰਨ ਲਈ ਯਤਨ ਕਰੇਗੀ। ਅਸੀਂ ਮਜ਼ਬੂਤ, ਸਿਧਾਂਤਿਕ ਸਿੱਖ-ਕੈਨੇਡੀਅਨ ਰਿਸ਼ਤਿਆਂ ਦੇ ਯੁੱਗ ਦੀ ਉਮੀਦ ਕਰਦੇ ਹਾਂ।

### ਗੁਰਦੁਆਰਾ ਭਗਤ ਬਾਬਾ ਨਾਮਦੇਵ ਜੀ ਮਰੜੀ ਕਲਾ ਵਿਖੇ

# ਮੈਡੀਕਲ ਕੈਂਪ ਲਗਾਇਆ ਗਿਆ



**ਚੌਕ ਮਹਿਤਾ, 26 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਡਾਇਰੈਕਟਰ ਆਦੁਵੇਦ ਪੰਜਾਬ ਡਾਕਟਰ ਰਮਨ ਖੰਨਾ ਅਤੇ ਡਾਇਰੈਕਟਰ ਹੋਮਿਓ ਪੈਥੀ ਪੰਜਾਬ ਡਾਕਟਰ ਹਰਵਿੰਦਰ ਪਾਲ ਜੀ ਦੇ ਨਿਰਦੇਸ਼ਾਂ ਤਹਿਤ ਜਿਲਾ ਆਦੂਵੇਦਿਕ ਅਫਸਰ ਡਾਕਟਰ ਦਨੇਸ਼ ਕੁਮਾਰ ਅਤੇ ਜ਼ਿਲ੍ਹਾ ਹੋਮਿਓਪੈਥਿਕ ਅਫਸਰ ਡਾਕਟਰ ਰੁਪਿੰਦਰ ਕੌਰ ਅੰਮ੍ਰਿਤਸਰ ਜੀ ਦੀ ਅਗਵਾਈ ਹੇਠ ਗੁਰਦੁਆਰਾ ਭਗਤ ਬਾਬਾ ਨਾਮਦੇਵ ਜੀ ਮੜਰੀ ਕਲਾ ਵਿਖੇ ਕੈਂਪ ਲਵਾਇਆ ਗਿਆ ਇਸ ਕੈਂਪ ਵਿੱਚ 232 ਮਰੀਜ਼ਾਂ ਨ ਦਾ ਚੈੱਕ ਅਪ ਕੀਤਾ ਗਿਆ ਮੁਫਤ ਦਵਾਈਆਂ ਦਿੱਤੀਆਂ ਗਈਆਂ ਇਸ ਕੈਂਪ ਉਦਘਾਟਨ ਸਰਪੰਚ ਬਲਵਿੰਦਰ ਸਿੰਘ ਮਰੜੀ ਕਲਾ ਬਾਬਾ ਜਗੀਰ ਸਿੰਘ ਜੀ ਕੁਹਾਲੀ ਵਾਲਿਆਂ ਵੱਲੋਂ ਕੀਤਾ ਗਿਆ ਇਸ ਕੈਂਪ ਦੇ ਇੰਚਾਰਜ ਡਾਕਟਰ ਅਮਨਪ੍ਰੀਤ ਸਿੰਘ ਡਾਕਟਰ ਮਨਦੀਪ ਕੌਰ ਆਧੂ ਵੇਦਕ ਮੈਡੀਕਲ ਅਫਸਰ ਡਾਕਟਰ ਕਰਨਦੀਪ ਸਿੰਘ ਡਾਕਟਰ ਬਲਵਿੰਦਰ ਕੌਰ ਅਮਨਦੀਪ ਸਿੰਘ ਬਬੀਤਾ ਅਵਤਾਰ ਸਿੰਘ ਅਮਨਦੀਪ ਕੌਰ ਹਰਪ੍ਰੀਤ ਸਿੰਘ ਮਨ ਮੋਲਦੀਪ ਸਿੰਘ ਆਦਿ ਟੀਮ ਵੱਲੋਂ ਮਰੀਜ਼ਾਂ ਦੇ ਚੈਕ ਅਪ ਕੀਤੇ ਗਏ ਇਸ ਮੌਕੇ ਜਗਜੀਤ ਸਿੰਘ ਨਿਸ਼ਾਨ ਸਿੰਘ ਬਖਤਾਵਰ ਸਿੰਘ ਸੰਦੀਪ ਸਿੰਘ ਬਲਕਾਰ ਸਿੰਘ ਇੰਦਰਜੀਤ ਸਿੰਘ ਰਜਿੰਦਰ ਪ੍ਰਤਾਪ ਸਿੰਘ ਧਰਮਵੀਰ ਸਿੰਘ ਰਣਜੀਤ ਸਿੰਘ ਸ਼ਮਸ਼ੇਰ ਸਿੰਘ ਹਰਵਿੰਦਰ ਸਿੰਘ ਜਸਵਿੰਦਰ ਸਿੰਘ ਫੌਜੀ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਸਬੰਧੀ ਰਜਿਸਟਰੇਸ਼ਨ ਨੂੰ ਹੋਰ ਸੌਖਾ ਬਣਾਇਆ - ਚੇਅਰਮੈਨ ਛੀਨਾ

## ਲੋਕ ਸਿਰਫ਼ ਆਧਾਰ ਅਤੇ ਵੋਟਰ ਆਈਡੀ ਨਾਲ ਮੌਕੇ 'ਤੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ : ਛੀਨਾ



**ਜੰਡਿਆਲਾ ਗੁਰੂ, 26 ਫਰਵਰੀ ( ਕੁਲਵੰਤ ਸਿੰਘ ਵਿਰਦੀ )** - ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਨੇ ਆਪਣੀ ਪ੍ਰਮੁੱਖ ਮੁੱਖ ਮੰਤਰੀ ਸਿਹਤ ਯੋਜਨਾ (ਐਮਐਮਐਸਵਾਈ) ਸਬੰਧੀ ਰੁਕਾਵਟਾਂ ਨੂੰ ਦੂਰ ਕਰਦਿਆਂ ਐਲਾਨ ਕੀਤਾ ਕਿ ਲੋਕ ਹੁਣ ਸੂਬੇ ਭਰ ਦੇ ਕਾਮਨ ਸਰਵਿਸ ਸੈਂਟਰਾਂ (ਸੀਐਸਸੀ) ਵਿੱਚ ਸਿਰਫ਼ ਆਧਾਰ ਅਤੇ ਵੋਟਰ ਆਈਡੀ ਨਾਲ ਤੁਰੰਤ ਮੌਕੇ 'ਤੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ. ਗੁਰਸ਼ਰਨ ਸਿੰਘ ਛੀਨਾ ਨੇ ਦੱਸਿਆ ਕਿ ਹੁਣ ਕੋਈ ਵੀ ਪੰਜਾਬ ਨਿਵਾਸੀ ਜਿਸ ਕੋਲ ਆਧਾਰ ਕਾਰਡ ਅਤੇ ਪੰਜਾਬ ਵੋਟਰ ਆਈਡੀ ਹੈ, ਉਹ ਇਸ ਯੋਜਨਾ ਵਿੱਚ ਨਾਮ ਦਰਜ ਕਰਵਾਉਣ ਲਈ ਕਿਸੇ ਵੀ ਕਾਮਨ ਸਰਵਿਸ ਸੈਂਟਰ (ਸੀਐਸਸੀ) ਜਾਂ ਨਿਰਧਾਰਤ ਰਜਿਸਟ੍ਰੇਸ਼ਨ ਕੈਂਪ ਵਿੱਚ ਜਾ ਸਕਦਾ ਹੈ।ਚੇਅਰਮੈਨ ਸ. ਗੁਰਸ਼ਰਨ ਸਿੰਘ ਛੀਨਾ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾਂ ਯੋਜਨਾ ਤਹਿਤ "ਵੱਡੀਆਂ ਅਤੇ ਛੋਟੀਆਂ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਅਤੇ ਟੈਸਟ ਮੁਫ਼ਤ ਹੋਣਗੇ। ਜਿਵੇਂ ਹੀ ਮਰੀਜ਼ ਹਸਪਤਾਲ ਵਿੱਚ ਦਾਖਲ ਹੁੰਦਾ ਹੈ, ਸਭ ਕੁਝ ਮੁਫ਼ਤ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ, ਜਿਨ੍ਹਾਂ ਵਿੱਚ ਅਮੀਰ ਅਤੇ ਗਰੀਬ, ਹਿੰਦੂ, ਮੁਸਲਮਾਨ, ਸਿੱਖ, ਈਸਾਈ ਅਤੇ ਸਾਰੇ ਧਰਮਾਂ ਅਤੇ ਜਾਤਾਂ ਦੇ ਲੋਕ ਸ਼ਾਮਲ ਹਨ ਅਤੇ ਕਿਸੇ ਨੂੰ ਵੀ ਮੁੱਖ ਮੰਤਰੀ ਸਿਹਤ ਯੋਜਨਾ ਤੋਂ ਬਾਹਰ ਨਹੀਂ ਰੱਖਿਆ ਗਿਆ। ਉਨ੍ਹਾਂ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਦੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾ ਕੇ ਲੋੜ ਪੈਣ 'ਤੇ ਇਸ ਯੋਜਨਾ ਦਾ ਲਾਭ ਉਠਾਉਣ।

# ਬਲਾਕ ਜੰਡਿਆਲਾ ਗੁਰੂ ਦੇ ਪਿੰਡ ਤਾਰਾਗੜ੍ਹ 'ਚ 10 ਲੱਖ ਬੀਮਾ ਯੋਜਨਾ ਦੇ ਕਾਰਡ ਬਣਾਉਣ ਦੀ ਰਫਤਾਰ ਨਾ ਬਰਾਬਰ-ਵਿਰਦੀ




**ਜੰਡਿਆਲਾ ਗੁਰੂ, 26 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਭਲਾਈ ਲਈ ਸਿਹਤ ਬੀਮਾ ਤਹਿਤ 10 ਲੱਖ ਦੇ ਡਾਕਟਰੀ ਇਲਾਜ ਲਈ ਜਿਸ ਸਹੂਲਤ ਦਾ ਐਲਾਨ ਕੀਤਾ ਗਿਆ ਹੈ ਉਸ ਸਹੂਲਤ ਨੂੰ ਗਰਾਊਂਡ ਲੈਵਲ ਤੇ ਅਮਲੀ ਜਾਮਾ ਦੇਣ ਦੀ ਲੋੜ ਤੇ ਜੋਰ ਦੇਣਾ ਚਾਹੀਦਾ ਹੈ ਕਿਉਂ ਬਲਾਕ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਦੇ ਵਿਚ ਜਦੋਂ ਵਲੰਟੀਅਰਾਂ ਵੱਲੋਂ ਪਰਚੀਆਂ ਕੱਟਣ ਦੇ ਹੁਕਮ ਸਨ ਵਲੰਟੀਅਰਾਂ ਵੱਲੋਂ 300 ਦੇ ਕਰੀਬ ਪਰਚੀਆਂ ਕੱਟੀਆਂ ਗਈਆਂ ਲੇਕਿਨ ਉਨਾਂ ਪਰਚੀਆਂ ਨੂੰ ਲੈ ਕਿ ਜਿੰਨਾਂ ਸੈਂਟਰਾਂ ਵਿੱਚ ਇਸ ਸਕੀਮ ਨੂੰ ਪੂਰਾ ਕਰਨ ਲਈ ਓਨਲਾਈਨ ਵੈਬਸਾਈਟ ਤੇ ਡਾਊਨਲੋਡ ਕੀਤਾ ਜਾਣਾ ਸੀ ਉਨਾਂ ਸੈਂਟਰਾਂ ਵਿੱਚ ਨਾ ਜੋਗ ਬਹੁਤ ਹੀ ਘੱਟ ਤੇ ਹੌਲੀ ਰਫਤਾਰ ਨਾਲ ਕੰਮ ਕੀਤਾ ਜਾ ਰਿਹਾ ਹੈ ਕਿਉਂਕਿ ਜੋ ਸੈਂਟਰ ਪਿੰਡ ਤਾਰਾਗੜ੍ਹ ਵਿੱਚ ਸਥਾਪਤ ਕੀਤੇ ਗਏ ਹਨ ਉਨਾਂ ਸੈਂਟਰਾਂ ਵਿੱਚ ਸਵੇਰੇ ਸਾਮ ਹੀ ਬਲਾਇਆ ਜਾਂਦਾ ਹੈ ਮਾਹੌਲ ਦੇ ਮੁਤਾਬਕ ਕਾਰਡ ਅਪਲਾਈ ਕਰਨ ਵਾਲੇ ਨੂੰ ਉਸ ਸੈਂਟਰ ਵਿਚ ਜਾਣਾ ਪੈਂਦਾ ਹੈ ਪਰ ਸਮੇਂ ਦੇ ਹਲਾਤਾਂ ਮੁਤਾਬਕ ਰਾਤ ਦੇ ਸਮੇਂ ਪ੍ਰੀਵਾਰ ਨੂੰ ਉਸ ਸੈਂਟਰ ਵਿੱਚ ਲੈ ਕਿ ਜਾਣਾ ਕਿਸੇ ਖਤਰੇ ਤੋਂ ਘੱਟ ਨਹੀਂ ਹੈ ਇਸ ਲਈ ਇਸ ਸਕੀਮ ਨੂੰ ਪੂਰਾ ਕਰਨ ਲਈ ਜਾਂ ਤਾਂ ਸਰਕਾਰ ਦੇ ਉਚ ਅਧਿਕਾਰੀ ਉਨਾਂ ਸੈਂਟਰਾਂ ਵਾਲਿਆਂ ਨਾਲ ਰਾਬਤਾ ਕਰਕੇ ਪੂਰੀ ਤਰ੍ਹਾਂ ਅਮਲੀ ਰੂਪ ਵਿੱਚ 10 ਲੱਖ ਦੀ ਸਕੀਮ ਦਾ ਫਾਇਦਾ ਉਨਾਂ ਲੋੜਵੰਦ ਲੋਕਾਂ ਤੱਕ ਪਹੁੰਚਾਉਣ ਲਈ ਇਸ ਮੁਸ਼ਿਕਲ ਦਾ ਹੱਲ ਕਰਨ ਤਾਂ ਜੋ ਖੱਜਲਖੁਆਰੀ ਤੋਂ ਆਮ ਲੋਕ ਬਚ ਸਕਣ ! ਜਾਂ ਸਰਕਾਰ ਦੇ ਨੁਮਾਇੰਦਿਆ ਵੱਲੋਂ ਪਿੰਡ ਤਾਰਾਗੜ੍ਹ ਵਿੱਚ ਸਪੈਸ਼ਲ ਤੌਰ ਤੇ ਲਗਾਤਾਰ ਸਾਂਝੀ ਜਗ੍ਹਾ ਤੇ ਕੈਂਪ ਲਗਵਾ ਕਿ ਆਮ ਲੋਕਾਂ ਨੂੰ ਖੱਜਲ ਖੁਆਰ ਹੋਣ ਤੋਂ ਬਚਾਇਆ ਜਾਵੇ ਇਸ ਸਬੰਧੀ ਜਦੋਂ ਸੈਂਟਰ ਵਾਲਿਆਂ ਨਾਲ ਗੱਲਬਾਤ ਕੀਤੀ ਗਈ ਤਾਂ ਇਕ ਸੈਂਟਰ ਵਾਲੇ ਦਾ ਕਹਿਣਾ ਸੀ ਕਿ ਅੱਜ ਤੋਂ ਸੁਰੂ ਕਰਨ ਲੱਗੇ ਹਾਂ ਥੋੜੇ ਥੋੜੇ ਕਰਕੇ ਬਣਾਉਂਦੇ ਹਾਂ ਅਤੇ ਦੂਜੇ ਸੈਂਟਰ ਵਾਲੇ ਵੱਲੋਂ ਕਰੀਬ 10/12 ਕਾਰਡ ਬਣਾਏ ਗਏ !ਜਿਕਰਯੋਗ ਹੈ ਕਿ ਬਲਾਕ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਦੀ ਤਿੰਨ ਹਜਾਰ ਦੇ ਕਰੀਬ ਵੋਟ ਹੈ ! ਇਸ ਲਈ ਪ੍ਰਸਾਸ਼ਨ ਨੂੰ ਇਸ ਕਮੀ ਵੱਲ ਵਿਸੇਸ਼ ਤੌਰ ਤੇ ਧਿਆਨ ਦੇਣ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਖਾਲਸਾ ਵਹੀਰ ਦਾ ਹਲਕਾ ਜੰਡਿਆਲਾ ਗੁਰੂ ਦੇ

# ਪਿੰਡ ਬੰਡਾਲਾ ਵਿਖੇ ਭਰਵਾਂ ਸਵਾਗਤ ਕੀਤਾ ਗਿਆ : ਬਾਬਾ ਬਿਬੇਕ ਸਿੰਘ



**ਜੰਡਿਆਲਾ ਗੁਰੂ 26 ਫਰਵਰੀ (ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਜੀ ਤੋਂ ਖਾਲਸਾ ਵਹੀਰ ਦਾ ਆਗਾਜ ਕੀਤਾ ਗਿਆ ਖਾਲਸਾ ਵਹੀਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆ ਦੀ ਅਗਵਾਈ ਵਿੱਚ ਹਰਜੱਸ ਸਰਵਨ ਕਰਦਿਆਂ ਹੋਇਆ ਵੱਡੇ ਕਾਫਲੇ ਨਾਲ ਨੌਜਵਾਨਾਂ ਨੂੰ ਗੁਰੂ ਵਾਲੇ ਬਣਨ ਲਈ ਪ੍ਰੇਰਿਤ ਕਰਦਿਆਂ ਹੋਇਆ ਅੱਗੇ ਚਾਲੇ ਪਾ ਕਿ ਸ੍ਰੀ ਦਮਦਮਾ ਸਾਹਿਬ ਸਾਹਿਬ ਵਿਖੇ ਪਹੁੰਚਣ ਲਈ ਅੱਗੇ ਵਧਦਾ ਹੋਇਆ ਸ੍ਰੀ ਅੰਮ੍ਰਿਤਸਰ ਤੋਂ ਵਾਇਆ ਮਾਨਾਂਵਾਲ ਤੋਂ ਪਿੰਡ ਬੰਡਾਲਾ ਵਿਖੇ ਪਹੁੰਚਿਆ ਜਿਥੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਤੇ ਸਮੂਹ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਇਸ ਮੌਕੇ ਬਾਬਾ ਬਿਬੇਕ ਸਿੰਘ ਤੇ ਭਾਈ ਮਨਿੰਦਰ ਸਿੰਘ ਜੀ ਖਾਲਸਾ ਬਲਾਕ ਮੈਂਬਰ ਤੇ ਸੰਗਤਾਂ ਵਲੋਂ ਪੰਜਾਂ ਪਿਆਰਿਆ ਨੂੰ ਸਿਰਪਾਓ ਪਾ ਕਿ ਸਤਿਕਾਰ ਕੀਤਾ ਗਿਆ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ ਅਤੇ ਖਾਲਸਾ ਵਹੀਰ ਵਿੱਚ ਸ਼ਾਮਿਲ ਸਮੂਹ ਸੰਗਤਾਂ ਨੂੰ ਗੁਰੂ ਕਿ ਲੰਗਰ ਛਕਾਏ ਗਏ ! ਇਸ ਵਹੀਰ ਸੰਬੰਧੀ ਬਾਬਾ ਬਿਬੇਕ ਸਿੰਘ ਜੀ ਨੇ ਹੋਰ ਜਾਣਕਾਰੀ ਸਾਂਝੀ ਕਰਦਿਆ ਹੋਇਆ ਕਿਹਾ ਕਿ ਖਾਲਸਾ ਵਹੀਰ ਵਿੱਚ ਭਾਰੀ ਗਿਣਤੀ ਵਿਚ ਨੌਜਵਾਨਾਂ ਵੱਲੋਂ ਹਾਜਰੀਆਂ ਭਰੀਆਂ ਗਈਆਂ ਅੱਗੇ ਉਨਾਂ ਕਿਹਾ ਕਿ ਖਾਲਸਾ ਵਹੀਰ ਦਾ ਮੇਨ ਮਨੋਰਥ ਵੀ ਇਹੀ ਸੀ ਕਿ ਵੱਧ ਤੋਂ ਵੱਧ ਨੌਜਵਾਨਾਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਬਾਟਾ ਛਕ ਕਿ ਗੁਰੂ ਵਾਲੇ ਬਣਨ ਲਈ ਪ੍ਰੇਰਿਤ ਕਰਨਾ ਸੀ ! ਇਸ ਮੌਕੇ ਮਨਿੰਦਰ ਸਿੰਘ ਸ੍ਰ ਦਿਲਬਾਗ ਸਿੰਘ ਕਥਾਵਾਚਕ ਗੁਰਵਿੰਦਰ ਸਿੰਘ ਰਣਜੀਤ ਸਿੰਘ ਰਾਣਾ ਹਰਦੀਪ ਸਿੰਘ ਅਮਰੀਕ ਸਿੰਘ ਨਰਵੈਲ ਸਿੰਘ ਪ੍ਰਮਜੀਤ ਸਿੰਘ ਹਰਪ੍ਰੀਤ ਸਿੰਘ ਰੇਸਮ ਸਿੰਘ ਅੰਮ੍ਰਿਤਪਾਲ ਸਿੰਘ ਬਾਬਾ ਜਗਤਾਰ ਸਿੰਘ ਗੁਰਜੀਤ ਸਿੰਘ ਗੋਰਾ ਕੁਲਦੀਪ ਸਿੰਘ ਕੁਲਵੰਤ ਸਿੰਘ ਜਗਰੂਪ ਸਿੰਘ ਲਵਪ੍ਰੀਤ ਸਿੰਘ ਦਿਲਬਾਗ ਸਿੰਘ ਮੁਨਸ਼ੀ , ਰਣਜੀਤ ਸਿੰਘ ਰਾਣਾ ਯੂਥਵਿੰਗ ,ਸੁਖਵਿੰਦਰ ਸਿੰਘ ਨਿਜ਼ਾਮਪੁਰ ਭਾਈ ਅਮਨਦੀਪ ਸਿੰਘ ਡੱਡੂਆਣਾ ,ਭਾਈ ਬੱਚਿਤਰ ਸਿੰਘ ਆਈ ਟੀ ਸੈਲ ਤਰਸਿੱਕਾ ,ਗੁਰਪ੍ਰੀਤ ਸਿੰਘ ਢੱਪਈਆ, ਜਰਮਨਜੀਤ ਸਿੰਘ, ਜਸਪਾਲ ਸਿੰਘ ਨਵਾਂ ਪਿੰਡ ,ਸਿਮਰਨਜੀਤ ਸਿੰਘ ਜੰਡਿਆਲਾ ਗੁਰੂ ,ਕੰਵਲਪ੍ਰੀਤ ਸਿੰਘ ਰਵੀ ,ਬਿਕਰਮ ਸਿੰਘ ਨਰੈਣਗੜ੍ਹ, ਜਸਵਿੰਦਰ ਸਿੰਘ ਨਰੈਣਗੜ੍ਹ ਆਦਿ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ !

### ਨਗਰ ਕੌਂਸਲ ਰਾਮਾਂ ਦੇ ਸੀਵਰੇਜ ਲਈ 5 ਕਰੋੜ ਦਾ ਚੈਕ ਭੇਂਟ

# ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਇਸ ਕੰਮ ਲਈ ਪਹਿਲਾਂ ਵੀ ਦਿੱਤੇ ਜਾ ਚੁੱਕੇ ਹਨ 5 ਕਰੋੜ ਰੁਪਏ




ਤਲਵੰਡੀ ਸਾਬੋ, 26 ਫਰਵਰੀ (ਗੁਰਜੰਟ ਸਿੰਘ ਨਥੇਹਾ)- ਨਗਰ ਕੌਂਸਲ ਰਾਮਾਂ ਮੰਡੀ ਵਿਖੇ 23 ਕਰੋੜ ਰੁਪਏ ਦੀ ਲਾਗਤ ਨਾਲ ਪਾਏ ਜਾ ਰਹੇ ਸੀਵਰੇਜ ਲਈ ਐਚ.ਐਮ.ਈ.ਐਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦੇ ਡੀ.ਜੀ.ਐਮ., ਸੀ.ਐਸ.ਆਰ ਸ੍ਰੀ ਵਿਸ਼ਵਾ ਮੋਹਨ ਪ੍ਰਸਾਦ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਮੈਡਮ ਕੰਚਨ ਨੂੰ 5 ਕਰੋੜ ਦਾ ਚੈਕ ਸੌਂਪਿਆ। ਇਸ ਦੌਰਾਨ ਡੀ.ਜੀ.ਐਮ., ਸੀ.ਐਸ.ਆਰ ਸ੍ਰੀ ਵਿਸ਼ਵਾ ਮੋਹਨ ਪ੍ਰਸਾਦ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਇਸੇ ਕੰਮ ਲਈ ਐਚ.ਐਮ.ਈ.ਐਲ. ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ 5 ਕਰੋੜ ਰੁਪਏ ਦੇ ਫੰਡ ਪਹਿਲਾਂ ਦਿੱਤੇ ਜਾ ਚੁੱਕੇ ਹਨ ਅਤੇ ਹੁਣ ਤੱਕ ਕੁੱਲ 10 ਕਰੋੜ ਰੁਪਏ ਦਿੱਤੇ ਜਾ ਚੁੱਕੇ ਹਨ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਮੈਡਮ ਕੰਚਨ ਨੇ ਦੱਸਿਆ ਕਿ ਐਚ.ਐਮ.ਈ.ਐਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਰਾਮਾਂ ਮੰਡੀ ਵੱਲੋਂ ਪਹਿਲਾਂ ਵੀ ਸਮੇਂ-ਸਮੇਂ ਤੇ ਆਪਣੇ ਸੀ.ਐਸ.ਆਰ ਫੰਡ ਵਿੱਚ ਮੱਦਦ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਰਾਮਾਂਮੰਡੀ ਦੇ ਸੀਵਰੇਜ ਸਿਸਟਮ ਦਾ ਕੰਮ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਵੱਲੋਂ ਕਰਵਾਇਆ ਜਾ ਰਿਹਾ ਹੈ।

# ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ 01 ਤੋਂ 04 ਮਾਰਚ ਤੱਕ ਮਨਾਇਆ ਜਾਵੇਗਾ ਹੋਲਾ ਮਹੱਲਾ- ਡਾ ਵਿਜੇ ਸਤਬੀਰ ਸਿੰਘ ਆਈ ਏ ਐਸ (ਰਿਟਾ)



**ਚੌਕ ਮਹਿਤਾ , 26 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਵਿਖੇ ਮਾਨਯੋਗ ਪੰਜ ਪਿਆਰੇ ਸਾਹਿਬਾਨ ਦੀ ਸਰਪ੍ਰਸਤੀ ਹੇਠ ਗੁਰਦੁਆਰਾ ਬੋਰਡ ਦੇ ਮਾਨਯੋਗ ਪ੍ਰਸ਼ਾਸਕ ਡਾ. ਵਿਜੇ ਸਤਬੀਰ ਸਿੰਘ ਜੀ ਦੇ ਮਾਰਗਦਰਸ਼ਨ ਵਿੱਚ ਹੋਲੇ ਮਹੱਲੇ ਦੇ ਸਮੂਹ ਸਮਾਗਮਾਂ ਦੀ ਤਿਆਰੀਆਂ ਵੱਡੇ ਪੱਧਰ ਤੇ ਕੀਤੀਆ ਜਾ ਰਹੀਆ ਹਨ ਹੋਲੇ ਮਹੱਲੇ ਵਾਸਤੇ ਪੁੱਜ ਰਹੀ ਸਮੂੰਹ ਸਾਧ ਸੰਗਤ ਦੇ ਲੰਗਰ-ਪਾਣੀ, ਰਿਹਾਇਸ਼, ਹਸਪਤਾਲ, ਆਵਾਜਾਈ ਅਤੇ ਹੋਰ ਜ਼ਰੂਰੀ ਪ੍ਰਬੰਧ ਵਾਸਤੇ ਗੁਰਦੁਆਰਾ ਬੋਰਡ ਦੇ ਮੁੱਖ ਅਧਿਕਾਰੀਆਂ, ਸਟਾਫ ਆਦਿ ਦੀਆਂ ਜ਼ਿੰਮੇਵਾਰੀਆਂ ਦੇਕੇ ਪ੍ਰਬੰਧ ਕੀਤਾ ਜਾ ਰਿਹਾ ਹੈ। ਜਿਸ ਨਾਲ ਸੰਗਤਾਂ ਨੂੰ ਕੋਈ ਵੀ ਮੁਸ਼ਿਕਲ ਪੇਸ਼ ਨਾ ਆਵੇ ਇਸ ਲਈ ਮੁੱਖ ਪ੍ਰਸ਼ਾਸਕ ਸਾਹਿਬ ਵੱਲੋਂ ਜ਼ਰੂਰੀ ਸੂਚਨਾਵਾਂ ਦਿੱਤੀਆਂ ਗਇਆ ਹਨ।

**ਹੋਲੇ ਮਹੱਲੇ ਦੇ ਸਮਾਗਮਾਂ ਦਾ ਵੇਰਵਾ**- ਮਿਤੀ 01 ਤੋਂ 04 ਮਾਰਚ 2026 ਤੱਕ ਤਖਤ ਸੱਚਖੰਡ ਸਾਹਿਬ ਵਿਖੇ ਦਿਵਾਨ ਸੱਜਣਗੇ ਇਸ ਸਮੇਂ ਪੰਥਕ ਰਾਗੀ ਜੱਥੇ, ਢਾਡੀ, ਕਵੀਸ਼ਰੀ ਜੱਥੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ ਮਿਤੀ 02 ਮਾਰਚ 2026 ਦੀ ਰਾਤ 9:00 ਤੋਂ 1:00 ਵੱਜੇ ਤੱਕ ਸਿੱਖ ਸੇਵਕ ਜੱਥਾ ਦਿੱਲੀ ਵੱਲੋਂ ਕੀਰਤਨ ਦਰਬਾਰ ਹੋਵੇਗਾ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਸ਼ਬਦ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ਮਿਤੀ 03 ਮਾਰਚ 2026 ਦੀ ਰਾਤ ਮੁੰਬਈ ਦੇ ਭਾਈ ਜੈਮਲ ਸਿੰਘ ਜੀ ਸਹਿਗਲ ਪਰਿਵਾਰ ਵੱਲੋਂ 76 ਵਾਂ ਰੈਣ ਸਬਾਈ ਕੀਰਤਨ ਸਮਾਗਮ ਹੋਵੇਗਾ। ਜੋ ਰਾਤ 9:00 ਵਜੇ ਤੋਂ ਆਰੰਭ ਹੋਕੇ ਅੰਮ੍ਰਿਤ ਵੇਲੇ 3:00 ਵੱਜੇ ਤੱਕ ਚਲੇਗਾ ਜਿਸ ਵਿੱਚ ਪੰਥ ਦੇ ਮਹਾਨ ਰਾਗੀ ਜਥੇ ਕੀਰਤਨ ਦੀ ਹਾਜ਼ਰੀ ਭਰਨਗੇ ਮਿਤੀ 04 ਮਾਰਚ 2026 ਨੂੰ ਪਰੰਪਰਾਗਤ ਹੋਲੇ ਮਹੱਲੇ ਨਮਿਤ ਗੁਰੂ ਸਾਹਿਬ ਜੀ ਦੇ ਕਮਰ ਕਸੇ ਦੇ ਪਵਿੱਤਰ ਸ਼ਸਤਰ ਸੰਗਤਾਂ ਦੇ ਦਰਸ਼ਨ ਅਤੇ ਮਰਿਯਾਦਾ ਅਨੁਸਾਰ ਸਿੰਘਾਸਨ ਅਸਥਾਨ ਦੇ ਮੁੱਖ ਦੁਆਰ ਦੇ ਸਾਮਨੇ ਸਜਾਏ ਜਾਣਗੇ ਉਪਰੰਤ ਪਵਿੱਤਰ ਸਸ਼ਤਰਾਂ ਦੀ ਪੁਜਨ, ਭਜਨ, ਤਿਲਕ ਦੀ ਰਸਮ ਅਦਾ ਕੀਤੀ ਜਾਵੇਗੀ । ਜੁਧਮਈ ਬਾਣੀ ਦੇ ਪਾਠ ਉਪਰੰਤ ਧਾਰਮਿਕ ਰਿਵਾਇਤ ਅਨੁਸਾਰ ਸ਼ਾਮ 4:00 ਵੱਜੇ ਤਖਤ ਸਾਹਿਬ ਵਿਖੇ ਅਰਦਾਸ ਕਰ ਹੋਲਾ ਮਹੱਲਾ ਦਾ ਮਹੱਲਾ ਮਾਨਯੋਗ ਜੱਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ ਅਤੇ ਸਮੂਹ ਪੰਜ ਪਿਆਰੇ ਸਾਹਿਬਾਨ ਜੀ ਦੇ ਸਰਪ੍ਰਸਤੀ ਹੇਠ ਹੋਲੇ ਮਹੱਲੇ ਦੀ ਆਰੰਭਤਾ ਹੋਵੇਗੀ ਜਿਸ ਵਿੱਚ ਗੁਰੂ ਸਾਹਿਬ ਜੀ ਦੇ ਨਿਸ਼ਾਨ ਸਾਹਿਬ, ਘੋੜੇ, ਕੀਰਤਨੀ ਜੱਥੇ, ਭਜਨ ਮੰਡਲੀ, ਗਤਕਾ ਪਾਰਟੀਆਂ ਇਨਾਂ ਨਾਲ ਹਜਾਰਾਂ ਦੀ ਗਿਣਤੀ ਵਿੱਚ ਸੰਗਤਾ ਪੂਰੇ ਜਾਹੋ-ਜਲਾਲ ਨਾਲ ਪਰੰਪਰਾਗਤ ਮਾਰਗਾਂ ਤੋ ਹੁੰਦੇ ਹੋਏ ਹੱਲਾ ਬੋਲ ਚੌਕ (ਮਹਾਵੀਰ ਚੌਕ) ਵਿਖੇ ਪੁੱਜ ਕੇ ਹੱਲਾ ਹੋਵੇਗਾ । ਉਪਰੰਤ ਬਾਉਲੀ ਸਾਹਿਬ ਵਿਖੇ ਰਹਿਰਾਸ ਸਾਹਿਬ ਜੀ ਦੇ ਪਾਠ ਅਤੇ ਅਰਦਾਸ ਕਰ ਪਰੰਪਰਾਗਤ ਮਾਰਗਾਂ ਤੋਂ ਹੁੰਦੇ ਹੋਏ ਗੁਰਦੁਆਰਾ ਨਗੀਨਾ ਘਾਟ ਸਾਹਿਬ ਵਿਖੇ ਪੁਜੇਗਾ ਉਥੋਂ ਚਲ ਕੇ ਤਕਰੀਬਨ 10 ਵਜੇ ਤਖਤ ਸਾਹਿਬ ਵਿਖੇ ਪੁੱਜ ਕੇ ਮਹੱਲੇ ਦੀ ਸਮਾਪਤੀ ਹੋਵੇਗੀ। ਸੰਗਤਾਂ ਨੂੰ ਬੇਨਤੀ ਹੈ ਕਿ, ਇਨਾਂ ਸਾਰੀਆਂ ਸਮਾਗਮਾਂ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਜੀ ਦੇ ਆਸੀਸਾਂ ਦੇ ਪਾਤਰ ਬਨੋ ਜੀ।

# 14 ਬਾਣੀ ਕੰਠ ਕਰਨ ਵਾਲੇ 5 ਸਾਲਾ ਗੁਨਵੀਰ ਸਿੰਘ ਨੂੰ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਕੀਤਾ ਗਿਆ ਸਨਮਾਨਤ



**ਨਵੀਂ ਦਿੱਲੀ, 26 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 14 ਬਾਣੀਆਂ ਕੰਠ ਕਰਨ ਵਾਲੇ 5 ਸਾਲਾ ਬੱਚੇ ਗੁਨਵੀਰ ਸਿੰਘ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਧਰਮ ਪ੍ਰਚਾਰ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ 5 ਸਾਲਾ ਗੁਨਵੀਰ ਸਿੰਘ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਗਰਮੀ ਦੀਆਂ ਛੁੱਟੀਆਂ ਵਿਚ ਲਗਾਏ ਜਾਂਦੇ ਗੁਰਮਤਿ ਕੈਂਪਾਂ ਵਿਚ ਸ਼ਾਮਲ ਹੁੰਦਾ ਹੈ। ਉਹਨਾਂ ਦੱਸਿਆ ਕਿ ਪਿਛਲੇ ਕੈਂਪ ਵਿਚ ਜਦੋਂ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਬੱਚੇ ਤੋਂ ਗੁਰਬਾਣੀ ਸੁਣੀ ਗਈ ਤਾਂ ਇਸਨੇ 14 ਬਾਣੀਆਂ ਸੁਣਾਈਆਂ ਸਨ ਅਤੇ ਹੁਣ ਉਸਨੂੰ ਹੋਰ ਵੀ ਬਾਣੀਆ ਕੰਠ ਹੋ ਗਈਆਂ ਹਨ। ਉਹਨਾਂ ਕਿਹਾ ਕਿ ਬੱਚੇ ਨੂੰ ਗੁਰਬਾਣੀ ਤੇ ਗੁਰਸਿੱਖੀ ਜੀਵਨ ਨਾਲ ਜੋੜਨਾ ਮਾਪਿਆਂ ਦੀ ਬਹੁਤ ਵੱਡੀ ਪ੍ਰਾਪਤੀ ਹੈ ਜਿਸ ਲਈ ਉਹ ਵਧਾਈ ਦੇ ਪਾਤਰ ਹਨ। ਉਹਨਾਂ ਕਿਹਾ ਕਿ 5 ਸਾਲਾ ਗੁਨਵੀਰ ਸਿੰਘ ਲੱਖਾਂ ਹੋਰ ਬੱਚਿਆਂ ਰੋਲ ਮਾਡਲ ਤੇ ਪ੍ਰੇਰਨਾ ਸਰੋਤ ਹੈ ਜਿਸ ਤੋਂ ਪ੍ਰੇਰਨਾ ਲੈ ਕੇ ਬੱਚਿਆਂ ਨੂੰ ਵੱਧ ਤੋਂ ਵੱਧ ਗਿਣਤੀ ਵਿਚ ਗੁਰਬਾਣੀ ਨਾਲ ਜੁੜਨਾ ਚਾਹੀਦਾ ਹੈ ਅਤੇ ਬਾਣੀਆਂ ਕੰਠ ਕਰਨੀਆਂ ਚਾਹੀਦੀਆਂ ਹਨ। ਇਸ ਮੌਕੇ ਉਹਨਾਂ ਕਮੇਟੀ ਵੱਲੋਂ ਬੱਚੇ ਦੀ ਹੌਂਸਲਾ ਅਫਜ਼ਾਈ ਲਈ ਉਸਨੂੰ 51 ਹਜ਼ਾਰ ਰੁਪਏ ਰਾਸ਼ੀ ਦਾ ਚੈਕ ਵੀ ਪ੍ਰਦਾਨ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰੂ ਕਾਸ਼ੀ ਯੂਨੀਵਰਸਿਟੀ ਵਲੋਂ 13ਵੀਂ ਸਲਾਨਾ ਐਥਲੈਟਿਕ ਮੀਟ ਦਾ ਸ਼ਾਨਦਾਰ ਆਗਾਜ਼

# 1500 ਮੀਟਰ ਦੌੜ ਵਿਚ ਵਰਖਾ ਰਾਣੀ ਨੇ ਜਿੱਤਿਆ ਸੋਨ ਤਗਮਾ







ਤਲਵੰਡੀ ਸਾਬੋ, 26 ਫਰਵਰੀ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੀ 13ਵੀਂ ਸਲਾਨਾ ਐਥਲੈਟਿਕ ਮੀਟ ਦਾ ਆਗਾਜ਼ ਮੁੱਖ ਮਹਿਮਾਨ ਸਰਵਜੀਤ ਸਿੰਘ ਆਈ.ਏ.ਐਸ. ਸਪੈਸ਼ਲ ਚੀਫ਼ ਸੈਕਟਰੀ ਸਪੋਰਟਸ ਐਂਡ ਯੂਥ ਸਰਵਸਿਜ਼, ਪੰਜਾਬ ਨੇ ਕੀਤਾ। ਇਸ ਮੌਕੇ ਚਾਂਸਲਰ ਗੁਰਲਾਭ ਸਿੰਘ ਸਿੱਧੂ, ਮਹਾਰਾਜਾ ਰਣਜੀਤ ਸਿੰਘ ਆਵਾਰਡੀ ਮਨਦੀਪ ਕੌਰ, ਉਲਪਿੰਅਨ, ਅਰਜੁਨ ਐਵਾਰਡੀ ਸਾਬਕਾ ਭਾਰਤੀ ਕਪਤਾਨ ਸਵਰਨ ਸਿੰਘ ਨੇ ਸਨਮਾਨਿਤ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਪਰੋ ਵਾਈਸ ਚਾਂਸਲਰ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ, ਡਾ. ਪਿਊਸ਼ ਵਰਮਾ, ਡਾਇਰੈਕਟਰ ਕੈਂਪਸ ਡਾ. ਹਰਜਸਪਾਲ ਸਿੰਘ ਸਿੱਧੂ, ਡਾਇਰੈਕਟਰ ਵਿਦਿਆਰਥੀ ਭਲਾਈ ਸਰਦੂਲ ਸਿੰਘ ਸਿੱਧੂ ਵੱਖ-ਵੱਖ ਵਿਭਾਗਾਂ ਦੇ ਡੀਨ ਅਤੇ ਮੁੱਖੀ ਮੰਚ ਤੇ ਵਿਰਾਜਮਾਨ ਸਨ। ਇਸ ਮੌਕੇ ਮੁੱਖ ਮਹਿਮਾਨ ਨੇ ਝੰਡਾ ਲਹਿਰਾਉਣ ਉਪਰੰਤ ਮਾਰਚ ਪਾਸਟ ਤੋਂ ਸਲਾਮੀ ਲਈ ਤੇ ਐਥਲੈਟਿਕ ਮੀਟ ਦੇ ਆਗਾਜ਼ ਦਾ ਐਲਾਨ ਕਰ ਆਕਾਸ਼ ਵਿਚ ਰੰਗ-ਬਿਰੰਗੇ ਗੁਬਾਰੇ ਛੱਡੇ। ਖਿਡਾਰਿਆਂ ਵੱਲੋਂ ਨਸ਼ਾ ਮੁਕਤ ਅਤੇ ਖੇਡ ਭਾਵਨਾ ਦੀ ਸਹੁੰ ਚੁੱਕੀ ਗਈ। ਉਹਨਾਂ ਨੇ ਖਿਡਾਰੀਆਂ ਨੂੰ ਸਾਫ ਨੀਅਤ ਅਤੇ ਪੱਕੇ ਇਰਾਦੇ ਨਾਲ ਕੰਮ ਕਰਨ ਦੀ ਪ੍ਰੇਰਨਾ ਦਿੱਤੀ। ਉਹਨਾਂ ਕਿਹਾ ਕਿ ਜੇਕਰ ਇਨਸਾਨ "ਨਿਸਚੈ ਕਰਿ ਅਪੁਨੀ ਜੀਤ ਕਰੋ" ਦੇ ਫਲਸਫੇ ਨੂੰ ਜ਼ਿੰਦਗੀ ਵਿਚ ਢਾਲ ਲਵੇ ਤਾਂ ਦੁਨਿਆਂ ਦੀ ਕੋਈ ਮੰਜ਼ਿਲ ਹਾਸਿਲ ਕਰਨੀ ਮੁਸ਼ਿਕਲ ਨਹੀਂ। ਉਹਨਾਂ ਕਿਹਾ ਕਿ ਇਮਾਨਦਾਰੀ ਅਤੇ ਮਿਹਨਤ ਨਾਲ ਹਰ ਮੁਕਾਮ ਹਾਸਿਲ ਕੀਤਾ ਜਾ ਸਕਦਾ ਹੈ। ਉਹਨਾਂ ਆਯੋਜਕਾਂ ਦੇ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਖਿਡਾਰੀਆਂ ਨੂੰ ਅਨੁਸ਼ਾਸ਼ਨ ਵਿਚ ਰਹਿ ਕੇ ਖੇਡਾਂ ਦਾ ਹਿੱਸਾ ਬਣਨ ਲਈ ਕਿਹਾ। ਚਾਂਸਲਰ ਸਿੱਧੂ ਨੇ ਡਾਇਰੈਕਟਰ ਸਪੋਰਟਸ ਦੀ ਰਹਿਨੁਮਾਈ ਹੇਠ ਜੀ.ਕੇ.ਯੂ. ਵਲੋਂ ਖੇਡਾਂ ਦੇ ਖੇਤਰ ਵਿਚ ਹਾਸਿਲ ਕੀਤੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਵਰਸਿਟੀ ਨੇ ਰਾਸ਼ਟਰੀ ਪੱਧਰ ਤੇ ਖੇਲੋ ਇੰਡੀਆ ਯੂਨੀਵਰਸਿਟੀ ਖੇਡਾਂ ਵਿਚ ਪੰਜਵਾਂ ਸਥਾਨ ਹਾਸਿਲ ਕੀਤਾ ਹੈ ਅਤੇ ਹੁਣ ਕੋਚ ਸਹਿਬਾਨ ਅਤੇ ਖਿਡਾਰੀਆਂ ਦੀ ਮਿਹਨਤ ਸਦਕਾ ਉਹ ਭਵਿੱਖ ਵਿਚ ਰਾਸ਼ਟਰ ਪੱਧਰੀ ਖੇਡਾਂ ਵਿਚ ਭਾਰਤ ਦੀ ਪਹਿਲੀਆਂ ਤਿੰਨ ਯੂਨੀਵਰਸਿਟੀਆਂ ਵਿਚ ਹੋਣਗੇ। ਉਹਨਾਂ ਅੰਤਰ-ਰਾਸ਼ਟਰੀ ਅਤੇ ਰਾਸ਼ਟਰੀ ਪੱਧਰ ਤੇ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਚੈੱਕ ਵੀ ਤਕਸੀਮ ਕੀਤੇ। ਪਰੋ ਵਾਈਸ ਚਾਂਸਲਰ ਡਾ. ਧੀਮਾਨ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਵਿਦਿਆਰਥੀਆਂ ਨੂੰ ਸ਼ਰੀਰਕ ਪੱਖੋ ਮਜ਼ਬੂਤ, ਮਾਨਸਿਕ ਪੱਖੋ ਚੇਤੰਨ ਅਤੇ ਆਤਮਿਕ ਪੱਖੋਂ ਚੜਦੀ ਕਲਾ ਵਿਚ ਰਹਿਣ ਦਾ ਮਸਵਰਾ ਦਿੱਤਾ। ਉਹਨਾਂ ਕਿਹਾ ਕਿ ਸ਼ਰੀਰਕ ਅਤੇ ਮਾਨਸਿਕ ਪੱਖੋਂ ਮਜਬੂਤ ਨੌਜਵਾਨ ਪੀੜ੍ਹੀ ਨਿਘਰ ਸਾਮਾਜ ਦਾ ਨਿਰਮਾਣ ਕਰ ਸਕਦੀ ਹੈ। ਉਹਨਾਂ ਖਿਡਾਰੀਆਂ ਨੂੰ ਸਮੇਂ ਬੱਧ, ਯੋਜਨਾ ਬੱਧ ਅਤੇ ਪੱਕੇ ਇਰਾਦੇ ਨਾਲ ਹਰ ਰੋਜ਼ ਲਗਾਤਾਰ ਅਭਿਆਸ ਕਰਨ ਤੇ ਕੋਚ ਸਹਿਬਾਨ ਵੱਲੋਂ ਦੱਸੇ ਨੁੱਕਤਿਆਂ ਦੀ ਪਾਲਣਾ ਕਰਨ ਲਈ ਕਿਹਾ। ਡਾਇਰੈਕਟਰ ਸਪੋਰਟਸ ਡਾ. ਰਾਜ ਕੁਮਾਰ ਸ਼ਰਮਾ ਨੇ ਆਪਣੇ ਸੁਆਗਤੀ ਭਾਸ਼ਣ ਵਿਚ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨਾਂ ਦੀ ਜਾਣ-ਪਹਿਚਾਣ ਕਰਵਾਈ ਅਤੇ ਉਹਨਾਂ ਦੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਇਆ। ਉਹਨਾਂ ਵਰਸਿਟੀ ਪ੍ਰਬੰਧਕਾਂ ਵਲੋਂ ਖਿਡਾਰੀਆਂ ਦੇ ਖੇਡ ਪੱਧਰ ਨੂੰ ਉੱਚਾ ਚੁੱਕਣ ਲਈ ਦਿੱਤੀਆਂ ਜਾ ਰਹੀਆਂ ਖੇਡ ਸਹੂਲਤਾਂ ਅਤੇ ਨਵੇਂ ਖੇਡ ਮੈਦਾਨ ਬਾਰੇ ਵੀ ਦੱਸਿਆ। ਉਹਨਾਂ ਅਨੁਸਾਰ 1500 ਮੀਟਰ ਲੜਕੀਆਂ ਦੀ ਦੌੜ ਵਿਚ ਵਰਖਾ ਰਾਣੀ ਨੇ ਪਹਿਲਾ, ਅਮਰਜੋਤ ਕੌਰ ਨੇ ਦੂਜਾ ਅਤੇ ਰਾਜਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। ਉਹਨਾਂ ਦੱਸਿਆ ਕਿ ਐਥਲਿਟਿਕ ਮੀਟ ਵਿਚ 13 ਫੈਕਲਟੀਆਂ ਦੇ 250 ਤੇ ਜ਼ਿਆਦਾ ਖਿਡਾਰੀ 11 ਖੇਡਾਂ ਵਿਚ 33 ਤਗਮਿਆਂ ਲਈ ਜ਼ੋਰ ਅਜਮਾਇਸ਼ ਕਰ ਰਹੇ ਨੇ। ਡਾਇਰੈਕਟਰ ਸੱਭਿਆਚਾਰ ਅਤੇ ਯੁਵਾ ਮਾਮਲੇ ਡਾ. ਕੰਵਲਜੀਤ ਕੌਰ ਦੇ ਨਿਰਦੇਸ਼ਨ ਹੇਠ ਭਾਰਤ ਦੇ ਵੱਖ-ਵੱਖ ਰਾਜ਼ਾਂ ਦੇ ਸੱਭਿਆਚਾਰ ਨੂੰ ਪ੍ਰਦਰਸ਼ਿਤ ਕਰਦੇ (ਨਾਚ ਫਿਊਜ਼ਨ) ਦੇ ਸ਼ਾਨਦਾਰ ਪ੍ਰਦਰਸ਼ਨ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਆਯੋਜਕਾਂ ਵੱਲੋਂ ਮੁੱਖ ਮਹਿਮਾਨ, ਸਨਮਾਨਿਤ ਮਹਿਮਾਨ ਅਤੇ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ। ਡਿਪਟੀ ਡਾਇਰੈਕਟਰ ਲੋਕ ਸੰਪਰਕ ਲਵਲੀਨ ਸਚਦੇਵਾ ਤੇ ਡਾ. ਜੀਨੀਅਸ ਵਾਲੀਆ ਨੇ ਮੰਚ ਸੰਚਾਲਕ ਦੀ ਭੂਮਿਕਾ ਬਾਖੂਬੀ ਅਦਾ ਕੀਤੀ।

> "ਨਿਸਚੈ ਕਰਿ ਅਪੁਨੀ ਜੀਤ ਕਰੋਂ" ਦੇ ਫਲਸਫੇ ਨੂੰ ਜ਼ਿੰਦਗੀ ਵਿਚ ਢਾਲਿਆ ਜਾਵੇ- ਸਰਵਜੀਤ ਸਿੰਘ

# ਦਮਦਮੀ ਟਕਸਾਲ ਦੀ ਅਗਵਾਈ 'ਚ ਭੁੱਸੇ ਵਿਖੇ ਸ਼ਹੀਦੀ ਧਰਮ ਲਈ ਜੰਗ ਦੇ ਮੈਦਾਨ 'ਚ ਸ਼ਹਾਦਤਾਂ ਪਾਉਣ ਵਾਲੇ ਸੂਰਬੀਰ ਯੋਧੇ ਸਦਾ ਲਈ ਅਮਰ ਹੋ ਜਾਂਦੇ ਹਨ -ਸੰਤ ਗਿਆਨੀ ਹਰਨਾਮ ਸਿੰਘ ਖਾਲਸਾ




**ਚੌਕ ਮਹਿਤਾ, 26 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ 18ਵੀਂ ਸਦੀ ਦੇ ਅਮਰ ਸ਼ਹੀਦ ਬਾਬਾ ਬਘੇਲ ਸਿੰਘ ਜੀ, ਸ਼ਹੀਦ ਬਾਬਾ ਅਮਰ ਸਿੰਘ ਜੀ ਤੇ ਮਹਾਨ ਜਰਨੈਲ ਸ਼ਹੀਦ ਬਾਬਾ ਤਾਰਾ ਸਿੰਘ ਜੀ ਵਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਪਿੰਡ ਭੁੱਸੇ ਦੇ ਗੁਰਦੁਆਰਾ ਜਨਮ ਅਸਥਾਨ ਸ਼ਹੀਦ ਬਾਬਾ ਬਘੇਲ ਸਿੰਘ ਜੀ ਅਤੇ ਸ਼ਹੀਦ ਬਾਬਾ ਅਮਰ ਸਿੰਘ ਜੀ ਵਿਖੇ ਸੰਗਤਾਂ ਵੱਲੋਂ ਪੂਰੇ ਉਤਸ਼ਾਹ ਤੇ ਸ਼ਰਧਾ ਨਾਲ ਮਨਾਈ ਗਈ।

ਦਮਦਮੀ ਟਕਸਾਲ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਵਿਸ਼ੇਸ਼ ਸਹਿਯੋਗ ਨਾਲ ਮਨਾਏ ਗਏ ਤਿੰਨ ਰੋਜ਼ਾ ਧਾਰਮਿਕ ਸਮਾਗਮਾਂ ਦੇ ਅੱਜ ਆਖਰੀ ਦਿਨ ਸਭਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਰਨੈਲ ਸਿੰਘ ਰਣੀਕੇ ਦੇ ਜੱਥੇ ਨੇ ਕੀਰਤਨ ਦੀ ਸੇਵਾ ਨਿਭਾਈ। ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸ਼੍ਰੀ ਮੁੱਖ ਵਾਕ ਦੀ ਕਥਾ ਵਿਚਾਰ ਕਰਦੇ ਹੋਏ ਸ਼ਹੀਦ ਬਾਬਾ ਬਘੇਲ ਸਿੰਘ ਜੀ, ਸ਼ਹੀਦ ਬਾਬਾ ਅਮਰ ਸਿੰਘ ਜੀ ਤੇ ਸ਼ਹੀਦ ਬਾਬਾ ਤਾਰਾ ਸਿੰਘ ਜੀ ਦੀ ਸ਼ਹਾਦਤ ਨੂੰ ਨਮਨ ਕਰਦੇ ਹੋਏ ਕਿਹਾ ਕਿ ਧਰਮ ਲਈ ਦੇ ਜੰਗ ਦੇ ਮੈਦਾਨ ਵਿੱਚ ਸ਼ਹਾਦਤਾਂ ਪਾਉਣ ਵਾਲੇ ਸੂਰਬੀਰ ਯੋਧੇ ਸਦਾ ਲਈ ਅਮਰ ਹੋ ਜਾਂਦੇ ਹਨ ਤੇ ਉਨਾਂ ਦੇ ਇਤਿਹਾਸ ਦੀਆਂ ਗਾਥਾਵਾਂ ਰਾਗੀ, ਢਾਡੀ, ਕਵੀਸ਼ਰ ਤੇ ਕਥਾ ਵਾਚਕ ਪੀੜ੍ਹੀ ਦਰ ਪੀੜ੍ਹੀ ਸੰਗਤਾਂ ਨੂੰ ਸੁਣਾਉਂਦੇ ਹਨ। ਸੰਤ ਬਾਬਾ ਹਰਨਾਮ ਸਿੰਘ ਖਾਲਸਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਲਈ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵਿਸ਼ੇਸ਼ ਧੰਨਵਾਦ ਕੀਤਾ।

ਇਸ ਸਮੇਂ ਐੱਸ.ਜੀ.ਪੀ.ਸੀ. ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਆਖਿਆ ਕਿ ਅੱਜ ਜਿਨ੍ਹਾਂ ਮਹਾਨ ਸ਼ਹੀਦਾਂ ਦੀ ਯਾਦ ਨੂੰ ਮਨਾ ਰਹੇ ਹਾਂ, ਆਓ ਉਨਾਂ ਦੀ ਯਾਦ ਆਪਣੇ ਮਨਾ ਦੇ ਵਿਚ ਵਸਾਈਏ, ਕਿਉਂਕਿ ਯਾਦਾਂ ਉਨਾਂ ਦੀਆਂ ਮਨਾਈਆਂ ਜਾਂਦੀਆਂ ਹਨ, ਜੋ ਗੁਰੂ ਦੇ ਹੁਕਮ ਵਿੱਚ ਰਹਿ ਕੇ ਪੰਥ ਦੇ ਨਾਲ ਇਕ ਇੱਕ ਕਦਮ ਤੁਰੇ ਹੋਣ, ਅਜਿਹੇ ਸੂਰਮਿਆਂ ਦੀਆਂ ਗਾਥਾਵਾਂ ਰਹਿੰਦੀ ਦੁਨੀਆ ਤਕ ਗਈਆਂ ਜਾਂਦੀਆਂ ਹਨ। ਉਨਾਂ ਨੇ ਦਮਦਮੀ ਟਕਸਾਲ ਦੇ ਵੱਲੋਂ ਇਸ ਸ਼ਹੀਦੀ ਸ਼ਤਾਬਦੀ ਨੂੰ ਵੱਡੇ ਪੱਧਰ ਤੇ ਮਨਾਏ ਜਾਣ ਦੀ ਸ਼ਲਾਘਾ ਕੀਤੀ।

ਸਮਾਗਮ ਦੌਰਾਨ ਸਿੱਖ ਜਗਤ ਦੇ ਪ੍ਰਸਿੱਧ ਵਿਦਵਾਨ ਬਾਬਾ ਬੰਤਾ ਸਿੰਘ ਜੀ ਨੇ ਇਨ੍ਹਾਂ ਸ਼ਹੀਦਾਂ ਦੀ ਸੂਰਬੀਰਤਾ ਅਤੇ ਜੀਵਨ ਬਿਰਤਾਂਤ ਸੰਗਤ ਨਾਲ ਸਾਂਝਾ ਕੀਤਾ ਅਤੇ ਸੰਤ ਬਾਬਾ ਗੁਰਦੇਵ ਸਿੰਘ ਜੀ ਤਰਸਿੱਕਾ ਵਾਲਿਆਂ ਨੇ ਕਥਾ ਸਰਵਣ ਕਰਵਾਈ। ਇਸ ਦੌਰਾਨ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਪਰਵਿੰਦਰ ਪਾਲ ਸਿੰਘ ਤੇ ਗਿਆਨੀ ਸੰਤੋਖ ਸਿੰਘ ਵੀ ਸੰਗਤਾਂ ਦੇ ਸਨਮੁੱਖ ਹੋਏ।

ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਗਿ. ਹਰਭਜਨ ਸਿੰਘ ਜੀ ਨੇ ਕਿਹਾ ਕਿ ਦਮਦਮੀ ਟਕਸਾਲ ਦੇ ਯੋਗ ਪ੍ਰਬੰਧਾਂ ਹੇਠ ਇਹ ਸ਼ਤਾਬਦੀ ਸਮਾਗਮ ਸਫਲ ਹੋਏ ਹਨ, ਜਿਸ ਦੇ ਲਈ ਨਗਰ ਭੁੱਸੇ ਦੀ ਸੰਗਤ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਦਾ ਧੰਨਵਾਦ ਹੈ।

ਪੰਥ ਦੇ ਮਹਾਨ ਢਾਡੀ ਭਾਈ ਤਰਲੋਚਨ ਸਿੰਘ ਭੁਮੱਦੀ ਨੇ ਸੰਗਤ ਨੂੰ ਅਪੀਲ ਕਰਦਿਆਂ ਕਿਹਾ ਕਿ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ ਮਹਾਰਾਸ਼ਟਰ ਸਰਕਾਰ ਦੇ ਸਹਿਯੋਗ ਨਾਲ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਮਹਾਰਾਸ਼ਟਰ ਵਿੱਚ ਦੇਸ਼ ਪੱਧਰ ਦੇ 2 ਸਮਾਗਮ ਹੋ ਚੁੱਕੇ ਹਨ, ਹੁਣ ਤੀਸਰਾ ਸਮਾਗਮ ਖਾਰਗਰ ਮੁੰਬਈ ਦੇ ਵਿੱਚ 28 ਫਰਵਰੀ ਤੇ 1 ਮਾਰਚ ਨੂੰ ਵੱਡੇ ਪੱਧਰ ਤੇ ਮਨਾਇਆ ਜਾਣਾ ਹੈ, ਆਓ ਇਨ੍ਹਾਂ ਸਮਾਗਮਾਂ ਦਾ ਹਿੱਸਾ ਬਣਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕਰੀਏ। ਇਨਾਂ ਸਮਾਗਮਾਂ ਵਿਚ ਲੰਗਰਾਂ ਦੀ ਸੇਵਾ ਦਮਦਮੀ ਟਕਸਾਲ ਵੱਲੋਂ ਕੀਤੀ ਗਈ ਅਤੇ ਸਟੇਜ ਸੰਚਾਲਣ ਦੀ ਜਿੰਮੇਵਾਰੀ ਗਿਆਨੀ ਸਾਹਿਬ ਸਿੰਘ ਨੇ ਨਿਭਾਈ।

ਇਸ ਮੌਕੇ ਭਾਈ ਜਗਦੀਪ ਸਿੰਘ, ਪ੍ਰਧਾਨ ਜਗਤਾਰ ਸਿੰਘ, ਨੰਬਰਦਾਰ ਸਤਨਾਮ ਸਿੰਘ, ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ, ਭਾਈ ਦਿਲਬਾਗ ਸਿੰਘ, ਭਾਈ ਜਗੀਰ ਸਿੰਘ, ਭਾਈ ਰੇਸ਼ਮ ਸਿੰਘ, ਭਾਈ ਮੋਹਣ ਸਿੰਘ ਜੀ, ਭਾਈ ਹਰਜੀਤ ਸਿੰਘ ਜੀ, ਭਾਈ ਅਮਰਜੀਤ ਸਿੰਘ, ਪ੍ਰਧਾਨ ਅਮਰਬੀਰ ਸਿੰਘ ਜੀ ਢੋਟ, ਸੰਤ ਬਾਬਾ ਗੁਰਬਚਨ ਸਿੰਘ ਜੀ ਸੁਰਸਿੰਘ, ਭਾਈ ਅਜੈਬ ਸਿੰਘ ਜੀ ਅਭਿਆਸੀ, ਭਗਵੰਤ ਸਿੰਘ ਜੀ ਸੰਘੇੜਾ, ਭਾਈ ਧਰਮਿੰਦਰ ਸਿੰਘ, ਭਾਈ ਸਤਬੀਰ ਸਿੰਘ, ਭਾਈ ਗੁਰਪ੍ਰੀਤ ਸਿੰਘ ਜੀ ਖਹਿਰਾਬਾਦ, ਭਾਈ ਬਲਵਿੰਦਰ ਸਿੰਘ ਕਾਲਵਾ, ਬਾਬਾ ਊਧਮ ਸਿੰਘ ਲੱਧੇਵਾਲ, ਡਾ. ਅਵਤਾਰ ਸਿੰਘ ਮਾਲੂਵਾਲ, ਭਾਈ ਖਜਾਨ ਸਿੰਘ, ਭਾਈ ਜਗਜੀਤ ਸਿੰਘ ਰਿਆੜ, ਸੰਤ ਬਾਬਾ ਸੁਖਦੇਵ ਸਿੰਘ ਮਲਾਵਾਲਾ, ਬੀਬੀ ਸੁਖਵਿੰਦਰ ਕੌਰ, ਸੰਤ ਬਾਬਾ ਹਰੀ ਸਿੰਘ, ਸੰਤ ਬਾਬਾ ਸੁਖਦੇਵ ਸਿੰਘ ਜੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਕੌਮਾਂਤਰੀ ਮਾਂ ਬੋਲੀ ਦਿਹਾੜੇ 'ਤੇ ਭਾਸ਼ਾ ਵਿਭਾਗ ਨੇ ਕਰਵਾਇਆ ਦੇਬੀ ਮਖਸੂਸਪੁਰੀ ਦਾ ਰੂ-ਬ-ਰੂ

**ਹੁਸ਼ਿਆਰਪੁਰ, 26 ਫਰਵਰੀ :** ਭਾਸ਼ਾ ਵਿਭਾਗ, ਪੰਜਾਬ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਅਤੇ ਕਪੂਰਥਲਾ ਦੇ ਸਾਂਝੇ ਉਪਰਾਲੇ ਨਾਲ ਕੌਮਾਂਤਰੀ ਮਾਂ ਬੋਲੀ ਦਿਹਾੜੇ ਨੂੰ ਸਮਰਪਿਤ ਸਮਾਗਮ ਸਰਕਾਰੀ ਕਾਲਜ ਹੁਸ਼ਿਆਰਪੁਰ ਵਿਖੇ ਕਰਵਾਇਆ ਗਿਆ। ਮੁਖ ਮਹਿਮਾਨ ਵਜੋਂ-ਡਾ. ਲਖਵਿੰਦਰ ਜੌਹਲ ਅਤੇ ਵਿਸ਼ੇਸ਼ ਮਹਿਮਾਨ ਵਜੋਂ ਡਾ. ਕੁਲਦੀਪ ਦੀਪ ਸ਼ਾਮਿਲ ਹੋਏ। ਸਮਾਗਮ ਦੀ ਸ਼ੁਰੂਆਤ ਵਿਭਾਗੀ ਧੁੰਨ ਨਾਲ ਕੀਤੀ ਗਈ। ਆਏ ਹੋਏ ਮਹਿਮਾਨਾਂ ਲਈ ਜੀ ਆਇਆਂ ਸ਼ਬਦ ਜਸਪ੍ਰੀਤ ਕੌਰ ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਆਖੇ। ਉਪਰੰਤ ਤਵੰਨੁਮ ਕਵੀ ਦਰਬਾਰ ਵਿੱਚ ਹਾਜ਼ਰ ਕਵੀਆਂ ਹਰਦਿਆਲ ਹੁਸ਼ਿਆਰਪੁਰੀ, ਸੁਰਿੰਦਰ ਕੰਗਵੀ, ਪ੍ਰੋ. ਮਲਕੀਤ ਜੌੜਾ, ਅੰਜੂ ਵੀ. ਰੱਤੀ ਅਤੇ ਸ਼ਿਹਬਾਜ਼ ਖ਼ਾਨ ਨੇ ਆਪਣੀ ਸੁਰ ਸਾਧਨਾ ਰਾਹੀਂ ਰਚਨਾਵਾਂ ਨੂੰ ਗਾ ਕੇ ਅਜਿਹਾ ਜਾਦੂ ਵਿਖੇਰਿਆ ਕਿ ਸਰੋਤੇ ਝੂਮ ਉੱਠੇ। ਇਸ ਤੋਂ ਬਾਅਦ ਪ੍ਰਸਿੱਧ ਗਾਇਕ ਅਤੇ ਸ਼ਾਇਰ ਦੇਬੀ ਮਖਸੂਸਪੁਰੀ ਜਿਹੜੇ ਇਸ ਕਾਲਜ ਦੇ ਵਿਦਿਆਰਥੀ ਰਹੇ ਹਨ ਨਾਲ਼ ਰੂ-ਬ-ਰੂ ਡਾ. ਕੁਲਦੀਪ ਚੌਹਾਨ ਨੇ ਕਰਵਾਇਆ। ਦੇਬੀ ਮਖਸੂਸਪੁਰੀ ਨੇ ਕਾਲਜ ਦੀਆਂ ਯਾਦਾਂ, ਸਾਹਿਤਕ ਸਫ਼ਰ ਤੇ ਸਿਰਜਣਾ ਬਾਰੇ ਭਾਵਪੂਰਤ ਗੱਲਾਂ ਕਰਦਿਆਂ ਆਪਣੇ ਗੀਤਾਂ ਦੇ ਕਾਵਿ ਮੁਖੜੇ ਹਾਜ਼ਰੀਨ ਨਾਲ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਭਾਸ਼ਾ ਅਤੇ ਸਭਿਆਚਾਰ ਨਾਲ ਮੋਹ, ਸ਼ਬਦ ਸਾਧਨਾ ਲਈ ਸਖ਼ਤ ਮਿਹਨਤ ਨਾਲ ਇਵੇਂ ਦੇ ਮੁਕਾਮ ਹਾਸਲ ਕੀਤੇ ਜਾ ਸਕਦੇ ਹਨ। ਡਾ ਲਖਵਿੰਦਰ ਜੌਹਲ ਅਤੇ ਡਾ ਕੁਲਦੀਪ ਦੀਪ ਨੇ ਮਾਂ ਬੋਲੀ ਦੀ ਇਤਿਹਾਸਕ ਵਿਰਾਸਤ ਨਾਲ ਸਾਂਝ ਪੁਆ ਦਿਆ ਕਿਹਾ ਕਿ ਭਾਸ਼ਾ ਨੂੰ ਜੀਉਂਦਾ ਰੱਖਣਾ ਬਹੁਤ ਜ਼ਰੂਰੀ ਹੈ। ਕਿਉਂਕਿ ਭਾਸ਼ਾ ਹੀ ਸਭਿਆਚਾਰ ਦੀ ਜੜ ਲਾਉਂਦੀ ਹੈ। ਉਨ੍ਹਾਂ ਮਾਂ ਬੋਲੀ ਦੀ ਮਹੱਤਤਾ, ਦਰਪੇਸ਼ ਚੁਣੌਤੀਆਂ ਅਤੇ ਸਾਰਥਕ ਯਤਨਾਂ ਨਾਲ ਇਸਦੇ ਪ੍ਰਚਾਰ ਤੇ ਪ੍ਰਸਾਰ ਬਾਰੇ ਵਿਚਾਰ ਪੇਸ਼ ਕੀਤੇ। ਉਪਰੰਤ ਦੇਬੀ ਮਖਸੂਸਪੁਰੀ, ਕਵੀਜਨ, ਡਾ. ਜੌਹਲ, ਡਾ. ਕੁਲਦੀਪ ਦੀਪ, ਪ੍ਰਿੰ. ਗਗਨਦੀਪ ਚੀਮਾ ਅਤੇ ਕਾਲਜ ਦੇ ਵਿਦਿਆਰਥੀਆਂ ਦਾ ਵਿਭਾਗੀ ਪੁਸਤਕਾਂ ਦੇ ਸੈੱਟਾਂ ਅਤੇ ਲੋਈਆਂ ਨਾਲ ਸਨਮਾਨ ਕੀਤਾ ਗਿਆ।

ਸ਼੍ਰੋਮਣੀ ਕਮੇਟੀ ਵੱਲੋਂ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ ਦੀ ਯਾਦ 'ਚ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਏ ਭੋਗ

# ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਰੀ ਹਾਜ਼ਰੀ







**ਅੰਮ੍ਰਿਤਸਰ, 26 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ ਜੋ ਬੀਤੇ ਸਮੇਂ ਕੈਨੇਡਾ ਵਿਖੇ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਦੀ ਯਾਦ 'ਚ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ, ਪ੍ਰਸਿੱਧ ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ, ਸੀਨੀਅਰ ਅਕਾਲੀ ਆਗੂ ਸ. ਮਹੇਸ਼ਿੰਦਰ ਸਿੰਘ ਗਰੇਵਾਲ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਪਰਿਵਾਰਕ ਮੈਂਬਰ ਮੌਜੂਦ ਸਨ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਨਾਮ ਸਿੰਘ ਕੁਹਾੜਕਾ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਗਿਆਨੀ ਬਲਜੀਤ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੰਮਾ ਸਮਾਂ ਸੇਵਾ ਨਿਭਾਉਂਦਿਆਂ ਸੰਗਤਾਂ ਨੂੰ ਗੁਰਬਾਣੀ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਉਨ੍ਹਾਂ ਕਿਹਾ ਕਿ ਸਿੱਖ ਦੀ ਰਹਿਣੀ ਤੇ ਕਥਨੀ ਇਕ ਹੋ ਜਾਵੇ ਇਹ ਗੁਰੂ ਦੀ ਬਖ਼ਿਸ਼ਸ਼ ਹੁੰਦੀ ਹੈ। ਗਿਆਨੀ ਮੋਹਣ ਸਿੰਘ ਦੇ ਜੀਵਨ ਵਿੱਚੋਂ ਇਸ ਦੀ ਝਲਕ ਹਮੇਸ਼ਾ ਝਲਕਦੀ ਰਹੀ। ਉਨ੍ਹਾਂ ਨੇ ਆਪਣੀ ਰਿਹਾਇਸ਼ ਵੀ ਗੁਰੂ ਘਰ ਦੇ ਨਾਂ ਲਗਵਾ ਕੇ ਸੰਗਤ ਲਈ ਵੱਡੀ ਪ੍ਰੇਰਣਾ ਬਣੇ। ਐਡਵੋਕੇਟ ਧਾਮੀ ਨੇ ਜਿਥੇ ਉਨ੍ਹਾਂ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਏ ਜਾਣ ਬਾਰੇ ਆਖਿਆ, ਉਥੇ ਹੀ ਉਨ੍ਹਾਂ ਦੇ ਜੀਵਨ ਬਾਰੇ ਇਕ ਕਿਤਾਬਚਾ ਵੀ ਛਾਪੇ ਦੀ ਗੱਲ ਕਹੀ। ਐਡਵੋਕੇਟ ਧਾਮੀ ਵੱਲੋਂ ਇਹ ਕਿਤਾਬਚਾ ਲਿਖਣ ਦੀ ਸੇਵਾ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਨੂੰ ਨਿਭਾਉਣ ਲਈ ਆਖਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸਿੱਖ ਕੌਮ ਲਈ ਅਪੂਰਣੀ ਘਾਟ: ਦਲ ਖਾਲਸਾ ਦੇ ਮੋਢੀ ਆਗੂ ਸ. ਹਰਿਸਿਮਰਨ ਸਿੰਘ ਅਕਾਲ ਚਲਾਣਾ ਕਰ ਗਏ







**ਅੰਮ੍ਰਿਤਸਰ, 26 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸਿੱਖ ਕੌਮ ਦੇ ਪ੍ਰਸਿੱਧ ਵਿਦਵਾਨ ਅਤੇ ਦਲ ਖਾਲਸਾ ਦੇ ਮੋਢੀ ਆਗੂਆਂ ਵਿੱਚੋਂ ਇਕ ਸ. ਹਰਿਸਿਮਰਨ ਸਿੰਘ ਦੇ ਅਕਾਲ ਚਲਾਣੇ ਨਾਲ ਸਿੱਖ ਪੰਥ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਉਨ੍ਹਾਂ ਦੇ ਦਿਹਾਂਤ ਨੂੰ ਕੌਮ ਲਈ ਅਪੂਰਣੀ ਘਾਟ ਕਰਾਰ ਦਿੱਤਾ ਜਾ ਰਿਹਾ ਹੈ। ਸ. ਹਰਿਸਿਮਰਨ ਸਿੰਘ ਨੇ ਆਪਣੇ ਜੀਵਨ ਦੌਰਾਨ ਸਿੱਖ ਸਿਧਾਂਤਾਂ, ਪੰਥਕ ਚੇਤਨਾ ਅਤੇ ਕੌਮੀ ਹੱਕਾਂ ਦੀ ਰਾਖੀ ਲਈ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਦੀ ਵਿਦਵਤਾ ਅਤੇ ਪੰਥ ਪ੍ਰਤੀ ਨਿਭਾਅ ਨੂੰ ਸਦਾ ਯਾਦ ਰੱਖਿਆ ਜਾਵੇਗਾ। ਪਰਿਵਾਰਕ ਸੂਤਰਾਂ ਅਨੁਸਾਰ, ਸ. ਹਰਿਸਿਮਰਨ ਸਿੰਘ ਦਾ ਅੰਤਮ ਸਸਕਾਰ ਕੱਲ੍ਹ ਦੁਪਹਿਰ 2:30 ਵਜੇ ਕੀਤਾ ਜਾਵੇਗਾ। ਦੁੱਖ ਦੀ ਇਸ ਘੜੀ ਵਿੱਚ ਸ਼ਰਧਾਂਜਲੀ ਭੇਟ ਕਰਨ ਜਾਂ ਹੋਰ ਜਾਣਕਾਰੀ ਲਈ 9872591713 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਵੱਖ-ਵੱਖ ਪੰਥਕ ਅਤੇ ਸਮਾਜਿਕ ਆਗੂਆਂ ਵੱਲੋਂ ਪਰਿਵਾਰ ਨਾਲ ਡੂੰਘੀ ਸਾਂਝ ਪ੍ਰਗਟ ਕਰਦੇ ਹੋਏ ਵਿਛੜੀ ਰੂਹ ਲਈ ਅਰਦਾਸ ਕੀਤੀ ਗਈ ਹੈ ਕਿ ਵਾਹਿਗੁਰੂ ਅਕਾਲ ਪੁਰਖ ਜੀ ਉਨ੍ਹਾਂ ਨੂੰ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦੀ ਤਾਕਤ ਦੇਣ।

# ਟੈਲੀ-ਮਾਨਸ- ਮਾਨਸਿਕ ਸਿਹਤ ਵਿੱਚ ਇੱਕ ਕ੍ਰਾਂਤੀ : ਡਾ. ਸੁਨੀਤਾ ਸਿਵਿਲ ਸਰਜਨ ਪਠਾਨਕੋਟ

**ਪਠਾਨਕੋਟ, 25 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ, ਪੰਜਾਬ ਮਾਨਸਿਕ ਸਿਹਤ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਮਾਨਸਿਕ ਤੰਦਰੁਸਤੀ ਵਿੱਚ ਵਾਧਾ ਕਰਨ ਲਈ ਭਾਰਤ ਸਰਕਾਰ ਨੇ 10 ਅਕਤੂਬਰ, 2022 ਨੂੰ ਟੈਲੀ-ਮਾਨਸ ਪ੍ਰੋਜੈਕਟ ਸ਼ੁਰੂ ਕੀਤਾ ਸੀ। ਟੈਲੀ-ਮਾਨਸ ਇੱਕ ਟੋਲ ਫ੍ਰੀ ਹੈਲਪਲਾਈਨ ਹੈ ਜੋ ਪੂਰੇ ਭਾਰਤ ਵਿੱਚ 24×7 ਮੁਫ਼ਤ ਮਾਨਸਿਕ ਸਿਹਤ ਸਲਾਹ ਪ੍ਰਦਾਨ ਕਰਦੀ ਹੈ। ਇਹ 20+ ਤੋਂ ਵੱਧ ਭਾਸ਼ਾਵਾਂ ਵਿੱਚ ਉਪਲਬਧ ਹੈ। ਉਪਭੋਗਤਾ ਟੋਲ ਫ੍ਰੀ ਹੈਲਪਲਾਈਨ ਨੰਬਰ ਯਾਨੀ 1800-89-14416 ਜਾਂ 14416 ਰਾਹੀਂ ਟੈਲੀ-ਮਾਨਸ ਸੇਵਾਵਾਂ ਪ੍ਰਾਪਤ ਕਰ ਸਕਦੇ ਹਨ। ਇਹ ਜਾਣਕਾਰੀ ਡਾਕਟਰ ਸੁਨੀਤਾ ਸਿਵਿਲ ਸਰਜਨ ਪਠਾਨਕੋਟ ਵੱਲੋਂ ਦਿੱਤੀ ਗਈ। ਉਹਨਾਂ ਦੱਸਿਆ ਕਿ ਉਪਭੋਗਤਾ ਘਰ ਬੈਠੇ ਆਪਣੇ ਫ਼ੋਨ 'ਤੇ ਇਸ ਸੇਵਾ ਦਾ ਆਸਾਨੀ ਨਾਲ ਲਾਭ ਉਠਾ ਸਕਦੇ ਹਨ। ਉਹਨਾਂ ਦੱਸਿਆ ਕਿ ਕਾਲਰ ਮਰੀਜ ਦੀ ਸਾਰੀ ਜਾਣਕਾਰੀ ਗੁਪਤ ਰੱਖੀ ਜਾਂਦੀ ਹੈ। ਟੈਲੀ-ਮਾਨਸ ਦੀ ਆਪਣੀ ਇੱਕ ਮੋਬਾਈਲ ਐਪ ਹੈ ਜਿਸ ਵਿੱਚ ਕਈ ਤਰ੍ਹਾਂ ਦੇ ਮੁੱਦਿਆਂ ਜਿਵੇਂ ਕਿ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਚਿੰਤਾ, ਪ੍ਰੀਖਿਆ ਤਣਾਅ, ਡਿਪਰੈਸ਼ਨ, ਵਿੱਤੀ ਤਣਾਅ, ਸੰਕਟ ਪ੍ਰਬੰਧਨ ਅਤੇ ਪਰਿਵਾਰਕ ਮੁੱਦਿਆਂ ਬਾਰੇ ਸਲਾਹ-ਮਸ਼ਵਰਾ ਕਾਲ 'ਤੇ ਪ੍ਰਦਾਨ ਕੀਤਾ ਜਾਂਦਾ ਹੈ। ਟੈਲੀ-ਮਾਨਸ ਪੰਜਾਬ ਇਸ ਸਾਲ 35000+ ਕਾਲਾਂ ਦੇ ਮੀਲ ਪੱਥਰ 'ਤੇ ਪਹੁੰਚ ਗਿਆ ਹੈ। ਟੈਲੀ-ਮਾਨਸ ਦੇ ਉਪਭੋਗਤਾ ਆਪਣੀ ਮਾਨਸਿਕ ਸਿਹਤ ਸੰਬੰਧੀ ਚਿੰਤਾਵਾਂ ਦੇ ਅਨੁਸਾਰ ਸਲਾਹਕਾਰਾਂ, ਸਮਾਜ ਸੇਵਕਾਂ ਅਤੇ ਮਨੋਵਿਗਿਆਨੀ ਨਾਲ ਜੁੜ ਸਕਦੇ ਹਨ। ਉਹਨਾਂ ਦੱਸਿਆ ਕਿ ਟੈਲੀ ਮਾਨਸ ਲੋੜ ਪੈਣ 'ਤੇ ਵਿਅਕਤੀਗਤ ਤੌਰ 'ਤੇ ਸੇਵਾਵਾਂ ਵੀ ਪ੍ਰਦਾਨ ਕਰਦਾ ਹੈ। ਇਸ ਵਿੱਚ ਵੀਡੀਓ ਕਾਲ ਰਾਹੀ ਦਵਾਈ ਬਾਰੇ ਜਾਣਕਾਰੀ ਲਈ ਜਾ ਸਕਦੀ ਹੈ।

# ਨੈਸ਼ਨਲ ਲਾਈਵਸਟਾਕ ਮਿਸ਼ਨ ਸਕੀਮ ਅਧੀਨ ਅਨੁਸੂਚਿਤ ਜਾਤੀ ਦੇ ਪੇਂਡੂ ਬੇਰੋਜ਼ਗਾਰ ਨੌਜਵਾਨਾਂ ਲਈ ਡੇਅਰੀ ਫਾਰਮਿੰਗ ਲਈ ਸਪੈਸ਼ਲ ਸਿਖਲਾਈ ਕੋਰਸ ਸ਼ੁਰੂ ਮਿਤੀ 02-03-2026 ਤੋਂ 13-03-2026 ਤੱਕ

**ਪਠਾਨਕੋਟ, 26 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਜਿਲ੍ਹਾ ਪਠਾਨਕੋਟ ਨਾਲ ਸਬੰਧਤ ਅਨੁਸੂਚਿਤ ਜਾਤੀ ਦੇ ਪੇਂਡੂ ਬੇਰੋਜ਼ਗਾਰ ਨੌਜਵਾਨ ਲੜਕੇ/ਲੜਕੀਆਂ ਲਈ ਨੈਸ਼ਨਲ ਲਾਈਵਸਟਾਕ ਮਿਸ਼ਨ ਸਕੀਮ ਅਧੀਨ ਡੇਅਰੀ ਸਿਖਲਾਈ ਕੋਰਸ ਮਿਤੀ 02-03-2026 ਤੋਂ 13-03-2026 ਤੱਕ, ਦਫ਼ਤਰ ਜਿਲ੍ਹਾ ਰੋਜ਼ਗਾਰ, ਜਿਲ੍ਹਾ ਪ੍ਰਬੰਧਕੀ ਕੰਪਲੈਕਸ, ਮਲਿਕਪੁਰ, ਜਿਲ੍ਹਾ ਪਠਾਨਕੋਟ ਵਿਖੇ ਚਲਾਇਆ ਜਾ ਰਿਹਾ ਹੈ । ਇਸ ਸਬੰਧੀ ਜਾਣਕਾਰੀ ਦਿੰਦਿਆ ਸ਼੍ਰੀ ਕਸ਼ਮੀਰ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਪਠਾਨਕੋਟ ਨੇ ਦੱਸਿਆ ਕਿ ਖੇਤੀ ਵਿੱਚ ਵਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵੱਜੋਂ ਅਪਨਾਉਣ ਲਈ 2 ਹਫ਼ਤੇ ਦੀ ਡੇਅਰੀ ਸਿਖਲਾਈ ਕਰਵਾਈ ਜਾਣੀ ਹੈ । ਇਸ ਸਿਖਲਾਈ ਕੋਰਸ ਵਿੱਚ ਜਿਲ੍ਹਾ ਪਠਾਨਕੋਟ ਦੇ ਅਨੁਸੂਚਿਤ ਜਾਤੀ ਨਾਲ ਸਬੰਧਤ ਪੇਂਡੂ ਬੇਰੋਜ਼ਗਾਰ ਨੌਜਵਾਨ ਲੜਕੇ / ਲੜਕੀਆਂ ਜੋ ਘੱਟੋ-ਘੱਟ 5ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ । ਸਿਖਲਾਈ ਦੀ ਫੀਸ ਅਨੁਸੂਚਿਤ ਜਾਤੀ ਲਈ 750/- ਰੁਪਏ ਹੈ, ਜੋ ਕਿ ਮਿਤੀ 02/03/2026 ਨੂੰ ਮੌਕੇ ਤੇ ਹੀ ਜਮ੍ਹਾ ਕਰਵਾਈ ਜਾਵੇਗੀ ਅਤੇ 2 ਹਫ਼ਤੇ ਦੀ ਸਫ਼ਲਤਾ ਪੂਰਵਕ ਸਿਖਲਾਈ ਲੈਣ ਉਪਰੰਤ ਸਿਖਿਆਰਥੀਆਂ ਨੂੰ ਫੀਸ ਵਾਪਸ ਕਰ ਦਿੱਤੀ ਜਾਵੇਗੀ । ਡੇਅਰੀ ਸਿਖਲਾਈ ਲੈਣ ਉਪਰੰਤ ਵਿਭਾਗ ਵੱਲੋ ਇੱਕ ਸਰਟੀਫਿਕੇਟ ਵੀ ਦਿੱਤਾ ਜਾਵੇਗਾ, ਜਿਸ ਅਨੁਸਾਰ ਵੱਖ - ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2,5,10,20 ਦੁਧਾਰੂ ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਿਤ ਕਰਕੇ 33% ਸਬਸਿਡੀ ਡੇਅਰੀ ਵਿਕਾਸ ਵਿਭਾਗ, ਪੰਜਾਬ ਤੋਂ ਪ੍ਰਾਪਤ ਕਰ ਸਕਣਗੇ । ਇਸ ਸਬੰਧੀ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਪਠਾਨਕੋਟ ਵਿਖੇ ਟ੍ਰੇਨਿੰਗ ਲੈਣ ਦੇ ਚਾਹਵਾਨ ਲੜਕੇ/ਲੜਕੀਆਂ ਆਪਣੇ ਅਸਲ ਯੋਗਤਾ ਸਰਟੀਫਿਕੇਟ, ਪਾਸਪੋਰਟ ਸਾਈਜ਼ ਫੋਟੋ, ਆਧਾਰ ਕਾਰਡ, ਪੈਨ ਕਾਰਡ, ਐਸ.ਸੀ. ਸਰਟੀਫਿਕੇਟ, ਬੈਂਕ ਖਾਤੇ ਦੀ ਕਾਪੀ ਦੀ ਫੋਟੋ ਕਾਪੀ ਲੈ ਕੇ ਜਿਲ੍ਹਾ ਪ੍ਰਬੰਧਕੀ ਕੰਪਲੈਕਸ, ਮਲਿਕਪੁਰ, ਦੂਜੀ ਮੰਜਿਲ, ਕਮਰਾ ਨੰ: 345-ਏ ਵਿਖੇ ਅਪਲਾਈ ਕਰ ਸਕਦੇ ਹਨ। ਵਧੇਰੇ ਜਾਣਕਾਰੀ ਲਈ (ਫੋਨ ਨੰ: 0186-2345454 ਜਾਂ ਮੋਬਾਇਲ ਨੰ: 98785-28364, 8284968878 ਤੇ ਸੰਪਰਕ ਕਰ ਸਕਦਾ ਹੈ।